ਬੁੱਧਵਾਰ, 24 ਮਈ, 2023
10 ਜੇਠ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 71
ਅੰਕ/NO. : 353

ਨਵਾਂ ਜ਼ਮਾਨਾ

DAILY NAWAN ZAMANA • WEDNESDAY, 24 MAY, 2023
ਜਲੰਧਰ
nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

ਕੇਂਦਰ ਦੇ ਆਰਡੀਨੈਂਸ ਖਿਲਾਫ਼ ਲਾਮਬੰਦੀ

ਮਮਤਾ ਦਾ ਕੇਜਰੀਵਾਲ ਤੇ ਮਾਨ ਨੂੰ ਡਟਵੀਂ ਹਮਾਇਤ ਦਾ ਵਾਅਦਾ

ਕੋਲਕਾਤਾ : ਦਿੱਲੀ 'ਚ ਸੇਵਾਵਾਂ 'ਤੇ ਕੰਟਰੋਲ ਕਰਨ ਲਈ ਕੇਂਦਰ ਸਰਕਾਰ ਵੱਲੋਂ ਜਾਰੀ ਆਰਡੀਨੈਂਸ ਖਿਲਾਫ ਲੜਾਈ ਲਈ ਹਮਾਇਤ ਜੁਟਾਉਣ ਦੇ ਸੰਬੰਧ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਨਾਲ ਲੈ ਕੇ ਮੰਗਲਵਾਰ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੂੰ ਮਿਲੇ। ਉਨ੍ਹਾ ਦੇ ਨਾਲ 'ਆਪ' ਆਗੂ ਰਾਘਵ ਚੱਢਾ, ਸੰਜੇ ਸਿੰਘ ਤੇ ਆਤਿਸ਼ੀ ਸਿੰਘ ਵੀ ਸਨ।

ਮਮਤਾ ਨੇ ਕੇਜਰੀਵਾਲ ਦੀ ਹਮਾਇਤ ਦਾ ਐਲਾਨ ਕਰਦਿਆਂ ਕਿਹਾ—ਕੇਂਦਰ ਸਰਕਾਰ ਸੰਸਦ ਦੇ ਮਾਨਸੂਨ ਸੈਸ਼ਨ ਵਿਚ ਆਰਡੀਨੈਂਸ ਨੂੰ ਕਾਨੂੰਨ ਬਣਾਉਣ ਲਈ ਬਿੱਲ ਲਿਆਏਗੀ ਤਾਂ ਉਨ੍ਹਾ ਦੀ ਪਾਰਟੀ ਵਿਰੋਧ ਕਰੇਗੀ। ਉਨ੍ਹਾ ਹੋਰਨਾਂ ਪਾਰਟੀਆਂ ਨੂੰ ਵੀ ਵਿਰੋਧ ਕਰਨ ਦੀ ਅਪੀਲ ਕੀਤੀ। ਉਨ੍ਹਾ ਕੇਂਦਰ ਸਰਕਾਰ ਨੂੰ ਲੈ ਕੇ ਕਿਹਾ—ਉਹ ਕੀ ਸੋਚਦੇ ਹਨ? ਕੀ ਅਸੀਂ ਉਨ੍ਹਾਂ ਦੇ ਬੰਧੂਆ ਮਜ਼ਦੂਰ ਹਾਂ? ਕੀ ਅਸੀਂ ਉਨ੍ਹਾਂ ਦੇ ਨੌਕਰ ਹਾਂ? ਸਾਨੂੰ ਚਿੰਤਾ ਹੈ ਕਿ ਉਹ ਸੰਵਿਧਾਨ ਬਦਲ ਸਕਦੇ ਹਨ ਤੇ ਦੇਸ਼ ਦਾ ਨਾਂਅ ਪਾਰਟੀ ਦੇ ਨਾਂਅ 'ਤੇ ਰੱਖ ਸਕਦੇ ਹਨ। ਉਹ ਸੰਵਿਧਾਨ ਨੂੰ ਤਬਾਹ ਕਰਨਾ ਚਾਹੁੰਦੇ ਹਨ। ਸਿਰਫ ਸੁਪਰੀਮ ਕੋਰਟ ਹੀ ਦੇਸ਼ ਨੂੰ ਬਚਾ ਸਕਦੀ ਹੈ। ਕਾਂਗਰਸ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਨੇ ਵੀ ਸੋਮਵਾਰ ਕਿਹਾ ਸੀ ਕਿ ਇਸ ਮਾਮਲੇ ਵਿਚ ਉਹ 'ਆਪ' ਤੇ ਕੇਜਰੀਵਾਲ ਦੇ ਨਾਲ ਹਨ। ਕੇਜਰੀਵਾਲ 24 ਤੇ 25 ਮਈ ਨੂੰ ਮੁੰਬਈ ਵਿਚ ਸ਼ਰਦ ਪਵਾਰ ਤੇ ਉਧਵ ਠਾਕਰੇ ਨੂੰ ਮਿਲਣਗੇ।

ਪਿਛਲੇ ਦਿਨੀਂ ਸੁਪਰੀਮ ਕੋਰਟ ਨੇ ਕਿਹਾ ਸੀ ਕਿ ਸੇਵਾਵਾਂ ਕੰਟਰੋਲ ਦਿੱਲੀ ਸਰਕਾਰ ਦਾ ਹੋਵੇਗਾ, ਪਰ ਕੇਂਦਰ ਸਰਕਾਰ ਨੇ ਆਰਡੀਨੈਂਸ ਜਾਰੀ ਕਰਕੇ ਨੈਸ਼ਨਲ ਕੈਪੀਟਲ ਸਿਵਲ ਸਰਵਿਸ ਅਥਾਰਟੀ ਬਣਾ ਦਿੱਤੀ, ਜਿਸ ਨਾਲ ਕੇਂਦਰ ਦਾ ਇਕ ਤਰ੍ਹਾਂ ਨਾਲ ਅਫਸਰਾਂ ਦੀਆਂ ਬਦਲੀਆਂ ਤੇ ਨਿਯੁਕਤੀਆਂ 'ਤੇ ਫਿਰ ਕੰਟਰੋਲ ਹੋ ਜਾਵੇਗਾ। 'ਆਪ' ਇਸ ਲੜਾਈ ਵਿਚ ਸਾਰੀਆਂ ਆਪੋਜ਼ੀਸ਼ਨ ਪਾਰਟੀਆਂ ਦੀ ਹਮਾਇਤ ਮੰਗ ਚੁੱਕੀ ਹੈ। ਉਸ ਦੇ ਆਗੂ ਸਾਰੀਆਂ ਆਪੋਜ਼ੀਸ਼ਨ ਪਾਰਟੀਆਂ ਦੇ ਆਗੂਆਂ ਨੂੰ ਮਿਲਣਗੇ।

ਬੇਅਦਬੀ ਕਾਂਡ ਦਾ ਭਗੌੜਾ ਸੰਦੀਪ ਬਰੇਟਾ ਫੜਿਆ ਗਿਆ

ਫਰੀਦਕੋਟ : ਗੁਰੂ ਗ੍ਰੰਥ ਸਾਹਿਬ ਦਾ ਸਰੂਪ ਚੋਰੀ ਕਰਨ, ਅੰਗ ਗਲੀਆਂ 'ਚ ਖਿਲਾਰਨ ਅਤੇ ਇਤਰਾਜ਼ਯੋਗ ਪੋਸਟਰ ਲਾਉਣ ਦੇ ਮਾਮਲੇ 'ਚ ਭਗੌੜੇ ਐਲਾਨੇ ਡੇਰਾ ਸੱਚਾ ਸੌਦਾ ਦੀ ਕੌਮੀ ਕਮੇਟੀ ਦੇ ਮੈਂਬਰ ਸੰਦੀਪ ਬਰੇਟਾ ਨੂੰ ਬੇਂਗਲੁਰੂ ਹਵਾਈ ਅੱਡੇ ਤੋਂ ਪੁਲਸ ਨੇ ਹਿਰਾਸਤ ਵਿਚ ਲੈ ਲਿਆ ਹੈ। ਸੰਦੀਪ ਬਰੇਟਾ ਬੇਅਦਬੀ ਦੇ ਪੰਜ ਮਾਮਲਿਆਂ 'ਚ ਭਗੌੜਾ ਐਲਾਨਿਆ ਹੋਇਆ ਹੈ ਅਤੇ ਪੰਜਾਬ ਪੁਲਸ ਨੇ ਉਸ ਵਿਰੁੱਧ ਲੁੱਕਆਊਟ ਨੋਟਿਸ ਜਾਰੀ ਕੀਤਾ ਹੋਇਆ ਸੀ। ਪੰਜਾਬ ਪੁਲਸ ਦੀ ਟੀਮ ਬਰੇਟਾ ਨੂੰ ਗ੍ਰਿਫਤਾਰ ਕਰਨ ਲਈ ਬੇਂਗਲੁਰੂ ਰਵਾਨਾ ਹੋ ਗਈ ਹੈ।

ਕੁੜੀ ਤੇ ਮੁੰਡੇ ਦਾ ਕਤਲ

ਮਹਿਲ ਕਲਾਂ : ਪਿੰਡ ਠੀਕਰੀਵਾਲਾ 'ਚ ਸੋਮਵਾਰ ਰਾਤ ਕੁੜੀ ਅਤੇ ਉਸ ਨੂੰ ਮਿਲਣ ਆਏ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ। ਡੀ ਐੱਸ ਪੀ ਬਰਨਾਲਾ ਸਤਵੀਰ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ 'ਚ ਇਹ ਅਣਖ ਲਈ ਕਤਲ ਦਾ ਮਾਮਲਾ ਲੱਗਦਾ ਹੈ। ਮਨਪ੍ਰੀਤ ਕੌਰ (25) ਅਤੇ ਗੁਰਦੀਪ ਸਿੰਘ (30) ਦੇ ਲੰਮੇ ਸਮੇਂ ਤੋਂ ਸੰਬੰਧ ਸਨ।

ਕੁੜੀ ਦੇ ਪਿਤਾ ਭੋਲਾ ਸਿੰਘ ਨੇ ਗੁਰਦੀਪ ਸਿੰਘ ਨੂੰ ਆਪਣੇ ਘਰ ਵੇਖਿਆ ਤਾਂ ਉਨ੍ਹਾਂ ਉਸ ਦਾ ਕਥਿਤ ਤੌਰ 'ਤੇ ਕਤਲ ਕਰ ਦਿੱਤਾ। ਉਸ ਤੋਂ ਬਾਅਦ ਮਨਪ੍ਰੀਤ ਕੌਰ ਨੂੰ ਕਥਿਤ ਤੌਰ 'ਤੇ ਗਲਾ ਘੁੱਟ ਕੇ ਮਾਰ ਦਿੱਤਾ। ਪੁਲਸ ਨੇ ਗੁਰਦੀਪ ਸਿੰਘ ਦੇ ਭਰਾ ਦੇ ਬਿਆਨ 'ਤੇ ਭੋਲਾ ਸਿੰਘ ਅਤੇ ਉਸ ਦੇ ਪੁੱਤਰ ਸੁਖਬੀਰ ਸਿੰਘ ਖਿਲਾਫ ਧਾਰਾ 302 ਅਤੇ 34 ਆਈ ਪੀ ਸੀ ਦਾ ਮਾਮਲਾ ਦਰਜ ਕੀਤਾ ਹੈ।

ਪਾਕਿਸਤਾਨੀ ਡਰੋਨ ਫੁੰਡਿਆ

ਜਲੰਧਰ : ਬੀ ਐੱਸ ਐੱਫ ਜਵਾਨਾਂ ਨੇ ਸੋਮਵਾਰ ਰਾਤ 9 ਵਜੇ ਦੇ ਕਰੀਬ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਭੈਣੀ ਰਾਜਪੂਤਾਂ ਕੋਲ ਪਾਕਿਸਤਾਨੀ ਡਰੋਨ ਨੂੰ ਡੋਗ ਲਿਆ। ਉਸ ਵਿੱਚੋਂ 2.1 ਕਿਲੋ ਹੈਰੋਇਨ ਵਰਗਾ ਨਸ਼ੀਲਾ ਪਦਾਰਥ ਮਿਲਿਆ। ਡਰੋਨ ਨਾਲ ਛੋਟੀ ਬਲਦੀ ਟਾਰਚ ਵੀ ਬਰਾਮਦ ਕੀਤੀ ਗਈ ਹੈ।

ਭਾਜਪਾ ਨੂੰ ਹਰਾਉਣ ਲਈ ਸਾਰੀਆਂ ਪਾਰਟੀਆਂ ਇੱਕ ਮੰਚ 'ਤੇ ਇਕੱਠੀਆਂ ਹੋਣ : ਅਰਸ਼ੀ

ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ ਬਰਸੀ ਮਨਾਈ

ਬਹਿਰਾਮ (ਅਵਤਾਰ ਕਲੇਰ)

ਭਾਰਤੀ ਕਮਿਊਨਿਸਟ ਪਾਰਟੀ ਦੇ ਮਹਾਨ ਸ਼ਹੀਦ, ਪੰਜਾਬ ਖੇਤ ਮਜ਼ਦੂਰ ਸਭਾ ਦੇ ਸਾਬਕਾ ਮੀਤ ਸਕੱਤਰ, ਸੀ ਪੀ ਆਈ ਦੇ ਸਾਬਕਾ ਸੂਬਾ ਕੌਂਸਲ ਮੈਂਬਰ ਅਤੇ ਆਲ ਇੰਡੀਆ ਖੇਤ ਮਜ਼ਦੂਰ ਸਭਾ ਕੌਂਸਲ ਦੇ ਸਾਬਕਾ ਮੈਂਬਰ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ 35ਵੀਂ ਸਾਲਾਨਾ ਬਰਸੀ ਪਿੰਡ ਮੇਹਲੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਮਨਾਈ ਗਈ। ਸ਼ਹੀਦੀ ਸਮਾਗਮ ਦੀ ਪ੍ਰਧਾਨਗੀ ਸੁਰਿੰਦਰ ਪਾਲ ਸਰਪੰਚ, ਅਮਰਜੀਤ ਮੇਹਲੀ ਤੇ ਮੁਕੰਦ ਲਾਲ ਨਵਾਂ ਸ਼ਹਿਰ ਨੇ ਕੀਤੀ। ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਦੇ ਮੈਂਬਰ ਹਰਦੇਵ ਸਿੰਘ ਅਰਸ਼ੀ ਸਾਬਕਾ ਵਿਧਾਇਕ, ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਪੰਜਾਬ ਤੇ ਸਵਰਨ ਸਿੰਘ ਅਕਲਪੁਰੀ ਨੇ ਸੰਬੋਧਨ ਕੀਤਾ। ਸ੍ਰੀ ਅਰਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਾਮਰੇਡ ਮਲਕੀਤ ਚੰਦ ਮੇਹਲੀ ਮਜ਼ਦੂਰਾਂ, ਕਿਸਾਨਾਂ ਅਤੇ ਗਰੀਬ ਲੋਕਾਂ ਦੇ ਆਗੂ ਸਨ। ਉਹਨਾ ਆਪਣੀ ਸਾਰੀ ਜ਼ਿੰਦਗੀ ਗਰੀਬ ਲੋਕਾਂ ਦੇ ਲੇਖੇ ਲਾਈ ਅਤੇ ਆਪਣੀ ਕੁਰਬਾਨੀ ਦਿੱਤੀ। ਉਹਨਾ ਕਿਹਾ ਕਿ ਸਾਥੀ ਮੇਹਲੀ ਪਾਰਟੀ ਦੀ ਮਜ਼ਬੂਤੀ ਲਈ ਸਾਰੇ ਇਲਾਕੇ ਵਿੱਚ ਜਲਸੇ, ਡਰਾਮੇ ਕਰਾਉਣੇ, ਫੰਡ ਇਕੱਠਾ ਕਰਨਾ , ਪਾਰਟੀ ਸਕੂਲ ਲਾਉਣੇ ਆਦਿ ਸਾਰਾ ਇੰਤਜ਼ਾਮ ਕਰਦੇ। ਉਹਨਾ ਕਿਹਾ ਕਿ ਅੱਤਵਾਦ ਦੇ ਕਾਲੇ ਦੌਰ ਵਿੱਚ ਲਾਲ ਝੰਡੇ ਦੇ ਸੈਂਕੜੇ ਵਰਕਰ ਅਤੇ ਆਗੂਆਂ ਨੇ ਕੁਰਬਾਨੀਆਂ ਦਿੱਤੀਆਂ, ਅੱਜ ਕਾਮਰੇਡਾਂ ਦੀਆਂ ਬਰਸੀਆਂ ਮਨਾਈਆਂ ਜਾਂਦੀਆਂ ਹਨ । ਲੋਕ ਆਪਣੇ ਆਗੂਆਂ ਦੇ ਕੀਤੇ ਹੋਏ ਕੰਮਾਂ ਨੂੰ ਯਾਦ ਕਰਦੇ ਹਨ, ਉਹ ਅੱਜ ਵੀ ਸਾਡੇ ਲਈ ਜਿਉਂਦੇ ਹਨ, ਕਿਉਂਕਿ ਉਨ੍ਹਾਂ ਦੇ ਅਧੂਰੇ ਕਾਰਜ ਪੂਰੇ ਕਰਨ ਲਈ ਉਹਨਾਂ ਦੀ ਪਾਰਟੀ ਅਤੇ ਸਾਥੀਆਂ ਦੀਆਂ ਕੋਸ਼ਿਸ਼ਾਂ ਜਾਰੀ ਹਨ, ਪਰ ਉਹਨਾਂ ਕਾਤਲਾਂ ਨੂੰ ਲੋਕ ਲਾਹਨਤਾਂ ਪਾਉਂਦੇ ਹਨ। ਉਹਨਾ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਧਰਮ ਦੇ ਨਾਂਅ ਤੇ ਲੋਕਾਂ ਵਿੱਚ ਫਿਰਕੂਵਾਦ ਫੈਲਾਉਣਾ ਚਾਹੁੰਦੀ ਹੈ। ਆਰ ਐੱਸ ਐੱਸ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਪੈਦਾ ਕਰਨਾ ਚਾਹੁੰਦਾ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾ ਕਿਹਾ ਕਿ ਕਰਨਾਟਕ ਚੋਣਾਂ ਦੌਰਾਨ ਭਾਜਪਾ ਅਤੇ ਆਰ ਐੱਸ ਐੱਸ ਵਾਲੇ ਵੋਟਾਂ ਵੇਲੇ ਕਹਿ ਰਹੇ ਸਨ ਕਿ ਵੋਟ ਪਾਉਣ ਵੇਲੇ ਬਜਰੰਗ ਬਲੀ ਦਾ ਨਾਹਰਾ ਲਾ ਕੇ ਵੋਟ ਪਾਇਓ। ਚੋਣ ਕਮਿਸ਼ਨ ਇਸ ਮਾਮਲੇ 'ਤੇ ਆਪਣੀ ਜ਼ਿੰਮੇਵਾਰੀ ਨਹੀਂ ਨਿਭਾ ਸਕਿਆ। ਕਰਨਾਟਕ ਵਿੱਚ ਭਾਜਪਾ ਦੀ ਹਾਰ ਹੋਈ ਹੈ, ਇਹ ਇੱਕ ਸ਼ੁਭ ਸੰਕੇਤ ਹੀ ਹੈ। ਕਰਨਾਟਕ ਦੇ ਲੋਕ ਇਸ ਲਈ ਵਧਾਈ ਦੇ ਪਾਤਰ ਹਨ।

ਉਹਨਾ ਕਿਹਾ ਕਿ ਭਾਜਪਾ ਨੂੰ ਹਰਾਉਣ ਲਈ ਸਾਰੀਆਂ ਪਾਰਟੀਆਂ ਨੂੰ ਇੱਕ ਪਲੇਟਫਾਰਮ 'ਤੇ ਇਕੱਠੇ ਹੋਣਾ ਚਾਹੀਦਾ ਹੈ। ਜੇ 2024 'ਚ ਕੇਂਦਰ ਵਿੱਚ ਭਾਜਪਾ ਸਰਕਾਰ ਆਉਂਦੀ ਹੈ ਤਾਂ ਹੋ ਸਕਦਾ ਇਹ ਭਾਰਤ ਵਿੱਚ ਆਖਰੀ ਚੋਣਾਂ ਹੋਣ । ਸੰਵਿਧਾਨ ● ਬਾਕੀ ਸਫ਼ਾ 2 'ਤੇ

ਮੂਰਥਲ ਤੋਂ ਅੰਬਾਲਾ ਬਾਈ ਟਰੱਕ

ਚੰਡੀਗੜ੍ਹ : ਰਾਹੁਲ ਗਾਂਧੀ ਨੇ ਸੋਮਵਾਰ ਰਾਤ ਮੂਰਥਲ ਤੋਂ ਅੰਬਾਲਾ ਤੱਕ ਟਰੱਕ ਦੀ ਸਵਾਰੀ ਕਰਕੇ ਡਰਾਈਵਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਉਹ ਰਾਤ ਕਰੀਬ 11 ਵਜੇ ਹਰਿਆਣਾ ਦੇ ਮੂਰਥਲ ਪਹੁੰਚੇ। ਉਥੋਂ ਉਹ ਟਰੱਕ 'ਤੇ ਚੜ੍ਹ ਕੇ ਅੰਬਾਲਾ ਪਹੁੰਚੇ। ਉਹ ਮਾਤਾ ਸੋਨੀਆ ਗਾਂਧੀ ਕੋਲ ਸ਼ਿਮਲਾ ਜਾ ਰਹੇ ਸਨ। ਕਾਂਗਰਸੀ ਕਾਰਕੁੰਨਾਂ ਨੇ ਦੱਸਿਆ ਕਿ ਰਾਹੁਲ ਟਰੱਕ 'ਚੋਂ ਮੰਗਲਵਾਰ ਸਵੇਰੇ ਸਾਢੇ ਪੰਜ ਵਜੇ ਅੰਬਾਲਾ ਸਿਟੀ ਦੇ ਸ੍ਰੀ ਮੰਜੀ ਸਾਹਿਬ ਗੁਰਦੁਆਰੇ ਕੋਲ ਰੁਕਵਾਇਆ। ਗੁਰਦੁਆਰੇ ਵਿਚ ਮੱਥਾ ਟੇਕਿਆ ਤੇ ਪ੍ਰਸਾਦ ਲਿਆ। ਰਾਹੁਲ ਦੇ ਸਫਰ ਦਾ ਵੀਡੀਓ ਕਾਂਗਰਸ ਆਗੂ ਸੁਪ੍ਰਿਆ ਸ੍ਰੀਨੇਤ ਨੇ ਸ਼ੇਅਰ ਕੀਤਾ। ਕਾਂਗਰਸ ਪਾਰਟੀ ਨੇ ਮੀਡੀਆ ਰਿਪੋਰਟਾਂ ਦੇ ਹਵਾਲੇ ਨਾਲ ਦੱਸਿਆ ਹੈ ਕਿ ਦੇਸ਼ ਵਿਚ ਲੱਗਭੱਗ 90 ਲੱਖ ਟਰੱਕ ਡਰਾਈਵਰ ਹਨ। ਇਨ੍ਹਾਂ ਸਭ ਦੀਆਂ ਆਪਣੀਆਂ ਸਮੱਸਿਆਵਾਂ ਹਨ। ਰਾਹੁਲ ● ਬਾਕੀ ਸਫ਼ਾ 2 'ਤੇ

ਮਾਨ ਨੇ 98 ਐਮਰਜੈਂਸੀ ਰਿਸਪਾਂਸ ਵਹੀਕਲਜ਼ ਨੂੰ ਦਿਖਾਈ ਹਰੀ ਝੰਡੀ

ਚੰਡੀਗੜ੍ਹ (ਗੁਰਜੀਤ ਬਿੱਲਾ)

ਅਪਰਾਧ ਨਾਲ ਨਜਿੱਠਣ ਲਈ ਪੰਜਾਬ ਪੁਲਸ ਨੂੰ ਵਧੇਰੇ ਪ੍ਰਭਾਵੀ, ਤੁਰੰਤ ਅਤੇ ਜਵਾਬਦੇਹ ਬਣਾਉਣ ਦੇ ਮੰਤਵ ਨਾਲ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ 98 ਐਮਰਜੈਂਸੀ ਰਿਸਪਾਂਸ ਵਹੀਕਲਜ਼ (ਈ ਆਰ ਵੀਜ਼) ਦੇ ਫਲੀਟ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ, ਤਾਂ ਜੋ ਮੁਸ਼ਕਲਾਂ ਵਿੱਚ ਫਸੇ ਵਿਅਕਤੀਆਂ ਨੂੰ ਲੋੜੀਂਦੀਆਂ ਐਮਰਜੈਂਸੀ ਸੇਵਾਵਾਂ ਐਮਰਜੈਂਸੀ ਰਿਸਪਾਂਸ ਸਪੋਰਟ ਸਿਸਟਮ ਜਾਂ ਡਾਇਲ 112 ਉਤੇ ਕਾਲ ਪ੍ਰਾਪਤ ਕਰਨ ਤੋਂ ਬਾਅਦ ਸਮਾਂਬੱਧ ਢੰਗ ਨਾਲ ਮੁਹੱਈਆ ਕੀਤੀਆਂ ਜਾ ਸਕਣ।

ਉਹਨਾ ਕਿਹਾ ਕਿ ਮੋਬਾਈਲ ਡੇਟਾ ਟਰਮੀਨਲਜ਼ (ਐੱਮ ਡੀ ਟੀ) ਅਤੇ ਗਲੋਬਲ ਪੁਜ਼ੀਸ਼ਨਿੰਗ ਸਿਸਟਮ (ਜੀ ਪੀ ਐੱਸ) ਨਾਲ ਲੈਸ ਇਹ ਈ ਆਰ ਵੀਜ਼ ਕਿਸੇ ਵੀ ਅਪਰਾਧਿਕ ਘਟਨਾ ਮੌਕੇ ਤੁਰੰਤ ਮੌਕੇ 'ਤੇ ਪਹੁੰਚਣਗੇ ਅਤੇ ਇਹ ਸੂਬੇ ਦੇ ਸਾਰੇ 28 ਪੁਲਸ ਜ਼ਿਲ੍ਹਿਆਂ ਦੇ ਥਾਣਿਆਂ ਅਧੀਨ ਤਾਇਨਾਤ ਕੀਤੇ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਪੀੜਤ ਵਿਅਕਤੀਆਂ ਦੀਆਂ ਸ਼ਿਕਾਇਤਾਂ ਨੂੰ ਹੱਥੀਂ ਨੋਟ ਕਰਨ ਅਤੇ ਫਿਰ 20-25 ਮਿੰਟ ਦੇ ਸਮੇਂ ਵਿੱਚ ਇਸ 'ਤੇ ਕਾਰਵਾਈ ਕਰਨ ਦੀ ਪੁਰਾਣੀ ਪ੍ਰਣਾਲੀ ਦੇ ਉਲਟ ਇਹ ਈ ਆਰ ਵੀਜ਼ ਮੌਕੇ 'ਤੇ ਕਾਰਵਾਈ ਕਰਕੇ ਸ਼ਿਕਾਇਤਕਰਤਾ ਦੀ ਤੁਰੰਤ ਮਦਦ ਕਰਨਗੇ। ਉਨ੍ਹਾ ਕਿਹਾ ਕਿ ਈ ਆਰ ਵੀਜ਼ ਨੂੰ ਪਬਲਿਕ ਸੇਫਟੀ ਆਂਸਰਿੰਗ ਪੁਆਇੰਟ (ਪੀ ਐੱਸ ਏ ਪੀ) ਡਾਇਲ 112 ਦੇ ਕੇਂਦਰੀਕ੍ਰਿਤ ਕਾਲ ਰਿਸੀਵਿੰਗ ਸੈਂਟਰ ਅਤੇ ਐੱਮ ਡੀ ਟੀਜ਼ ਦੀ ਮਦਦ ਨਾਲ ਜ਼ਿਲ੍ਹਾ ਕੋਆਰਡੀਨੇਸ਼ਨ ਸੈਂਟਰ (ਡੀ ਸੀ ਸੀ) ਨਾਲ ਜੋੜਿਆ ਜਾਵੇਗਾ। ਇਸ ਤੋਂ ਇਲਾਵਾ ਮਾਨ ਨੇ ਕਿਹਾ ਕਿ ਇਨ੍ਹਾਂ ਐਮਰਜੈਂਸੀ ਰਿਸਪਾਂਸ ਵਾਹਨਾਂ ਦੀ ਲਾਈਵ ਲੋਕੇਸ਼ਨ ਡਾਇਲ 112 ਕੰਟਰੋਲ ਰੂਮ (ਪੀ ਐੱਸ ਏ ਪੀ) ਅਤੇ ਜ਼ਿਲ੍ਹਾ ਕੋਆਰਡੀਨੇਟਰ ਸੈਂਟਰ ਵਿਖੇ ਮੋਬਾਇਲ ਡੇਟਾ ਟਰਮੀਨਲ ਡਿਵਾਈਸਾਂ ਦੀ ਮਦਦ ਨਾਲ ਉਪਲੱਬਧ ਹੋਵੇਗੀ, ਜਿਸ ਨਾਲ ਲੋਕਾਂ ਦੀ ਸਮਾਂਬੱਧ ਢੰਗ ਨਾਲ ਮਦਦ ਯਕੀਨੀ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਕੋਲ ਬਾਕੀ ਸੂਬਿਆਂ ਨਾਲ ਵੰਡਣ ਲਈ ਵਾਧੂ ਪਾਣੀ ਦੀ ਇਕ ਵੀ ਬੂੰਦ ਨਹੀਂ। ਉਨ੍ਹਾ ਕਿਹਾ ਕਿ ਪੰਜਾਬ ਪਹਿਲਾਂ ਹੀ ਸੂਬੇ ਵਿੱਚ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਨੂੰ ਯਕੀਨੀ ਬਣਾਉਣ ਲਈ ਸਖਤ ਉਪਰਾਲੇ ਕਰ ਰਿਹਾ ਹੈ ਅਤੇ ਸਮੁੱਚੇ ਮਾਲਵਾ ਖੇਤਰ ਦੀ ਪਾਣੀ ਦੀ ਲੋੜ ਨੂੰ ਪੂਰਾ ਕਰਨ ਵਾਲੀ ਸਰਹਿੰਦ ਫੀਡਰ ਵਿੱਚ ਸਿਰਫ 5200 ਕਿਊਸਿਕ ਪਾਣੀ ਦੀ ਸਮਰੱਥਾ ਹੈ, ਜਦੋਂ ਕਿ ਇੰਦਰਾ ਗਾਂਧੀ ਨਹਿਰ ਦੀ ਸਮਰੱਥਾ 18,000 ਕਿਊਸਿਕ ਪਾਣੀ ਦੀ ਹੈ। ਉਹਨਾ ਕਿਹਾ ਕਿ ਜੇ ਰਾਜਸਥਾਨ ਨੂੰ ਪਾਣੀ ਦੀ ਲੋੜ ਹੈ ਤਾਂ ਉਹ ਆਪਣਾ ਤੈਅ ਹਿੱਸਾ ਹੀ ਲੈ ਸਕਦਾ ਹੈ, ਕਿਉਂਕਿ ਪੰਜਾਬ ਨੂੰ ਪਹਿਲਾਂ ਹੀ ਆਪਣੇ ਕਿਸਾਨਾਂ ਦੀਆਂ ਲੋੜਾਂ ਪੂਰੀਆਂ ਕਰਨੀਆਂ ਔਖੀਆਂ ਲੱਗ ਰਹੀਆਂ ਹਨ। ਇਸ ਮੌਕੇ ਮੁੱਖ ਮੰਤਰੀ ਨੇ ਪੰਜਾਬ ਪੁਲਸ ਵੱਲੋਂ ਮੌਜੂਦਾ ਸਮੇਂ ਵਰਤੇ ਜਾ ਰਹੇ ਅਤਿ-ਆਧੁਨਿਕ ਹਥਿਆਰਾਂ ਦੀ ਪ੍ਰਦਰਸ਼ਨੀ ਦਾ ਵੀ ਮੁਆਇਨਾ ਕੀਤਾ। ਮੁੱਖ ਮੰਤਰੀ ਦੇ ਨਾਲ ਉਨ੍ਹਾ ਦੇ ਵਧੀਕ ਮੁੱਖ ਸਕੱਤਰ ਏ ਵੇਨੂ ਪ੍ਰਸਾਦ, ਵਧੀਕ ਮੁੱਖ ਸਕੱਤਰ ਗ੍ਰਹਿ ਅਨੁਰਾਗ ਵਰਮਾ, ਡਾਇਰੈਕਟਰ ਜਨਰਲ ਆਫ ਪੁਲਸ (ਡੀ ਜੀ ਪੀ) ਗੌਰ

24-MAY-PAGE-1.qxd 5/23/2023 10:41 PM Page 2

ਸੰਗਰੂਰ ਇੰਡਸਟਰੀ ਚੈਂਬਰ ਬਲਾਕ ਧੂਰੀ ਦੇ ਪ੍ਰਧਾਨ ਮੁਕੇਸ਼ ਸਿੰਗਲਾ ਦਾ ਸਨਮਾਨ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਅਧਿਕਾਰ ਫਾਊਂਡੇਸ਼ਨ ਧੂਰੀ ਵੱਲੋਂ ਸੰਗਰੂਰ ਇੰਡਸਟਰੀ ਚੈਂਬਰ ਬਲਾਕ ਧੂਰੀ ਦੀ ਨਵੀਂ ਟੀਮ ਬਣਨ 'ਤੇ ਉਸ ਦੇ ਪ੍ਰਧਾਨ ਮੁਕੇਸ਼ ਸਿੰਗਲਾ ਬੰਟੀ, ਜਨਰਲ ਸਕੱਤਰ ਅਮਿਤ ਗੋਇਲ, ਕੈਸ਼ੀਅਰ ਸੰਜੇ ਗੋਇਲ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਫਾਊਂਡੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਡਾ. ਸੁਮਿੱਤ ਗੁਪਤਾ ਨੇ ਕਿਹਾ ਕਿ ਮਿਹਨਤੀ ਤੇ ਸਮਝਦਾਰ ਨੌਜਵਾਨਾਂ ਨੂੰ ਇਸ ਤਰ੍ਹਾਂ ਦੀਆਂ ਜ਼ਿੰਮੇਵਾਰੀਆਂ ਮਿਲਣ ਨਾਲ ਇੰਡਸਟਰੀ ਨੂੰ ਵੱਡਾ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਮੁਕੇਸ਼ ਸਿੰਗਲਾ ਉਦਯੋਗ ਤੇ ਸਮਾਜਿਕ ਖੇਤਰ ਵਿੱਚ ਚੰਗਾ ਨਾਮ ਰੱਖਦੇ ਹਨ ਤੇ ਇਹ ਟੀਮ ਆਉਣ ਵਾਲੇ ਸਮੇਂ ਵਿੱਚ ਉਦਯੋਗਾਂ ਦੀ ਬੇਹਤਰੀ ਲਈ ਕੰਮ ਕਰੇਗੀ। ਉਨ੍ਹਾ ਕਿਹਾ ਕਿ ਮਿਹਨਤੀ ਤੇ ਮਿਲਣਸਾਰ ਨੌਜਵਾਨਾਂ ਨੇ ਧੂਰੀ ਇੰਡਸਟਰੀ ਦੀ ਵਾਂਗਡੋਰ ਸੰਭਾਲਣ ਨਾਲ ਇੰਡਸਟਰੀ ਨੂੰ ਨਵੀਂ ਊਰਜਾ ਮਿਲੇਗੀ। ਇਸ ਮੌਕੇ ਗੌਰਵ ਕਾਂਸਲ, ਗੌਰਵ ਗੁਪਤਾ, ਕੁਲਵੰਤ ਸਿੰਘ ਗਹਿਲਾਂ, ਤਰੁਣ ਕਾਂਸਲ, ਅਰੁਣ ਗੁਪਤਾ, ਵਿਸ਼ਾਲ ਗੋਇਲ, ਅਜੈ ਕੁਮਾਰ, ਸਾਰਥਿਕ ਗਰਗ ਤੇ ਸੌਰਵ ਕਾਂਸਲ ਹਾਜ਼ਰ ਸਨ।

ਬਿਜਲੀ ਕਰਮਚਾਰੀਆਂ ਵੱਲੋਂ ਭਲਕ ਦੇ ਧਰਨੇ ਦੀ ਤਿਆਰੀ ਵਜੋਂ ਗੇਟ ਰੈਲੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਬਿਜਲੀ ਕਰਮਚਾਰੀਆਂ ਨੇ ਸ਼ਹਿਰੀ ਮੰਡਲ ਫਿਰੋਜ਼ਪੁਰ ਅੱਗੇ ਆਪਣੀਆਂ ਮੰਗਾਂ ਨੂੰ ਲੈ ਕੇ ਗੇਟ ਰੈਲੀ ਕੀਤੀ। ਗੇਟ ਰੈਲੀ ਦੀ ਪ੍ਰਧਾਨਗੀ ਰਾਜੇਸ਼ ਦੱਤਾ ਨੇ ਕੀਤੀ। ਰੈਲੀ ਨੂੰ ਸੰਬੋਧਨ ਕਰਦੇ ਹੋਏ ਰਾਕੇਸ਼ ਸੈਣੀ, ਸੁਖਦੇਵ ਸਿੰਘ, ਸੁਖਚੈਨ ਸਿੰਘ, ਪ੍ਰਦੀਪ ਸ਼ਰਮਾ, ਦਿਲਬਾਗ ਸਿੰਘ, ਬਲਵੀਰ ਸਿੰਘ, ਰੋਸ਼ਨ ਲਾਲ ਨੇ ਕਿਹਾ ਕਿ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਮੁਲਾਜ਼ਮ ਦੇ ਮਸਲਿਆਂ ਨੂੰ ਟਾਲ ਮਟੋਲ ਕਰ ਰਹੀ ਹੈ ਤੇ ਵਾਰ ਵਾਰ ਮੀਟਿੰਗਾਂ ਕਰਕੇ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਨਹੀਂ ਕਰ ਰਹੀ। ਮੁਲਾਜ਼ਮ ਆਗੂਆਂ ਨੇ ਪਾਵਰਕਾਮ ਮੈਨੇਮਜਮੈਂਟ ਤੋਂ ਮੰਗ ਕੀਤੀ ਕਿ 295/19 ਸੀਆਰਏ ਅਧੀਨ ਕੰਮ ਕਰਦੇ ਸਹਾਇਕ ਲਾਇਨਮੈਨ ਕਰਮਚਾਰੀਆਂ ਜਿਨ੍ਹਾਂ ਦਾ ਪਰਖਕਾਲ ਦਾ ਸਮਾਂ ਪੂਰਨ ਹੋਣ 'ਤੇ ਉਨ੍ਹਾਂ ਕਰਮਚਾਰੀਆਂ ਨੂੰ ਫੁੱਲ ਤਨਖਾਹ ਦਿੱਤੀ ਜਾਵੇ। ਉਨ੍ਹਾਂ ਕਰਮਚਾਰੀਆਂ ਨੂੰ ਤੰਗ ਪ੍ਰੇਸ਼ਾਨ ਕਰਨਾ ਬੰਦ ਕੀਤਾ ਜਾਵੇ, ਸਕੇਲਾਂ ਦਾ ਏਰੀਅਰ ਦਿੱਤਾ ਜਾਵੇ, ਡੀ ਏ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, 9, 16, 23 ਸਕੇਤ ਦਿੱਤਾ ਜਾਵੇ, 5 ਪ੍ਰਤੀਸ਼ਤ ਬਾਰਡਰ ਅਲਾਊਂਸ ਜਾਰੀ ਕੀਤਾ ਜਾਵੇ। ਪਾਰਟ ਟਾਈਮ ਕਾਮੇ ਪੱਕੇ ਕੀਤੇ ਜਾਣ ਤੇ ਹੋਰ ਰਹਿੰਦੀਆਂ ਹੋਈਆਂ ਮੰਨੀਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ। ਜੇਕਰ ਇਹ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਤਾਂ 25 ਮਈ 2023 ਨੂੰ ਬਿਜਲੀ ਮੰਤਰੀ ਦੀ ਕੋਠੀ ਅੱਗੇ ਅੰਮ੍ਰਿਤਸਰ ਵਿਖੇ ਸਮੁੱਚੇ ਪੰਜਾਬ ਵੱਲੋਂ ਬਿਜਲੀ ਕਾਮੇ ਧਰਨਾ ਦੇਣਗੇ।

ਬਿਜਲੀ ਮੰਤਰੀ ਨੇ 66 ਕੇ ਵੀ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਿਆ

ਜਗਰਾਓਂ (ਅਮਿਤ ਖੰਨਾ, ਨਛੱਤਰ ਸੰਧੂ)-ਪੰਜਾਬ ਦੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਜਗਰਾਓਂ ਦੇ ਪਿੰਡ ਗਿੱਦੜਵਿੰਡੀ ਵਿਖੇ 66 ਕੇ ਵੀ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੰਤਰੀ ਹਰਭਜਨ ਸਿੰਘ ਨੇ ਦੱਸਿਆ ਕਿ ਜਗਰਾਓਂ ਦੇ ਵਿਧਾਇਕ ਬੀਬੀ ਸਰਬਜੀਤ ਕੌਰ ਮਾਣੂਕੇ ਵੱਲੋਂ ਉਨ੍ਹਾਂ ਨੂੰ ਬੇਟ ਏਰੀਏ ਦੇ ਲੋਕਾਂ ਦੀ ਬਿਜਲੀ ਦੀ ਮੰਗ ਨੂੰ ਲੈ ਕੇ ਕਿਹਾ ਗਿਆ ਸੀ ਅਤੇ ਅੱਜ ਉਨ੍ਹਾਂ ਨੂੰ ਇਹ ਮਾਣ ਮਹਿਸੂਸ ਹੋ ਰਿਹਾ ਹੈ ਕਿ ਉਨ੍ਹਾਂ ਵੱਲੋਂ ਪਿੰਡ ਗਿੱਦੜਵਿੰਡੀ ਵਿਖੇ ਗਰਿੰਡ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਬੋਲਦਿਆਂ ਬੀਬੀ ਸਰਬਜੀਤ ਕੌਰ ਮਾਣੂਕੇ ਨੇ ਕਿਹਾ ਕਿ ਉਹ ਬਿਜਲੀ ਮੰਤਰੀ ਹਰਭਜਨ ਸਿੰਘ ਦੇ ਧੰਨਵਾਦੀ ਹਨ ਕਿ ਉਨ੍ਹਾਂ ਵੱਲੋਂ ਬੇਟ ਏਰੀਏ ਦੇ ਲੋਕਾਂ ਨੂੰ ਬਿਜਲੀ ਸੰਬੰਧੀ ਮੁਸ਼ਕਲਾਂ ਦਾ ਹੱਲ ਕਰਦਿਆਂ ਅੱਜ ਸਬ ਸਟੇਸ਼ਨ ਦਾ ਨੀਂਹ ਪੱਥਰ ਰੱਖਿਆ ਗਿਆ।

ਲਾਰੈਂਸ ਸਕੂਲ 'ਚ ਅੱਤਵਾਦ ਵਿਰੋਧੀ ਦਿਵਸ ਮਨਾਇਆ

ਬਾਘਾ ਪੁਰਾਣਾ (ਮਨੀ ਸਿੰਗਲਾ)-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ। ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਅੱਤਵਾਦ ਦਾ ਵਿਰੋਧ ਕਰਨ ਲਈ ਸਹੁੰ ਖਾਧੀ। ਛੇਵੀਂ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿੰਦੀ ਤੇ ਅੰਗਰੇਜ਼ੀ ਭਾਸ਼ਣ ਰਾਹੀਂ ਅੱਤਵਾਦ ਦੇ ਵਿਰੋਧ ਵਿੱਚ ਆਪਣੇ ਆਪਣੇ ਵਿਚਾਰ ਪੇਸ਼ ਕੀਤੇ। ਨੰਨ੍ਹੇ-ਮੁੰਨੇ ਬੱਚਿਆਂ ਨੇ ਅੱਤਵਾਦ ਦਾ ਵਿਰੋਧ ਪੇਸ਼ ਕਰਨ ਵਾਲੀਆਂ ਕਵਿਤਾਵਾਂ ਦੀ ਪੇਸ਼ਕਾਰੀ ਕੀਤੀ। ਸਕੂਲ ਦੇ ਪ੍ਰਿੰਸੀਪਲ ਮਨੋਜ ਕੁਮਾਰ ਤੇ ਮੈਡਮ ਜ਼ੀਨਮ ਗਰਗ ਨੇ ਦੱਸਿਆ ਕਿ ਇਸ ਦਿਨ ਨੂੰ ਮਨਾਉਣ ਦਾ ਉਦੇਸ਼ ਨੌਜਵਾਨਾਂ ਨੂੰ ਅੱਤਵਾਦ ਤੇ ਹਿੰਸਾ ਦੇ ਰਸਤੇ ਤੋਂ ਦੂਰ ਕਰਨਾ, ਸ਼ਾਂਤੀ ਤੇ ਮਾਨਵਤਾ ਦਾ ਸੰਦੇਸ਼ ਫੈਲਾਉਣਾ, ਲੋਕਾਂ ਨੂੰ ਜਾਗਰੂਕ ਕਰਨਾ, ਏਕਤਾ ਨੂੰ ਤਰਜੀਹ ਦੇਣੀ, ਨੌਜਵਾਨਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਤੇ ਆਮ ਲੋਕਾਂ ਦੇ ਦਰਦ ਨੂੰ ਉਜਾਗਰ ਕਰਨਾ ਹੈ। ਚੇਅਰਮੈਨ ਤਰਸੇਮ ਲਾਲ ਗਰਗ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਸਾਨੂੰ ਸਾਰਿਆਂ ਨੂੰ ਸ਼ਾਂਤੀ ਤੇ ਸੂਝਬੂਝ ਤੋਂ ਕੰਮ ਲੈਣਾ ਚਾਹੀਦਾ ਹੈ ਅਤੇ ਅੱਤਵਾਦ ਤੇ ਹਿੰਸਾ ਦਾ ਡੱਟ ਕੇ ਵਿਰੋਧ ਕਰਨਾ ਚਾਹੀਦਾ ਹੈ।

ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਜਸਪ੍ਰੀਤ ਕੌਰ ਨੇ ਸਿਲਵਰ ਮੈਡਲ ਜਿੱਤਿਆ

ਬਰੇਟਾ (ਰੀਤਵਾਲ)-ਕਸਬਾ ਭੀਖੀ 'ਚ 19ਵੀਂ ਪੰਜਾਬ ਸਟੇਟ ਜੂਨੀਅਰ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਗਿਆਨ ਸਾਗਰ ਕੌਨਵੈਂਟ ਸਕੂਲ ਕਾਹਨਗੜ੍ਹ ਦੀ ਵਿਦਿਆਰਥਣ ਜਸਪ੍ਰੀਤ ਕੌਰ (ਬਾਰਵੀਂ) ਨੇ ਹਿੱਸਾ ਲਿਆ, ਜਿਸ ਵਿੱਚ ਜਸਪ੍ਰੀਤ ਕੌਰ ਬਾਰਵੀਂ ਕਲਾਸ ਦੀ ਵਿਦਿਆਰਥਣ ਨੇ ਭਾਰ ਵਰਗ (-65) ਵਿੱਚ ਪੰਜਾਬ ਦੇ ਬਾਕੀ ਸਕੂਲਾਂ ਦੇ ਬੱਚਿਆਂ ਨੂੰ ਪਛਾੜਦੇ ਹੋਏ ਇਸ ਚੈਂਪੀਅਨਸ਼ਿਪ ਵਿੱਚ ਜਿੱਤ ਹਾਸਲ ਕੀਤੀ ਤੇ ਦੂਜਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ ਆਪਣੇ ਨਾਮ ਕੀਤਾ। ਜਿਸ ਸਦਕਾ ਇਲਾਕੇ, ਬੱਚੇ ਦੇ ਮਾਪਿਆਂ ਤੇ ਸਮੂਹ ਸਟਾਫ ਵਿੱਚ ਖੁਸ਼ੀ ਦਾ ਮਹੌਲ ਹੈ। ਇਸ ਪ੍ਰਾਪਤੀ ਲਈ ਸਕੂਲ 'ਚ ਜਸਪ੍ਰੀਤ ਕੌਰ ਨੂੰ ਸਕੂਲ ਪ੍ਰਿੰਸੀਪਲ ਭਾਰਤ ਦੀਪ ਗਰਗ ਵੱਲੋਂ ਸਿਲਵਰ ਮੈਡਲ ਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ ਅਤੇ ਭਵਿੱਖ ਵਿੱਚ ਬੱਚਿਆਂ ਨੂੰ ਖੇਡਾਂ ਵੱਲ ਜਾਣ ਲਈ ਪ੍ਰੇਰਿਤ ਕੀਤਾ ਗਿਆ। ਸਕੂਲ ਚੇਅਰਮੈਨ ਰਾਮਪਾਲ ਸਿੰਘ ਸੋਢੋਂ ਤੇ ਸਕੂਲ ਪ੍ਰਿੰਸੀਪਲ ਵੱਲੋਂ ਬੱਚੀ, ਉਸ ਦੇ ਮਾਪਿਆਂ ਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਗਈ।

ਡੀ ਏ ਵੀ ਸੈਂਟਨਰੀ ਪਬਲਿਕ ਸਕੂਲ ਵੱਲੋਂ ਛਬੀਲ

ਜਗਰਾਓਂ (ਨਛੱਤਰ ਸੰਧੂ, ਅਮਿਤ ਖੰਨਾ)-ਡੀ ਏ ਵੀ ਸੈਂਟਨਰੀ ਪਬਲਿਕ ਸਕੂਲ ਜਗਰਾਓਂ ਵਿਖੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਵੇਦ ਪਲਾਹਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਧਰਮ ਤੇ ਸੱਭਿਆਚਾਰ ਨਾਲ ਜੋੜਨਾ ਅੱਜ ਦੇ ਯੁੱਗ ਵਿੱਚ ਅਤਿ-ਜ਼ਰੂਰੀ ਹੈ। ਇਸ ਲਈ ਅਧਿਆਪਕਾਂ ਦੇ ਸਹਿਯੋਗ ਸਦਕਾ ਇਹ ਕਾਰਜ ਅਰੰਭਿਆ ਗਿਆ। ਵਿਦਿਆਰਥੀਆਂ, ਅਧਿਆਪਕਾਂ ਤੇ ਸਕੂਲ ਦੇ ਸਹਿਯੋਗੀ ਸਟਾਫ ਵੱਲੋਂ ਠੰਢੇ-ਮਿੱਠੇ ਜਲ ਦੀ ਛਬੀਲ ਤਿਆਰ ਕੀਤੀ ਗਈ ਤੇ ਵਰਤਾਈ ਗਈ। ਇਸ ਮੌਕੇ ਪ੍ਰਿੰਸੀਪਲ ਨਾਲ ਐੱਲ.ਐੱਮ.ਸੀ. ਮੈਂਬਰ ਰਾਜ ਕੁਮਾਰ ਭੱਲਾ ਵੀ ਮੌਜੂਦ ਸਨ। ਪ੍ਰਿੰਸੀਪਲ ਨੇ ਅੰਤ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਕੀਤੇ ਇਸ ਸੇਵਾ ਕਾਰਜ ਦੀ ਭਰਪੂਰ ਸ਼ਲਾਘਾ ਕੀਤੀ।

ਸੀਨੀਅਰ ਸਿਟੀਜਨ ਨੇ 'ਹੈਪੀਨੈੱਸ ਕਲੱਬ' ਦੀ ਪਲੇਠੀ ਵਰ੍ਹੇਗੰਢ ਮਨਾਈ

ਲੁਧਿਆਣਾ (ਐੱਮ ਐੱਸ ਭਾਟੀਆ)-ਸੋਮਵਾਰ ਤਕਰੀਬਨ 250 ਸੀਨੀਅਰ ਸਿਟੀਜਨਾਂ ਨੇ ਆਪਣੇ ਕਲੱਬ 'ਓਮੈਕਸ ਹੈਪੀਨੈੱਸ ਕਲੱਬ' ਦੀ ਪਹਿਲੀ ਵਰ੍ਹੇਗੰਢ ਬੜੇ ਉਤਸ਼ਾਹ ਨਾਲ ਮਨਾਈ। ਸੀਨੀਅਰ ਸਿਟੀਜਨਜ਼ ਵੱਲੋਂ ਪਿਛਲੇ ਸਾਲ ਇਸ ਕਲੱਬ ਦਾ ਗਠਨ ਕੀਤਾ ਗਿਆ ਸੀ ਤਾਂ ਜੋ ਉਨ੍ਹਾਂ ਦੀ ਸਿਹਤ ਤੇ ਯੋਗਾ, ਪੜ੍ਹਨ, ਗਾਉਣ, ਨੱਚਣ ਤੇ ਹਰ ਤਰ੍ਹਾਂ ਦੀਆਂ ਗਤੀਵਿਧੀਆਂ ਕਰਨ ਦੇ ਨਾਲ ਉਨ੍ਹਾਂ ਦੀ ਜ਼ਿੰਦਗੀ ਦਾ ਆਨੰਦ ਮਾਣਿਆ ਜਾ ਸਕੇ, ਜੋ ਉਹ ਪਰਿਵਾਰਕ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਆਪਣੇ ਉੱਚੇ ਦਿਨਾਂ ਵਿੱਚ ਨਹੀਂ ਕਰ ਸਕੇ। ਸਮਾਗਮ ਦਾ ਉਦਘਾਟਨ ਪ੍ਰਮੋਦ ਗੁਪਤਾ, ਬਿਜ਼ਨੈੱਸ ਹੈੱਡ, ਓਮੈਕਸ ਰਾਇਲ ਰੈਜ਼ੀਡੈਂਸੀ ਲੁਧਿਆਣਾ ਨੇ ਕੀਤਾ।

ਸਪੋਰਟਸ ਵਿੰਗ ਸਕੂਲਾਂ 'ਚ ਦਾਖਲੇ ਲਈ ਚੋਣ ਟਰਾਇਲ 24-25 ਨੂੰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਖੇਡ ਵਿਭਾਗ ਪੰਜਾਬ ਵੱਲੋਂ ਸਾਲ 2023-24 ਦੇ ਸੈਸ਼ਨ ਲਈ ਸਪੋਰਟਸ ਵਿੰਗ (ਡੇ-ਸਕਾਲਰ ਤੇ ਰੈਜ਼ੀਡੈਂਸਲ) ਸਕੂਲਾਂ ਵਿੱਚ ਹੋਣਹਾਰ ਖਿਡਾਰੀਆਂ/ਖਿਡਾਰਨਾਂ ਨੂੰ ਦਾਖਲ ਕਰਨ ਲਈ ਚੋਣ ਟਰਾਇਲ 24 ਤੇ 25 ਮਈ ਨੂੰ ਅੰਡਰ 14, ਅੰਡਰ 17 ਤੇ ਅੰਡਰ 19 ਏਜ ਗਰੁੱਪ ਕਰਵਾਏ ਜਾਣਗੇ।ਇਹ ਜਾਣਕਾਰੀ ਜ਼ਿਲ੍ਹਾ ਖੇਡ ਅਫ਼ਸਰ ਪਰਮਿੰਦਰ ਸਿੰਘ ਨੇ ਦਿੱਤੀ। ਜ਼ਿਲ੍ਹਾ ਖੇਡ ਅਫ਼ਸਰ ਨੇ ਦੱਸਿਆ ਕਿ ਚੁਣੇ ਗਏ ਖਿਡਾਰੀ/ਖਿਡਾਰਨਾਂ ਨੂੰ ਪੰਜਾਬ ਸਰਕਾਰ/ਖੇਡ ਵਿਭਾਗ ਪੰਜਾਬ ਦੇ ਨਿਯਮਾਂ ਅਨੁਸਾਰ ਰੈਜੀਡੈਂਸ਼ਲ ਤੇ ਡੇ-ਸਕਾਲਰ ਖਿਡਾਰੀਆਂ ਨੂੰ ਖੁਰਾਕ/ਰਿਫਰੈਸ਼ਮੈਂਟ, ਖੇਡ ਸਾਮਾਨ ਤੇ ਕੋਚਿੰਗ ਮੁਹੱਈਆ ਕਰਵਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੋਣ ਵਾਲੇ ਟਰਾਇਲ ਕਬੱਡੀ ਲਈ ਸਥਾਨ ਦੇਵ ਸਮਾਜ ਮਾਡਲ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ, ਹੈਂਡਬਾਲ ਲਈ ਸਥਾਨ ਮਾਲਵਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ, ਤੈਰਾਕੀ ਲਈ ਜ਼ਿਲ੍ਹਾ ਪ੍ਰੀਸ਼ਦ ਸਵੀਮਿੰਗ ਪੂਲ ਫਿਰੋਜ਼ਪੁਰ, ਹਾਕੀ ਲਈ ਹਾਕੀ ਐਸਟ੍ਰੋਟਰਫ ਸ਼ਹੀਦ ਭਗਤ ਸਿੰਘ ਸਟੇਡੀਅਮ ਫਿਰੋਜ਼ਪੁਰ, ਕੁਸ਼ਤੀ, ਬਾਕਸਿੰਗ, ਕਿੱਕ ਬਾਕਸਿੰਗ ਤੇ ਬਾਸਕਟਬਾਲ ਲਈ ਸ਼ਹੀਦ ਭਗਤ ਸਿੰਘ ਸਟੇਡੀਅਮ ਫਿਰੋਜ਼ਪੁਰ ਵਿਖੇ ਟਰਾਇਲ ਲਏ ਜਾਣਗੇ।ਉਨ੍ਹਾਂ ਦੱਸਿਆ ਕਿ ਸਪੋਰਟਸ ਵਿੰਗਾਂ ਵਿੱਚ ਦਾਖਲ ਹੋਣ ਵਾਲੇ ਖਿਡਾਰੀ/ਖਿਡਾਰਨ ਦਾ ਜਨਮ ਅੰਡਰ-14 ਲਈ ਜਨਮ 1 ਜਨਵਰੀ 2010, ਅੰਡਰ-17 ਲਈ 1 ਜਨਵਰੀ 2007 ਤੇ ਅੰਡਰ-19 ਲਈ 1 ਜਨਵਰੀ 2005 ਜਾਂ ਇਸ ਤੋਂ ਬਾਅਦ ਦਾ ਹੋਣਾ ਚਾਹੀਦਾ ਹੈ ਅਤੇ ਖਿਡਾਰੀ ਫਿਜੀਕਲ ਤੇ ਮੈਡੀਕਲੀ ਫਿੱਟ ਹੋਣਾ ਚਾਹੀਦਾ ਹੈ।ਇਨ੍ਹਾਂ ਚੋਣ ਟਰਾਇਲਾਂ ਲਈ ਖਿਡਾਰੀ ਜ਼ਿਲ੍ਹਾ ਫਿਰੋਜ਼ਪੁਰ ਨਾਲ ਸਬੰਧ ਰੱਖਦਾ ਹੋਵੇ ਤੇ ਪੰਜਾਬ ਦਾ ਵਸਨੀਕ ਹੋਵੇ।ਉਸ ਵੱਲੋਂ ਜ਼ਿਲ੍ਹਾ ਪੱਧਰ ਕੰਪੀਟੀਸ਼ਨਾਂ 'ਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਵਿਚੋਂ ਕੋਈ ਇੱਕ ਪੁਜ਼ੀਸ਼ਨ ਪ੍ਰਾਪਤ ਕੀਤੀ ਹੋਵੇ ਜਾਂ ਉਸ ਵੱਲੋਂ ਸਟੇਟ ਪੱਧਰ ਕੰਪੀਟੀਸ਼ਨ 'ਚ ਹਿੱਸਾ ਲਿਆ ਹੋਵੇ।ਇਸ ਤੋਂ ਇਲਾਵਾ ਟਰਾਇਲ ਦੇ ਅਧਾਰ ਤੇ ਨਵੇਂ ਖਿਡਾਰੀ ਵੀ ਵਿਚਾਰੇ ਜਾ ਸਕਦੇ ਹਨ।ਯੋਗ ਖਿਡਾਰੀ ਨਿਰਧਾਰਤ ਮਿਤੀ ਨੂੰ ਸਬੰਧਤ ਟਰਾਇਲ ਸਥਾਨ ਤੇ ਸਵੇਰੇ 8 ਵਜੇ ਰਜਿਸਟ੍ਰੇਸ਼ਨ ਲਈ ਰਿਪੋਰਟ ਕਰਨਗੇ।

ਜੈ ਸਿੰਘ ਦੀ ਯਾਦ ਨੂੰ ਸਮਰਪਤ ਦੂਸਰਾ ਗੁਲਾਮ ਮੁਕਤੀ ਮੇਲਾ ਲਗਾਇਆ

ਜ਼ੀਰਾ (ਨਰਿੰਦਰ ਅਨੇਜਾ)-ਦਲਿਤ ਦਾਸਤਾਂ ਵਿਰੋਧੀ ਅੰਦੋਲਨ ਵੱਲੋਂ ਸ੍ਰੀ ਜੈ ਸਿੰਘ ਦੀ ਯਾਦ ਨੂੰ ਸਮਰਪਤ ਦੂਸਰਾ ਗੁਲਾਮੀ ਮੁਕਤੀ ਮੇਲਾ ਸ਼ਹਿਜ਼ਾਦਾ ਪੈਲੇਸ ਮੱਖੂ ਰੋਡ (ਜ਼ੀਰਾ) ਵਿਖੇ ਪ੍ਰਧਾਨ ਸ਼੍ਰੀਮਤੀ ਗਗਨਦੀਪ ਕੌਰ ਐਡਵੋਕੇਟ ਦੀ ਰਹਿਨੁਮਈ ਹੇਠ ਕਰਵਾਇਆ ਗਿਆ। ਇਸ ਮੇਲੇ ਵਿੱਚ ਵੱਖ-ਵੱਖ ਜ਼ਿਲ੍ਹਿਆਂ ਤੋਂ ਸਾਥੀਆਂ ਨੇ ਭਾਗ ਲਿਆ। ਇਸ ਗੁਲਾਮੀ ਮੁਕਤੀ ਮੇਲੇ ਵਿੱਚ ਸੰਘਰਸ਼ਸ਼ੀਲ ਸਾਥੀਆਂ ਨੂੰ ਸਨਮਾਨ ਚਿੰਨ੍ਹ ਨਾਲ ਸਨਮਾਨਤ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਸ੍ਰੀ ਜੈ ਸਿੰਘ ਨੇ ਆਪਣੇ ਜੀਵਨ ਕਾਲ ਦੌਰਾਨ ਤਕਰੀਬਨ 38 ਹਜ਼ਾਰ ਮਜ਼ਦੂਰਾਂ ਨੂੰ ਬੰਧੂਆ ਮਜ਼ਦੂਰੀ ਤੋਂ ਮੁਕਤ ਕਰਵਾਇਆ, ਜਿਸ ਵਿੱਚ ਭੱਠਾ ਮਜ਼ਦੂਰ, ਸੀਰੀ (ਆਥਣੀ) ਤੇ ਗੋਹਾ ਕੂੜਾ ਕਰਨ ਵਾਲੀਆਂ ਮਹਿਲਾਵਾਂ ਵੀ ਸ਼ਾਮਲ ਸਨ। ਪੀੜ੍ਹੀ ਦਰ ਪੀੜ੍ਹੀ ਲਤਾੜੇ ਹੋਏ ਅਨੁਸੂਚਿਤ ਜਾਤੀ ਦੇ ਬੰਧੂਆ ਮਜ਼ਦੂਰਾਂ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਉਨ੍ਹਾਂ ਦੇ ਗਲੇ ਵਿਚੋਂ ਗੁਲਾਮੀ ਦੀਆਂ ਜ਼ੰਜੀਰਾਂ ਨੂੰ ਤੋੜਿਆ ਜਾ ਸਕਦਾ

24-May-PAGE- 3.qxd 5/23/2023 10:53 PM Page 1

ਸਰਕਾਰ ਨੇ ਨਰੇਗਾ ਦੇ ਪੈਸੇ ਡਿਪਟੀ ਕਮਿਸ਼ਨਰਾਂ ਨੂੰ ਨਾ ਭੇਜੇ ਤਾਂ ਪੰਜਾਬ ਪੱਧਰ 'ਤੇ ਸੰਘਰਸ਼ ਵਿੱਢਾਂਗੇ : ਮਾਝੀਮੇਘਾ

ਭਿੱਖੀਵਿੰਡ (ਨਜ਼ਸ)-ਤਰਨਤਾਰਨ ਡਿਪਟੀ ਕਮਿਸ਼ਨਰ ਦੇ ਦਫਤਰ ਤੋਂ ਭਰੋਸੇਯੋਗ ਸੂਤਰਾਂ ਪਤਾ ਲੱਗਾ ਹੈ ਕਿ ਕੇਂਦਰ ਤੇ ਪੰਜਾਬ ਸਰਕਾਰ ਨਰੇਗਾ ਕਾਮਿਆਂ ਨੂੰ ਕੰਮ ਦੇਣ ਦਾ ਜ਼ੋਰਦਾਰ ਪ੍ਰਚਾਰ ਕਰਕੇ ਸਰਕਾਰੀ ਕੰਮ ਤਾਂ ਕਰਵਾਈ ਜਾ ਰਹੀਆਂ ਪਰ ਪੈਸੇ ਨਹੀਂ ਭੇਜ ਰਹੀਆਂ।

ਜਦੋਂ ਜ਼ਿਲ੍ਹਾ ਅਧਿਕਾਰੀ ਉਪਰ ਸਰਕਾਰ ਨੂੰ ਨਰੇਗਾ ਕੰਮ ਦੇ ਪੈਸੇ ਭੇਜਣ ਵਾਸਤੇ ਬੇਨਤੀ ਕਰਦੇ ਹਨ ਤਾਂ ਜੁਆਬ ਇਹ ਮਿਲਦਾ ਹੈ ਕਿ ਖਜ਼ਾਨਾ ਖਾਲੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀਪੀਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ, ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ, ਬਲਾਕ ਦੇ ਮੀਤ ਸਕੱਤਰ ਰਛਪਾਲ ਸਿੰਘ ਬਾਠ, ਪੰਜਾਬ ਇਸਤਰੀ ਸਭਾ ਦੀ ਆਗੂ ਸਰੋਜ ਮਲਹੋਤਰਾ ਤੇ ਕੰਵਲ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਜੁਝਾਰੂ ਆਗੂ ਟਹਿਲ ਸਿੰਘ ਲੱਧੂ ਨੇ ਕੀਤਾ। ਆਗੂਆਂ ਨੇ ਕਿਹਾ ਕਿ ਇਹ ਪੂੰਜੀਪਤੀਆਂ ਦੀਆਂ ਰਖਵਾਲੀਆਂ ਸਰਕਾਰਾਂ ਦਰਅਸਲ ਨਰੇਗਾ ਸਕੀਮ ਖਤਮ ਕਰਨਾ ਚਾਹੁੰਦੀਆਂ ਹਨ। ਪਹਿਲਾਂ ਮੋਦੀ ਸਰਕਾਰ ਨੇ ਨਰੇਗਾ ਦਾ ਬਜਟ ਤੀਹ ਫੀਸਦੀ ਘਟਾ ਦਿੱਤਾ ਹੈ ਜਿਸ ਦਾ ਭਾਵ ਇਹ ਹੈ ਕਿ ਨਰੇਗਾ ਦਾ ਕੰਮ ਤੀਹ ਫੀਸਦੀ ਘਟਾ ਦਿੱਤਾ ਗਿਆ ਹੈ।

ਕਿੰਨਾ ਵੱਡਾ ਗਰੀਬ ਕਿਰਤੀਆਂ ਨਾਲ ਸਰਕਾਰ ਨੇ ਧੱਕਾ ਕੀਤਾ ਹੈ। ਆਗੂਆਂ ਨੇ ਕਿਹਾ ਕਿ ਸਰਕਾਰਾਂ ਦੀ ਇਹ ਕਿਰਤੀਆਂ ਵਿਰੋਧੀ ਚਾਲ ਚੱਲਣ ਨਹੀਂ ਦਿੱਤੀ ਜਾਵੇਗੀ। ਜਲਦੀ ਹੀ ਪੰਜਾਬ ਪੱਧਰ ਦੇ ਪਲੇਟਫਾਰਮ ਤੋਂ ਸਰਕਾਰਾਂ ਦੀਆਂ ਇਨ੍ਹਾਂ ਘਾਤਕ ਨੀਤੀਆਂ ਵਿਰੁੱਧ ਸੰਘਰਸ਼ ਵਿੱਢਿਆ ਜਾਵੇਗਾ।

ਕੈਬਨਿਟ ਮੰਤਰੀ ਈ ਟੀ ਓ ਵੱਲੋਂ ਮੁੱਛਲ ਵਿਖੇ ਸਕੂਲ ਦਾ ਦੌਰਾ

ਟਾਂਗਰਾ (ਲਾਡੀ ਮੱਲੀ)—ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੁੱਛਲ ਵਿਖੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਦੌਰਾ ਕੀਤਾ ਗਿਆ ਜਿਸ ਵਿੱਚ ਉਨਾਂ ਦਾ ਸਕੂਲ ਸਟਾਫ ਵੱਲੋਂ ਜੀ ਆਇਆਂ ਕਹਿੰਦਿਆਂ ਸੁਆਗਤ ਕੀਤਾ ਗਿਆ ਅਤੇ ਵਿਦਿਆਰਥੀਆਂ ਤੇ ਸਕੂਲ ਸਟਾਫ ਨਾਲ ਵਿਚਾਰ ਚਰਚਾ ਕੀਤੀ ਗਈ। ਉਨ੍ਹਾਂ ਨੇ ਵਿੱਦਿਆ ਦੇ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਯਤਨਾਂ ਬਾਰੇ ਵਿਸਥਾਰ ਸਹਿਤ ਦੱਸਿਆ ਅਤੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਮਿਹਨਤ ਕਰਨ ਲਈ ਪ੍ਰੇਰਿਆ। ਸਕੂਲ ਸਬੰਧੀ ਆ ਰਹੀਆਂ ਮੁਸ਼ਕਲਾਂ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸਕੂਲ ਇੰਚਾਰਜ ਮੈਡਮ ਹਰਮੇਸ਼ ਕੌਰ, ਮੈਡਮ ਰਾਜ ਰਾਣੀ, ਬਲਬੀਰ ਸਿੰਘ ਚੀਮਾ, ਨਵਦੀਪ ਸਿੰਘ ਖੇਲਾ, ਰਮਨਦੀਪ ਸਿੰਘ, ਸਤਪਾਲ ਸਿੰਘ, ਨਵਦੀਪ ਸਿੰਘ ਸੰਧੂ, ਕੁਲਦੀਪ ਸਿੰਘ, ਕੰਵਲਜੀਤ ਸਿੰਘ, ਰਾਜਵਿੰਦਰ ਸਿੰਘ, ਮੰਗਲ ਸਿੰਘ, ਕੁਲਵਿੰਦਰ ਸਿੰਘ, ਮੇਜਰ ਸਿੰਘ ਅਤੇ ਗੁਰਵਿੰਦਰ ਸਿੰਘ ਆਦਿ ਹਾਜ਼ਰ ਸਨ।

ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਆਰਸੈਨਿਕ ਮੁਕਤ ਪਾਣੀ ਵਾਲੇ ਪਲਾਂਟਾਂ ਦਾ ਨਿਰੀਖਣ

ਤਰਨ ਤਾਰਨ/ਪੱਟੀ (ਪ੍ਰਿਤਪਾਲ ਸਿੰਘ, ਬਲਦੇਵ ਸਿੰਘ ਕਿਰਤੋਵਾਲ, ਸਮਸ਼ੇਰ ਸਿੰਘ ਯੋਧਾ)-ਪਿੰਡਾਂ ਦੇ ਲੋਕਾਂ ਨੂੰ ਸਾਫ ਅਤੇ ਸੁੱਧ ਆਰਸੈਨਿਕ ਮੁਕਤ ਪਾਣੀ ਮੁਹੱਈਆ ਕਰਵਾਉਣ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਸਰਹੱਦੀ ਜ਼ਿਲ੍ਹਾ ਤਰਨ ਤਾਰਨ 'ਚ ਲਗਾਏ ਗਏ ਸੀ. ਡਬਲਯੂ. ਪੀ .ਪੀ. ਪਲਾਂਟਾਂ ਦੀ ਚੈਕਿੰਗ ਲਈ ਕੇਂਦਰੀ ਟੀਮ ਬਲਾਕ ਤਰਨ ਤਾਰਨ ਦੇ ਪਿੰਡ ਪੰਡੋਰੀ ਰਹਿਮਾਨਾਂ, ਮੰਮਣਕੇ ਬਲਾਕ ਗੰਡੀਵਿੰਡ ਦੇ ਪਿੰਡ ਛਿਛਰੇਵਾਲ, ਬਲਾਕ ਭਿੱਖੀਵਿੰਡ ਦੇ ਪਿੰਡ ਮੱਖੀ ਕਲਾਂ ਅਤੇ ਥੇਹ ਚਾਹਲ ਵਿਖੇ ਪਹੁੰਚੀ।

ਇਸ ਕੇਂਦਰੀ ਟੀਮ ਦੀ ਅਗਵਾਈ ਪਾਣੀ ਦੇ ਮਾਹਿਰ ਡਾ. ਐਸ. ਕੇ. ਕੁਲਸ੍ਰੇਸ਼ਠਾ ਅਤੇ ਆਰ. ਕੇ. ਬਾਂਸਲ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਵਲੋਂ ਉਕਤ ਪਿੰਡਾਂ ਦੇ ਮੋਹਤਬਰਾਂ, ਸਰਪੰਚਾਂ, ਪੰਚਾਂ, ਆਂਗਨਵਾੜੀ ਵਰਕਰਾਂ, ਆਸ਼ਾ ਵਰਕਰਾਂ, ਪਿੰਡ ਵਾਸੀਆਂ ਅਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਉਪਰੰਤ ਉਨ੍ਹਾਂ ਵੱਲੋਂ ਪਿੰਡ ਵਿੱਚ ਲਗਾਏ ਗਏ ਸੀ. ਡਬਲਯੂ. ਪੀ. ਪੀ. ਪਲਾਂਟਾਂ ਦਾ ਨਿਰੀਖਣ/ਜਾਇਜ਼ਾ ਲਿਆ ਅਤੇ ਪਿੰਡਾਂ ਦੇ ਲੋਕਾਂ ਨੂੰ ਸ਼ੁੱਧ ਪਾਣੀ ਮੁਹੱਈਆ ਕਰਵਾਉਣ ਲਈ ਸਾਂਝੇ ਤੌਰ 'ਤੇ ਦੱਸਿਆ ਕਿ ਭਾਰਤ ਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਜ਼ਿਲ੍ਹਾ ਤਰਨ ਤਾਰਨ ਦੇ 8 ਬਲਾਕਾਂ ਦੇ 16 ਪਿੰਡਾਂ ਵਿੱਚ ਲਗਾਏ ਗਏ ਪਲਾਂਟਾਂ ਦਾ ਨਿਰੀਖਣ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕੇ ਪਾਣੀ ਵਿੱਚ ਆਰਸੈਨਿਕ ਤੇ ਹੈਵੀ ਮੈਟਲ ਤੱਤਾਂ ਕਾਰਨ ਕੈਂਸਰ ਦੇ ਰੋਗ ਪੈਦਾ ਹੁੰਦੇ ਹਨ, ਜਿਸ ਲਈ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਜਿਸ ਖੇਤਰ ਵਿਚ ਪੀਣ ਵਾਲਾ ਪਾਣੀ ਦੂਸ਼ਿਤ ਹੋ ਚੁੱਕਾ ਹੈ ਉਨ੍ਹਾਂ ਨੂੰ ਆਰਸੈਨਿਕ ਮੁਕਤ ਪਾਣੀ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਲ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਪਿੰਡਾਂ ਵਿੱਚ ਲਗਾਏ ਗਏ ਪਲਾਂਟਾਂ ਰਾਹੀ ਲਾਭਪਾਤਰੀਆਂ ਨੂੰ ਪ੍ਰਤੀ ਦਿਨ 40 ਲੀਟਰ ਪਾਣੀ ਲੈਣ ਲਈ ਪਾਣੀ ਵਾਲੇ ਏਟੀਐੱਮ ਕਾਰਡ ਵੰਡੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਭੁੱਚਰ ਕਲਾਂ ਨਹਿਰੀ ਪ੍ਰੋਜੈਕਟ ਰਾਹੀਂ 99 ਪਿੰਡਾਂ ਦੇ ਪਿੰਡ ਵਾਸੀਆਂ/ਲਾਭਪਾਤਰੀਆਂ ਨੂੰ ਨਹਿਰੀ ਪਾਣੀ ਨੂੰ ਟ੍ਰੀਟ ਕਰਕੇ ਆਰਸੈਨਿਕ ਮੁਕਤ ਪੀਣ ਯੋਗ ਸ਼ੁੱਧ ਪਾਣੀ ਮੁਹੱਈਆ ਕਰਵਾਉਣ ਲਈ ਪ੍ਰੋਜੈਕਟ ਦੇ ਕੰਮ ਪ੍ਰਗਤੀ ਅਧੀਨ ਹਨ। ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਜੇ. ਈ. ਤਰਲੋਚਨ ਸਿੰਘ, ਤੇਜਬੀਰ ਸਿੰਘ, ਹਰਜੀਤ ਸਿੰਘ, ਮੋਹਿਤ ਕੁਮਾਰ, ਬਲਾਕ ਕੋਆਰਡੀਨੇਟਰ ਗੁਰਬੀਰ ਸਿੰਘ, ਸੁਖਵਿੰਦਰ ਸਿੰਘ, ਸਰਵਣ ਸਿੰਘ, ਕਸ਼ਮੀਰ ਸਿੰਘ, ਅਮਨ ਅਰੋੜਾ ਲੈਬ ਕੈਮਿਸਟ ਅਤੇ ਜਗਦੀਪ ਸਿੰਘ ਆਈਈਸੀ ਜ਼ਿਲ੍ਹਾ ਕੋਆਰਡੀਨੇਟਰ ਹਾਜ਼ਰ ਸਨ।

ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼ਬਦ ਕੀਰਤਨ ਨਾਮ ਸਿਮਰਨ ਸਤਿਸੰਗ, ਸ੍ਰੀ ਅੰਮ੍ਰਿਤਸਰ ਵੱਲੋਂ ਨਿਸ਼ਕਾਮ ਤੌਰ ਤੇ ਕੀਰਤਨ ਦੇ ਸਮਾਗਮ ਕੀਤੇ ਜਾਂਦੇ ਹਨ। ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਦੇ ਸਬੰਧ ਵਿੱਚ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਹਰ ਸਾਲ ਠੰਡੇ ਮਿੱਠੇ ਜਲ ਦੀ ਛਬੀਲ ਸੰਗਤਾਂ ਲਈ ਲਗਾਈ ਜਾਂਦੀ ਹੈ। ਇਸ ਵਾਰ ਵੀ ਮਿਤੀ 17/05/2023 ਤੋਂ ਹਰ ਰੋਜ਼ ਸ਼ਾਮ ਨੂੰ ਕਥਾ ਦੇ ਸਮੇਂ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ ਜਾ ਰਹੀ ਹੈ ਜਿਸ ਵਿਚ ਹਰ ਰੋਜ਼ ਕਥਾ ਸਰਵਣ ਕਰਨ ਆਈਆਂ ਸੰਗਤਾਂ ਠੰਡੇ-ਮਿੱਠੇ ਜਲ ਦਾ ਅਨੰਦ ਮਾਣਦੀਆਂ ਹਨ। ਸੰਗਤਾਂ ਦੀ ਸੇਵਾ ਕਰਨ ਲਈ ਗੁਰਬਖਸ਼ ਸਿੰਘ ਬੱਗਾ, ਭੁਪਿੰਦਰ ਸਿੰਘ ਭਿੰਦਾ, ਕੰਵਲਜੀਤ ਸਿੰਘ, ਹਰਬੰਸ ਸਿੰਘ ਬਿੱਲਾ, ਲਾਲੀ ਵੀਰ, ਵਾਲੀਆਂ ਵੀਰ ਹਰ ਰੋਜ਼ ਸੇਵਾ ਵਿਚ ਪਹੁੰਚ ਰਹੇ ਹਨ।

ਹੋਣਹਾਰ ਵਿਦਿਆਰਥਣਾਂ ਨੂੰ ਐੱਸ ਜੀ ਪੀ ਸੀ ਵੱਲੋਂ ਸਹਾਇਤਾ ਰਾਸ਼ੀ ਭੇਟ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)—ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀਆਂ ਇਲਾਕੇ ਦੀਆਂ ਸਿਰਮੌਰ ਸੰਸਥਾਵਾਂ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਅਤੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਖਾਲਸਾ ਕਾਲਜ ਮੱਤੇਵਾਲ ਦੀਆਂ ਹੋਣਹਾਰ ਵਿਦਿਆਰਥਣਾਂ ਮਹਿਕਦੀਪ ਕੌਰ ਪੁੱਤਰੀ ਬਲਦੇਵ ਸਿੰਘ ਭਾਗ ਦੂਜਾ ਅਤੇ ਕੋਮਲ ਕੌਰ ਪੁੱਤਰ ਭੁਪਿੰਦਰ ਸਿੰਘ ਭਾਗ ਤੀਜਾ ਵਿੱਚ ਅੱਵਲ ਰਹਿਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 3100 ਰੁਪਏ ਅਤੇ 2100 ਰੁਪਏ ਦੀ ਰਾਸ਼ੀ ਸਹਾਇਤਾ ਭੇਜੀ ਗਈ ਜੋ ਸੰਤ ਬਾਬਾ ਸੱਜਣ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਮੁਹੱਈਆ ਕਰਦਿਆਂ ਬੱਚਿਆਂ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਉੱਦੋਕੇ, ਗਿਆਨੀ ਗੁਰਮੁੱਖ ਸਿੰਘ ਸੈਦੋਲੇਹਲ, ਪਲਵਿੰਦਰ ਸਿੰਘ, ਮੈਡਮ ਨਵਦੀਪ ਕੌਰ, ਰਣਜੀਤ ਸਿੰਘ ਰਾਣਾ ਬਾਬੋਵਾਲ, ਬਾਬਾ ਰਾਜਾ ਬੁਲਾਰਾ ਅਤੇ ਨਰਿੰਦਰ ਸਿੰਘ ਬਾਠ ਵੀ ਹਾਜ਼ਰ ਸਨ।

ਹੈਰੋਇਨ ਸਮੇਤ ਨੌਜਵਾਨ ਕਾਬੂ, ਮਾਮਲਾ ਦਰਜ

ਗੁਰਦਾਸਪੁਰ, (ਜਨਕ ਮਹਾਜਨ)- ਥਾਣਾ ਧਾਰੀਵਾਲ ਦੇ ਏ. ਐੱਸ. ਆਈ. ਗੁਰਵਿੰਦਰਪਾਲ ਸਿੰਘ ਸਮੇਤ ਪੁਲਸ ਪਾਰਟੀ ਨਾਕਾਬੰਦੀ ਦੇ ਸਬੰਧ ਵਿੱਚ ਪੀਰ ਦੀ ਸੈਣ ਪੁਲ 'ਤੇ ਮੌਜੂਦ ਸਨ ਕਿ ਇੰਦਰਜੀਤ ਸਿੰਘ ਪੁੱਤਰ ਰਛਪਾਲ ਸਿੰਘ ਵਾਸੀ ਇਲਾਵਲਵਾਲ ਥਾਣਾ ਡੇਰਾ ਬਾਬਾ ਨਾਨਕ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਤਾਂ ਉਸ ਕੋਲ ਕੋਲੋਂ ਮੋਮੀ ਲਿਫਾਫੇ ਵਿੱਚੋਂ 11 ਗ੍ਰਾਮ 43 ਮਿਲੀਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਕਤ ਨੌਜਵਾਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਫੌਜ 'ਚ ਭਰਤੀ ਲਈ ਸਰੀਰਕ ਸਿੱਖਿਆ ਦੀ ਮੁਫ਼ਤ ਸਿਖਲਾਈ ਅੱਜ ਤੋਂ ਸ਼ੁਰੂ

ਗੁਰਦਾਸਪੁਰ, (ਜਨਕ ਮਹਾਜਨ)- ਸੀ-ਪਾਈਟ ਕੈਂਪ ਬੇਹ ਕਾਂਜਲਾ ਦੇ ਕੈਂਪ ਇੰਚਾਰਜ ਹਰਮਿੰਦਰ ਸਿੰਘ ਨੇ ਦੱਸਿਆ ਕਿ ਜੋ ਨੌਜਵਾਨ ਫੌਜ ਦੀ ਲਿਖਤੀ ਪ੍ਰੀਖਿਆ ਵਿਚੋਂ ਪਾਸ ਹੋ ਗਏ ਹਨ ਉਨ੍ਹਾਂ ਦੀ ਸਰੀਰਕ ਸਿੱਖਿਆ ਦੀ ਤਿਆਰੀ ਦੇ ਲਈ ਬੇਹ ਕਾਂਜਲਾ ਵਿਖੇ ਸਿਖਲਾਈ 24 ਮਈ ਤੋਂ ਸ਼ੁਰੂ ਹੋ ਰਹੀ ਹੈ। ਕੈਂਪ ਵਿਚ ਰਹਿਣ ਸਮੇਂ ਖਾਣਾ ਅਤੇ ਰਿਹਾਇਸ਼ ਬਿਲਕੁਲ ਮੁਫਤ ਦਿੱਤੀ ਜਾਵੇਗੀ ਅਤੇ ਤਿਆਰੀ ਦੀ ਕੋਈ ਵੀ ਫੀਸ ਨਹੀਂ ਲਈ ਜਾਵੇਗੀ। ਉਨ੍ਹਾਂ ਦੱਸਿਆ ਕਿ ਸਰੀਰਕ ਸਿੱਖਿਆ ਦੀ ਤਿਆਰੀ ਕਰਨ ਦੇ ਗੁਰਦਾਸਪੁਰ, ਜਲੰਧਰ, ਕਪੂਰਥਲਾ, ਤਰਨਤਾਰਨ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਚਾਹਵਾਨ ਨੌਜਵਾਨ ਸਵੇਰੇ 7:30 ਵਜੇ ਤੋਂ 11 ਵਜੇ ਤੱਕ (ਸੋਮਵਾਰ ਤੋਂ ਸ਼ੁੱਕਰਵਾਰ) ਸੀ-ਪਾਈਟ ਕੈਂਪ ਬੇਹ ਕਾਂਜਲਾ ਵਿਖੇ ਆਉਣ ਸਮੇਂ ਨਤੀਜੇ ਦੀ ਇੱਕ ਕਾਪੀ, ਦਸਵੀਂ ਦਾ ਅਸਲ ਸਰਟੀਫਿਕੇਟ, ਦਸਵੀਂ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਪੰਜਾਬ ਦਾ ਰਿਹਾਇਸ਼ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਜਾਤ ਦੇ ਸਰਟੀਫਿਕੇਟ ਦੀ ਫੋਟੋ ਸਟੇਟ ਕਾਪੀ, ਆਧਾਰ ਕਾਰਡ ਦੀ ਫੋਟੋ ਸਟੇਟ ਕਾਪੀ, ਬੈਂਕ ਖਾਤੇ ਦੀ ਫੋਟੋ ਸਟੇਟ ਕਾਪੀ (ਖਾਤਾ ਚਾਲੂ ਹਾਲਤ ਵਿਚ ਹੋਵੇ), ਇੱਕ ਪਾਸਪੋਰਟ ਸਾਈਜ਼ ਦੀ ਫੋਟੋ, ਇਕ ਕਾਪੀ-ਪੈੱਨ, ਖਾਣਾ ਖਾਣ ਲਈ ਬਰਤਨ, ਰਹਿਣ ਲਈ ਬਿਸਤਰਾ ਆਦਿ ਨਾਲ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਯੁਵਕ ਦੀ ਉਮਰ ਸਾਢੇ 17 ਸਾਲ ਤੋਂ 21 ਸਾਲ ਤੱਕ, ਛਾਤੀ ਬਿਨਾਂ ਫੁਲਾ ਕੇ 77 ਸੈਂਟੀਮੀਟਰ ਅਤੇ ਫੁਲਾ ਕੇ 82 ਸੈਂਟੀਮੀਟਰ, ਕੱਦ 5 ਫੁੱਟ 7 ਇੰਚ ਹੋਣਾ ਲਾਜ਼ਮੀ ਹੋਵੇਗਾ।

ਪੰਜਾਬ ਸਰਕਾਰ ਨੇ ਖੇਡਾਂ ਦੇ ਬਜਟ 'ਚ 55 ਫੀਸਦੀ ਵਾਧਾ ਕੀਤਾ : ਸ਼ੈਰੀ ਕਲਸੀ

ਬਟਾਲਾ, (ਤਰਲੋਕ ਬੱਗਾ)- ਪੰਜਾਬ ਸਰਕਾਰ, ਸੂਬੇ ਅੰਦਰ ਖੇਡਾਂ ਨੂੰ ਪ੍ਰਮੋਟ ਕਰਨ ਲਈ ਵਚਨਬੱਧ ਹੈ ਅਤੇ ਪੰਜਾਬ ਸਰਕਾਰ ਨੇ ਖੇਡਾਂ ਦੇ ਬਜਟ ਵਿੱਚ 55 ਫੀਸਦੀ ਵਾਧਾ ਕੀਤਾ ਹੈ। ਇਹ ਪ੍ਰਗਟਾਵਾ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਹਲਕਾ ਵਿਧਾਇਕ ਬਟਾਲਾ ਨੇ ਪਿੰਡ ਬੁੱਢਾ ਕੋਟ ਵਿਖੇ ਕ੍ਰਿਕਟ ਟੂਰਨਾਮੈਂਟ ਦੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡਣ ਉਪੰਰਤ ਆਪਣੇ ਸੰਬੋਧਨ ਵਿੱਚ ਕੀਤਾ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਪੰਜਾਬ ਦੇ ਖੇਡ ਮੰਤਰੀ, ਗੁਰਮੀਤ ਸਿੰਘ ਮੀਤ ਹੇਅਰ ਦੀ ਅਗਵਾਈ ਹੇਠ ਖੇਡ ਵਿਭਾਗ ਵਲੋਂ ਰਾਜ ਭਰ ਅੰਦਰ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਅੰਦਰ ਮੁੜ ਖੇਡ ਸੱਭਿਆਚਾਰਕ ਵਾਤਾਵਰਣ ਮੁਹੱਈਆ ਕਰਵਾਇਆ ਗਿਆ ਹੈ। ਉਨਾਂ ਕਿਹਾ ਕਿ ਮੁੱਖ ਮੰਤਰੀ, ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਨੂੰ ਮੁੜ ਖੇਡਾਂ ਵਿੱਚ ਨੰਬਰ ਇਕ ਬਣਾਉਣ ਲਈ ਉਪਰਾਲੇ ਕਰ ਰਹੀ ਹੈ ਅਤੇ ਨਵੀਂ ਖੇਡ ਨੀਤੀ ਵੀ ਜਲਦ ਆ ਰਹੀ ਹੈ। ਬਟਾਲਾ ਵਿਧਾਨ ਸਭਾ ਹਲਕੇ ਅੰਦਰ ਖੇਡਾਂ ਨੂੰ ਪ੍ਰਫੁੱਲਿਤ ਕਰਨ ਦੀ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਤੇ ਸ਼ਹਿਰੀ ਖੇਤਰ ਅੰਦਰ ਖੇਡਾਂ ਦਾ ਮਾਹੌਲ ਪੈਦਾ ਕੀਤਾ ਜਾ ਰਿਹਾ ਹੈ ਅਤੇ ਯੂਥ ਕਲੱਬਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਵੱਲ ਆਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਜਿਥੇ ਸਰੀਰ ਨੂੰ ਤੰਦਰੁਸਤ ਰੱਖਦੀਆਂ ਹਨ, ਓਥੇ ਮਾਨਸਿਕ ਵਿਕਾਸ ਵਿਚ ਵੀ ਵਾਧਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਹਲਕੇ ਅੰਦਰ ਖੇਡ ਸਟੇਡੀਅਮ ਉਸ

24-May-PAGE-4.qxd 5/23/2023 11:00 PM Page 1

ਨਵਾਂ ਜ਼ਮਾਨਾ
ਬੁੱਧਵਾਰ, 24 ਮਈ 2023

ਤਾਨਾਸ਼ਾਹੀ ਦਾ ਹੱਲਾ ਤੇ ਵਿਰੋਧੀ ਏਕਤਾ

ਲੰਮੇ ਸਮੇਂ ਤੋਂ ਜਾਗਰੂਕ ਨਾਗਰਿਕਾਂ ਵੱਲੋਂ ਉਡੀਕੀ ਜਾ ਰਹੀ ਵਿਰੋਧੀ ਦਲਾਂ ਦੀ ਇਕਜੁੱਟਤਾ ਮੀਟਿੰਗ ਦੀ ਉਡੀਕ ਹੁਣ ਖ਼ਤਮ ਹੋ ਰਹੀ ਹੈ। ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਸੋਮਵਾਰ ਨੂੰ ਕਾਂਗਰਸ ਪ੍ਰਧਾਨ ਖੜਗੇ ਤੇ ਰਾਹੁਲ ਗਾਂਧੀ ਨਾਲ ਮੀਟਿੰਗ ਤੋਂ ਬਾਅਦ ਕਾਂਗਰਸ ਆਗੂ ਕੇ ਸੀ ਵੇਣੂਗੋਪਾਲ ਤੇ ਜੇ ਡੀ ਯੂ ਪ੍ਰਧਾਨ ਲਲਨ ਸਿੰਘ ਨੇ ਐਲਾਨ ਕੀਤਾ ਹੈ ਕਿ ਅਗਲੇ ਇੱਕ-ਦੋ ਦਿਨਾਂ ਵਿੱਚ ਵਿਰੋਧੀ ਦਲਾਂ ਦੀ ਮੀਟਿੰਗ ਦੀ ਥਾਂ 'ਤੇ ਤਰੀਕ ਦਾ ਐਲਾਨ ਕਰ ਦਿੱਤਾ ਜਾਵੇਗਾ।

ਕਰਨਾਟਕ ਦਾ ਚੋਣ ਘੋਲ ਮੁੱਕ ਜਾਣ ਤੋਂ ਬਾਅਦ ਇਸ ਸੰਬੰਧੀ ਸਰਗਰਮੀ ਇਕਦਮ ਤੇਜ਼ ਹੋ ਗਈ ਸੀ। ਪਹਿਲਾਂ ਨਿਤੀਸ਼ ਕੁਮਾਰ ਕੇਜਰੀਵਾਲ ਨੂੰ ਮਿਲੇ ਤੇ ਫਿਰ ਉਨ੍ਹਾ ਕਾਂਗਰਸ ਆਗੂਆਂ ਨਾਲ ਮਿਲ ਕੇ ਉਨ੍ਹਾ ਦੀ ਪਿਛਲੇ ਸਮੇਂ ਵੱਖ-ਵੱਖ ਵਿਰੋਧੀ ਆਗੂਆਂ ਨਾਲ ਹੋਈ ਗੱਲਬਾਤ ਦਾ ਬਿਓਰਾ ਸਾਂਝਾ ਕੀਤਾ। ਇਸ ਸੰਬੰਧੀ ਸਰਗਰਮੀਆਂ ਵਿੱਚ ਆਈ ਤੇਜ਼ੀ ਤੋਂ ਜਾਪਦਾ ਹੈ ਕਿ ਵਿਰੋਧੀ ਧਿਰਾਂ ਨੂੰ ਅਹਿਸਾਸ ਹੋ ਗਿਆ ਹੈ ਕਿ ਜੇਕਰ ਉਹ ਹੁਣ ਵੀ ਇਕਮੁੱਠ ਨਾ ਹੋਈਆਂ ਤਾਂ ਉਨ੍ਹਾਂ ਨੂੰ ਤਾਨਾਸ਼ਾਹੀ ਦੇ ਆਖਰੀ ਹੱਲੇ ਨੂੰ ਝੱਲਣਾ ਪਵੇਗਾ, ਜਿਹੜਾ ਅੱਤ ਦਾ ਭਿਆਨਕ ਹੋ ਸਕਦਾ ਹੈ। ਕੁਝ ਮਹੀਨੇ ਪਹਿਲਾਂ ਸਮਝਿਆ ਜਾਂਦਾ ਸੀ ਕਿ ਵਿਰੋਧੀ ਦਲਾਂ ਦੀ ਏਕਤਾ ਸੰਭਵ ਹੀ ਨਹੀਂ ਕਿਉਂਕਿ ਮਮਤਾ, ਕੇਜਰੀਵਾਲ, ਕੇ ਚੰਦਰਸ਼ੇਖਰ ਤੇ ਅਖਿਲੇਸ਼ ਵਰਗੇ ਆਗੂ ਕਦੇ ਕਾਂਗਰਸ ਨਾਲ ਹੱਥ ਨਹੀਂ ਮਿਲਾ ਸਕਦੇ, ਪਰ ਹਾਲਾਤ ਨੇ ਸਭ ਨੂੰ ਮਜਬੂਰ ਕਰਕੇ ਰੱਖ ਦਿੱਤਾ ਹੈ ਤੇ ਉਹ ਸਮਝ ਚੁੱਕੇ ਹਨ ਕਿ ਜੇ ਹੁਣ ਵੀ ਨਾ ਸਮਝੇ ਤਾਂ ਫਿਰ ਕਦੇ ਮੌਕਾ ਨਹੀਂ ਮਿਲੇਗਾ।

ਇਸ ਦਾ ਸਭ ਤੋਂ ਵੱਡਾ ਕਾਰਨ ਇਹ ਹੈ ਕਿ ਭਾਜਪਾ ਨੇ ਵੱਖ-ਵੱਖ ਪਾਰਟੀਆਂ ਦੇ ਆਗੂਆਂ ਨੂੰ ਫਸਾਉਣ ਲਈ ਸੀ ਬੀ ਆਈ ਤੇ ਈ ਡੀ ਹੀ ਨਹੀਂ, ਨਿਆਂਪਾਲਿਕਾ ਦੀ ਵੀ ਵਰਤੋਂ ਤੇਜ਼ੀ ਨਾਲ ਸ਼ੁਰੂ ਕਰ ਦਿੱਤੀ ਹੈ। ਸੀ ਬੀ ਆਈ ਤੇ ਈ ਡੀ ਦੀ ਵਰਤੋਂ ਕਰਕੇ ਆਮ ਆਦਮੀ ਪਾਰਟੀ ਦੇ ਦੋ ਵੱਡੇ ਆਗੂ ਸਤੇਂਦਰ ਜੈਨ ਤੇ ਸਿਸੋਦੀਆ ਜੇਲ੍ਹ ਵਿੱਚ ਬੰਦ ਕੀਤੇ ਜਾ ਚੁੱਕੇ ਹਨ। ਕੇਜਰੀਵਾਲ ਨੂੰ ਵੀ ਫਸਾਉਣ ਦੀ ਪੂਰੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਕਾਂਗਰਸ ਦੇ ਕਰਨਾਟਕ ਵਿੱਚ ਬਣੇ ਉਪ ਮੁੱਖ ਮੰਤਰੀ ਡੀ ਕੇ ਸ਼ਿਵ ਕੁਮਾਰ ਤੇ ਪੀ ਚਿਦੰਬਰਮ ਵਰਗੇ ਨਾਮਣੇ ਵਾਲੇ ਆਗੂ ਜੇਲ੍ਹ ਕੱਟ ਚੁੱਕੇ ਹਨ। ਮਮਤਾ ਦੇ ਭਤੀਜੇ ਤੇ ਟੀ ਐਮ ਸੀ ਆਗੂ ਅਭਿਸ਼ੇਕ ਬੈਨਰਜੀ ਪਿੱਛੇ ਸੀ ਬੀ ਆਈ ਤੇ ਈ ਡੀ ਲੱਗੀਆਂ ਹੋਈਆਂ ਹਨ, ਉਨ੍ਹਾ ਨੂੰ ਕਿਸੇ ਵੀ ਸਮੇਂ ਜੇਲ੍ਹ ਭੇਜਿਆ ਜਾ ਸਕਦਾ ਹੈ। ਬਿਹਾਰ ਵਿੱਚ ਰਾਜਦ ਨੂੰ ਖ਼ਤਮ ਕਰਨ ਲਈ ਲਾਲੂ ਦੇ ਸਾਰੇ ਪਰਵਾਰ ਤੇ ਸਕੇ-ਸੰਬੰਧੀਆਂ 'ਤੇ ਸੀ ਬੀ ਆਈ ਤੇ ਈ ਡੀ ਦੇ ਛਾਪੇ ਪੈ ਰਹੇ ਹਨ। ਸ਼ਿਵ ਸੈਨਾ ਊਧਵ ਠਾਕਰੇ ਦੇ ਆਗੂ ਸੰਜੇ ਰਾਊਤ ਤਿੰਨ ਮਹੀਨੇ ਜੇਲ੍ਹ ਵਿੱਚ ਰਹਿ ਕੇ ਜ਼ਮਾਨਤ 'ਤੇ ਬਾਹਰ ਆਏ ਹਨ। ਐਨ ਸੀ ਪੀ ਦੇ ਆਗੂ ਤੇ ਮਹਾਰਾਸ਼ਟਰ ਦੇ ਦੋ ਸਾਬਕਾ ਕੈਬਨਿਟ ਮੰਤਰੀ ਅਨਿਲ ਦੇਸ਼ਮੁੱਖ ਤੇ ਨਵਾਬ ਮਲਿਕ ਜੇਲ੍ਹ ਵਿੱਚ ਹਨ। ਸ਼ਰਦ ਪਵਾਰ ਦੇ ਭਤੀਜੇ ਤੇ ਐਨ ਸੀ ਪੀ ਆਗੂ ਅਜੀਤ ਪਵਾਰ ਵੀ ਸੀ ਬੀ ਆਈ ਤੇ ਈ ਡੀ ਦੇ ਨਿਸ਼ਾਨੇ 'ਤੇ ਹਨ। ਤੇਲੰਗਾਨਾ ਦੇ ਮੁੱਖ ਮੰਤਰੀ ਕੇ ਚੰਦਰਸ਼ੇਖਰ ਦੀ ਬੇਟੀ ਕਵਿਤਾ ਵੀ ਈ ਡੀ ਤੇ ਸੀ ਬੀ ਆਈ ਦੇ ਨਿਸ਼ਾਨੇ 'ਤੇ ਹੈ। ਪੁਲਵਾਮਾ ਕਾਂਡ ਦਾ ਭਾਂਡਾ ਭੰਨਣ ਵਾਲੇ ਸਾਬਕਾ ਗਵਰਨਰ ਸੱਤਪਾਲ ਮਲਿਕ ਵਿਰੁੱਧ ਵੀ ਏਜੰਸੀਆਂ ਸਰਗਰਮ ਕਰ ਦਿੱਤੀਆਂ ਗਈਆਂ ਹਨ।

ਨਿਆਂਪਾਲਿਕਾ ਵੱਲੋਂ ਰਾਹੁਲ ਗਾਂਧੀ ਦੀ ਮੈਂਬਰੀ ਖ਼ਤਮ ਕਰਨਾ ਸਿਰਫ਼ ਇੱਕੋ ਮਾਮਲਾ ਨਹੀਂ, ਕਲਕੱਤਾ ਹਾਈਕੋਰਟ ਦਾ ਚੀਫ਼ ਜਸਟਿਸ ਵੀ ਇਸੇ ਤਰ੍ਹਾਂ ਕਰ ਰਿਹਾ ਹੈ। ਉਸ ਬਾਰੇ ਤਾਂ ਸੁਪਰੀਮ ਕੋਰਟ ਨੂੰ ਨਿਰਦੇਸ਼ ਦੇਣਾ ਪਿਆ ਹੈ ਕਿ ਉਹ ਮੀਡੀਆ ਕੋਲ ਬਿਆਨ ਦੇਣ ਤੋਂ ਬਚੇ। ਮਣੀਪੁਰ ਵਿੱਚ ਲੱਗੀ ਅੱਗ ਦਾ ਕਾਰਨ ਵੀ ਭਾਜਪਾ ਸਰਕਾਰ ਦੇ ਗਲਤ ਫੈਸਲੇ ਦੀ ਹਾਈਕੋਰਟ ਵੱਲੋਂ ਪ੍ਰੋੜ੍ਹਤਾ ਕਰ ਦੇਣਾ ਹੈ। ਇਹੋ ਨਹੀਂ ਚੋਣ ਕਮਿਸ਼ਨ ਵੀ ਭਾਜਪਾ ਸਰਕਾਰ ਦੀ ਬਾਂਦੀ ਬਣ ਚੁੱਕਾ ਹੈ। ਚੋਣ ਕਮਿਸ਼ਨਰ ਭਾਜਪਾ ਦੇ ਕਾਰਕੁੰਨਾਂ ਵਾਂਗ ਵਿਹਾਰ ਕਰਨ ਲੱਗ ਪਏ ਹਨ।

ਮੋਦੀ ਸਰਕਾਰ ਨੇ ਫ਼ੈਸਲਾ ਕਰ ਰੱਖਿਆ ਹੈ ਕਿ ਵਿਰੋਧੀ ਪਾਰਟੀਆਂ 'ਤੇ ਆਰਥਕ ਬੰਦਸ਼ਾਂ ਲਾ ਕੇ ਉਨ੍ਹਾਂ ਨੂੰ ਕੰਗਾਲ ਕਰ ਦਿੱਤਾ ਜਾਵੇ। ਵਿਰੋਧੀ ਪਾਰਟੀਆਂ ਨੂੰ ਚੰਦਾ ਦੇਣ ਵਾਲਿਆਂ 'ਤੇ ਈ ਡੀ ਤੇ ਸੀ ਬੀ ਆਈ ਛੱਡ ਦਿੱਤੀ ਜਾਂਦੀ ਹੈ। ਇਸ ਸਮੇਂ ਚੋਣਾਂ ਕਾਫ਼ੀ ਖਰਚੀਲੀਆਂ ਹੋ ਚੁੱਕੀਆਂ ਹਨ। ਭਾਜਪਾ ਉੱਤੇ ਕਾਰਪੋਰੇਟਾਂ ਦਾ ਧਨ ਮੀਂਹ ਵਾਂਗ ਵਰ੍ਹ ਰਿਹਾ ਹੈ ਤੇ ਵਿਰੋਧੀ ਦਲ ਉਸ ਦਾ ਅੱਡੋ-ਅੱਡ ਰਹਿ ਕੇ ਮੁਕਾਬਲੇ ਕਰਨੋਂ ਅਸਮਰੱਥ ਹਨ।

ਇਹੋ ਨਹੀਂ, ਜਿਨ੍ਹਾਂ ਰਾਜਾਂ ਵਿੱਚ ਵਿਰੋਧੀ ਪਾਰਟੀਆਂ ਦੀਆਂ ਸਰਕਾਰਾਂ ਹਨ, ਉਨ੍ਹਾਂ ਨੂੰ ਰਾਜਪਾਲਾਂ ਰਾਹੀਂ ਤੰਗ ਕੀਤਾ ਜਾਂਦਾ ਹੈ। ਜੀ ਐਸ ਟੀ ਦਾ ਉਨ੍ਹਾਂ ਦਾ ਹਿੱਸਾ ਵੀ ਪੂਰਾ ਨਹੀਂ ਦਿੱਤਾ ਜਾਂਦਾ। ਉਨ੍ਹਾਂ ਦੇ ਰਾਜ ਪੱਧਰੀ ਆਰਥਕ ਸਰੋਤਾਂ ਨੂੰ ਤਰ੍ਹਾਂ-ਤਰ੍ਹਾਂ ਦੀਆਂ ਪਾਬੰਦੀਆਂ ਲਾ ਕੇ ਸੀਮਿਤ ਕੀਤਾ ਜਾਂਦਾ ਹੈ। ਇਨ੍ਹਾਂ ਸਭ ਗੱਲਾਂ ਤੋਂ ਉੱਪਰ ਹੈ ਜਨਤਾ ਦੀਆਂ ਇੱਛਾਵਾਂ। ਇਹ ਸੱਚ ਹੈ ਕਿ ਵੋਟਰਾਂ ਦਾ ਇੱਕ ਹਿੱਸਾ, ਖਾਸਕਰ ਹਿੰਦੀ ਭਾਸ਼ੀ ਖੇਤਰ ਵਿੱਚ, ਭਾਜਪਾ ਪਿੱਛੇ ਮਜ਼ਬੂਤੀ ਨਾਲ ਖੜ੍ਹਾ ਹੈ, ਪਰ ਹੈ ਇਹ 30 ਫ਼ੀਸਦੀ ਹੀ। ਬਾਕੀਆਂ ਵਿੱਚੋਂ 60 ਫ਼ੀਸਦੀ ਵੋਟਰ ਭਾਜਪਾ ਤੋਂ ਨਿਜਾਤ ਪਾਉਣੀ ਚਾਹੁੰਦੇ ਹਨ। ਹਿਮਾਚਲ ਤੇ ਕਰਨਾਟਕ ਦੀਆਂ ਚੋਣਾਂ ਨੇ ਸਾਫ਼ ਕਰ ਦਿੱਤਾ ਹੈ ਕਿ ਇਸ 60 ਫ਼ੀਸਦੀ ਹਿੱਸੇ ਦਾ ਭਾਜਪਾ ਵਿਰੁੱਧ ਧਰੁਵੀਕਰਨ ਹੋ ਰਿਹਾ ਹੈ। ਲੋਕ ਹੁਣ ਸਮਝ ਗਏ ਹਨ ਕਿ ਹੁਣ ਵੋਟ ਤੋੜੂ ਪਾਰਟੀਆਂ ਦੇ ਉਮੀਦਵਾਰਾਂ ਪਿੱਛੇ ਲੱਗਣ ਦੀ ਥਾਂ ਉਸ ਪਾਰਟੀ ਨੂੰ ਵੋਟ ਪਾਈ ਜਾਵੇ ਜੋ ਭਾਜਪਾ ਨੂੰ ਹਰਾ ਸਕਦੀ ਹੋਵੇ। ਵੋਟਰਾਂ ਦਾ ਇਹੋ ਰੁਖ ਮਮਤਾ ਤੇ ਅਖਿਲੇਸ਼ ਵਰਗਿਆਂ ਨੂੰ ਮਜਬੂਰ ਕਰ ਰਿਹਾ ਹੈ ਕਿ ਉਹ ਵੋਟਾਂ ਦੀ ਵੰਡ ਰੋਕਣ ਲਈ ਵਿਰੋਧੀ ਮੋਰਚੇ ਦਾ ਹਿੱਸਾ ਬਣਨ।

ਇਨ੍ਹਾਂ ਸਭ ਹਾਲਤਾਂ ਦੇ ਮੱਦੇਨਜ਼ਰ ਵਿਰੋਧੀ ਦਲਾਂ ਨੂੰ ਇਹ ਅਹਿਸਾਸ ਹੋ ਗਿਆ ਹੈ ਕਿ ਜੇਕਰ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਮੋਦੀ ਨੂੰ ਹਰਾਇਆ ਨਾ ਗਿਆ ਤਾਂ ਸੰਵਿਧਾਨ, ਲੋਕਤੰਤਰ ਤੇ ਲੋਕਤੰਤਰੀ ਪ੍ਰਕਿਰਿਆ ਦਾ ਪੂਰੀ ਤਰ੍ਹਾਂ ਭੋਗ ਪੈ ਜਾਵੇਗਾ। ਇਹੋ ਸਥਿਤੀ ਹੀ ਵਿਰੋਧੀ ਦਲਾਂ ਦੇ ਆਗੂਆਂ ਨੂੰ ਇਕਜੁੱਟ ਹੋਣ ਲਈ ਮਜਬੂਰ ਕਰ ਰਹੀ ਹੈ।

-ਚੰਦ ਫਤਿਹਪੁਰੀ

ਜਨਮ ਦਿਵਸ 'ਤੇ ਵਿਸ਼ੇਸ਼

ਭਾਰਤ ਮਾਂ ਦਾ ਮਹਾਨ ਸਪੂਤ ਅਤੇ ਸਾਡਾ ਮਾਰਗ ਦਰਸ਼ਕ—ਸ਼ਹੀਦ ਕਰਤਾਰ ਸਿੰਘ ਸਰਾਭਾ

ਮਾਸਟਰ ਟਹਿਲ ਸਿੰਘ ਸਰਾਭਾ

ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦਾ ਜਨਮ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਸਰਾਭਾ ਵਿਖੇ 24 ਮਈ 1896 ਈਸਵੀ ਨੂੰ ਸ. ਮੰਗਲ ਸਿੰਘ ਦੇ ਘਰ ਮਾਤਾ ਸਾਹਿਬ ਕੌਰ ਦੀ ਕੁੱਖੋਂ ਹੋਇਆ। ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਪਿਤਾ ਜੀ ਦੀ ਛਤਰ-ਛਾਇਆ ਛੋਟੀ ਉਮਰ ਵਿੱਚ ਹੀ ਉੱਠ ਜਾਣ ਕਾਰਨ ਉਨ੍ਹਾਂ ਦਾ ਪਾਲਣ-ਪੋਸ਼ਣ ਉਨ੍ਹਾਂ ਦੇ ਦਾਦਾ ਜੀ ਨੇ ਕੀਤਾ। ਕਰਤਾਰ ਸਿੰਘ ਨੇ ਮੁੱਢਲੀ ਸਿੱਖਿਆ ਪਿੰਡ ਦੇ ਸਕੂਲ ਤੋਂ ਤੇ ਦਸਵੀਂ ਤੱਕ ਦੀ ਪੜ੍ਹਾਈ ਮਾਲਵਾ ਖਾਲਸਾ ਹਾਈ ਸਕੂਲ ਲੁਧਿਆਣਾ ਤੋਂ ਪ੍ਰਾਪਤ ਕੀਤੀ। ਉਨ੍ਹਾਂ ਦੇ ਦਾਦਾ ਜੀ ਦੇ ਯਤਨਾਂ ਸਦਕਾ ਕਰਤਾਰ ਸਿੰਘ ਨੂੰ ਉਚੇਰੀ ਸਿੱਖਿਆ ਪ੍ਰਾਪਤ ਕਰਨ ਲਈ ਅਮਰੀਕਾ ਭੇਜ ਦਿੱਤਾ ਗਿਆ। ਉਥੇ ਵਿਸ਼ੇਸ਼ ਪ੍ਰੀਖਿਆ/ਇੰਟਰਵਿਊ ਉਪਰੰਤ ਕਰਤਾਰ ਸਿੰਘ ਨੂੰ ਬਰਕਲੇ ਯੂਨੀਵਰਸਿਟੀ ਦੇ ਰਸਾਇਣ ਵਿਗਿਆਨ ਵਿਭਾਗ ਵਿੱਚ ਦਾਖਲਾ ਮਿਲ ਗਿਆ।

ਵਿਦਿਆਰਥੀ ਜੀਵਨ ਵਿੱਚ ਵਿਚਰਦੇ ਹੋਏ ਕਰਤਾਰ ਸਿੰਘ ਨੇ ਅਮਰੀਕੀ ਲੋਕਾਂ ਦੇ ਭਾਰਤੀਆਂ ਪ੍ਰਤੀ ਨਸਲਵਾਦੀ ਤੇ ਗੁਲਾਮ ਦੇਸ਼ ਦੇ ਵਾਸੀ ਹੋਣ ਦੇ ਦ੍ਰਿਸ਼ਟੀਕੋਣ ਤੋਂ ਨਫ਼ਰਤਵਾਦੀ ਵਤੀਰੇ ਨੂੰ ਭਾਂਪ ਲਿਆ। ਇਸੇ ਹੀ ਸਮੇਂ ਪ੍ਰਸਿੱਧ ਬੁੱਧੀਜੀਵੀ ਤੇ ਦੇਸ਼ ਭਗਤ ਲਾਲਾ ਹਰਦਿਆਲ ਅਮਰੀਕਾ ਵਿੱਚ ਸਨ। ਬਰਕਲੇ ਯੂਨੀਵਰਸਿਟੀ ਵਿਖੇ ਭਾਰਤੀ ਵਿਦਿਆਰਥੀਆਂ ਦੀ ਇੱਕ ਮੀਟਿੰਗ ਸਮੇਂ ਕਰਤਾਰ ਸਿੰਘ ਸਰਾਭਾ ਦਾ ਮੇਲ ਲਾਲਾ ਹਰਦਿਆਲ ਜੀ ਨਾਲ ਹੋਇਆ । ਕਰਤਾਰ ਸਿੰਘ ਸਰਾਭਾ ਲਾਲਾ ਹਰਦਿਆਲ ਜੀ ਦੇ ਭਾਸ਼ਣ ਤੋਂ ਏਨੇ ਪ੍ਰਭਾਵਿਤ ਹੋਏ ਕਿ ਉਹਨਾਂ ਨੇ ਆਪਣੀ ਪੜ੍ਹਾਈ ਛੱਡ ਕੇ ਭਾਰਤ ਮਾਂ ਦੀ ਆਜ਼ਾਦੀ ਲਈ ਬਾਬਾ ਸੋਹਣ ਸਿੰਘ ਭਕਨਾ ਦੀ ਅਗਵਾਈ ਹੇਠ ਸਥਾਪਤ ਗਦਰ ਪਾਰਟੀ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਕਰ ਲਿਆ ਤੇ ਸਾਨਫਰਾਂਸਿਸਕੋ ਵਿਖੇ ਪਾਰਟੀ ਦੇ ਮੁੱਖ ਦਫਤਰ ਵਿੱਚ ਕੰਮ ਕਰਨਾ ਆਰੰਭ ਕੀਤਾ।

ਆਜ਼ਾਦੀ ਦੀ ਲੜਾਈ ਦੇ ਵਿਚਾਰਾਂ ਤੇ ਪ੍ਰੋਗਰਾਮ ਨੂੰ ਹੋਰ ਤੇਜ਼ ਕਰਨ ਲਈ ਗ਼ਦਰ ਪਾਰਟੀ ਨੇ 'ਗਦਰ' ਨਾਂ ਦਾ ਅਖ਼ਬਾਰ ਚਾਲੂ ਕਰਨ ਦਾ ਫੈਸਲਾ ਕੀਤਾ ਤੇ ਕਰਤਾਰ ਸਿੰਘ ਸਰਾਭਾ ਨੂੰ ਇਸ ਦੇ ਸੰਪਾਦਕੀ ਮੰਡਲ ਵਿੱਚ ਸ਼ਾਮਲ ਕੀਤਾ ਗਿਆ ਤੇ ਪਰਚਾ ਛਾਪਣ ਦੀ ਮੁੱਖ ਜ਼ਿੰਮੇਵਾਰੀ ਵੀ ਉਹਨਾਂ ਉੱਪਰ ਹੀ ਪਾਈ ਗਈ । ਸ਼ਹੀਦ ਕਰਤਾਰ ਸਿੰਘ ਸਰਾਭਾ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਂਦੇ ਹੋਏ ਹੱਥ ਨਾ ਚੱਲਣ ਵਾਲੀ ਟਾਇਪਿੰਗ ਮਸ਼ੀਨ ਉਪਰ ਸਾਰੀ-ਸਾਰੀ ਰਾਤ ਮਸ਼ੀਨ ਚਲਾ ਕੇ ਟਾਈਪ ਕਰਦੇ ਰਹਿੰਦੇ ਸਨ ਅਤੇ ਦਿਨ ਸਮੇਂ ਗ਼ਦਰ ਅਖ਼ਬਾਰ ਦੀਆਂ ਹਜ਼ਾਰਾਂ ਕਾਪੀਆਂ ਵੱਖ-ਵੱਖ ਪਤਿਆਂ ਉੱਪਰ ਪੋਸਟ ਕਰਦੇ ਸਨ ਅਤੇ ਸਾਈਕਲ 'ਤੇ ਲੱਦ ਕੇ ਹਜ਼ਾਰਾਂ ਕਾਪੀਆਂ ਕਈ ਕਿਲੋਮੀਟਰ ਦੂਰ ਵੱਖ-ਵੱਖ ਥਾਵਾਂ 'ਤੇ ਦੇ ਕੇ ਆਉਂਦੇ ਸਨ।

1914-15 ਵਿੱਚ ਪਹਿਲੇ ਵਿਸ਼ਵ ਯੁੱਧ ਦੌਰਾਨ ਇਹਨਾਂ ਇਨਕਲਾਬੀ ਯੋਧਿਆਂ ਵੱਲੋਂ ਅੰਗਰੇਜ਼ੀ ਸਾਮਰਾਜ ਹਕੂਮਤ ਦਾ ਅੰਤ ਕਰਨ ਲਈ ਭਾਰਤ ਆਉਣ ਦਾ ਪ੍ਰੋਗਰਾਮ ਬਣਾਇਆ । ਇਸ ਅਨੁਸਾਰ ਹੋਰ ਸਾਥੀਆਂ ਨਾਲ ਕਰਤਾਰ ਸਿੰਘ ਸਰਾਭਾ ਸ੍ਰੀਲੰਕਾ ਵਿਚ ਹੁੰਦੇ ਹੋਏ ਭਾਰਤ ਪੁੱਜੇ। ਕਰਤਾਰ ਸਿੰਘ ਸਰਾਭਾ ਆਪਣੀ ਜ਼ਿੰਮੇਵਾਰੀ ਅਨੁਸਾਰ ਲਾਹੌਰ ਅਤੇ ਫਿਰੋਜ਼ਪੁਰ ਦੀਆਂ ਫੌਜੀ ਛਾਉਣੀਆਂ ਨਾਲ ਤਾਲਮੇਲ ਪੈਦਾ ਕਰਦੇ ਰਹੇ ਤੇ ਹਥਿਆਰਬੰਦ ਬਗਾਵਤ ਤੇ ਹਮਲਿਆਂ ਲਈ 20 ਫਰਵਰੀ 1915 ਦਾ ਦਿਨ ਨਿਸ਼ਚਿਤ ਕੀਤਾ ਗਿਆ, ਪ੍ਰੰਤੂ ਕੁਝ ਗਦਾਰਾਂ ਵੱਲੋਂ ਖਬਰਾਂ ਬਾਹਰ ਕੱਢ ਦੇਣ ਕਾਰਨ ਇਨਕਲਾਬ ਦੀ ਇਹ ਮਿਤੀ ਅੱਗੇ ਪਾਉਣੀ ਪਈ। ਬਹੁਤ ਸਾਰੇ ਦੇਸ਼-ਭਗਤ ਗ੍ਰਿਫ਼ਤਾਰ ਕਰ ਲਏ ਗਏ। ਕਰਤਾਰ ਸਿੰਘ ਸਰਾਭਾ ਆਪਣੇ ਸਾਥੀਆਂ ਹਰਨਾਮ ਸਿੰਘ ਟੁੰਡੀਲਾਟ, ਜਗਤ ਸਿੰਘ, ਸੁਰ ਸਿੰਘ ਸਮੇਤ ਜਗਤ ਸਿੰਘ ਦੇ ਮਿੱਤਰ ਕੋਲ ਸਰਗੋਧਾ ਵਿਖੇ ਹਥਿਆਰਾਂ ਦੀ ਪ੍ਰਾਪਤੀ ਲਈ ਗਏ। ਜਿੱਥੇ ਉਸ ਨੇ ਮੁਖਬਰੀ ਕਰਕੇ ਰਸਾਲਦਾਰ ਗੰਡਾ ਸਿੰਘ ਰਾਹੀਂ ਸਾਰੇ ਸਾਥੀਆਂ ਨੂੰ ਗ੍ਰਿਫਤਾਰ ਕਰਵਾ ਦਿੱਤਾ ਤੇ ਲਾਹੌਰ ਜੇਲ੍ਹ ਭੇਜ ਦਿੱਤਾ ਗਿਆ।

26 ਅਪ੍ਰੈਲ 1915 ਨੂੰ ਇਨ੍ਹਾਂ ਦੇਸ਼ ਭਗਤਾਂ ਵਿਰੁੱਧ ਲਾਹੌਰ ਸਾਜ਼ਿਸ਼ ਕੇਸ-1 ਅਧੀਨ ਮੁਕੱਦਮਾ ਚਲਾਇਆ ਗਿਆ ਤੇ ਵੱਖ-ਵੱਖ ਸਖ਼ਤ ਸਜ਼ਾਵਾਂ ਦਿੱਤੀਆਂ ਗਈਆਂ। 13 ਸਤੰਬਰ 1915 ਨੂੰ ਅਦਾਲਤ ਵੱਲੋਂ ਫੈਸਲਾ ਸੁਣਾਇਆ, ਜਿਸ ਅਨੁਸਾਰ 64 ਦੇਸ਼-ਭਗਤਾਂ ਵਿੱਚੋਂ 24 ਨੂੰ ਫਾਂਸੀ ਦੀ ਸਜ਼ਾ ਦਿੱਤੀ ਗਈ ਤੇ ਬਾਕੀਆਂ ਨੂੰ ਬਹੁਤ ਸਖ਼ਤ ਸਜ਼ਾਵਾਂ ਦਿੱਤੀਆਂ ਗਈਆਂ। 24 ਗਦਰੀ ਦੇਸ਼ ਭਗਤਾਂ ਪਿੱਛੋਂ 17 ਗ਼ਦਰੀ ਦੇਸ਼ ਭਗਤਾਂ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿੱਚ ਬਦਲ ਦਿੱਤੀ ਗਈ । ਸੱਤ ਦੇਸ਼ ਭਗਤਾਂ ਸਮੇਤ ਕਰਤਾਰ ਸਿੰਘ ਸਰਾਭੇ ਨੂੰ ਫਾਂਸੀ ਸਦਾ ਉਸੇ ਤਰ੍ਹਾਂ ਹੀ ਬਹਾਲ ਰੱਖੀ ਗਈ । ਅਦਾਲਤ ਦੇ ਜੱਜ ਅਨੁਸਾਰ ਕਰਤਾਰ ਸਿੰਘ ਸਰਾਭਾ ਦਾ ਅਮਰੀਕਾ ਤੋਂ ਲੈ ਕੇ ਸਮੁੰਦਰੀ ਰਸਤਿਆਂ ਅਤੇ ਭਾਰਤ ਵਿੱਚ ਹਰ ਥਾਂ ਉਪਰ ਸਭ ਤੋਂ ਵੱਧ ਯੋਗਦਾਨ ਪਾਇਆ ਗਿਆ, ਗਦਰੀ ਬਾਬਿਆਂ ਦੀ ਹਰ ਲੜਾਈ ਵਿੱਚ ਕਰਤਾਰ ਸਿੰਘ ਸਰਾਭਾ ਕੇਂਦਰੀ ਬਿੰਦੂ ਦੇ ਰੂਪ ਵਿੱਚ ਕੰਮ ਕਰਦਾ ਰਿਹਾ। ਅਮਰੀਕਾ ਤੋਂ ਲੈ ਕੇ ਭਾਰਤ ਤੱਕ ਗ਼ਦਰੀਆਂ ਦੀ ਹਰ ਸਾਜ਼ਿਸ਼ ਵਿੱਚ ਕਰਤਾਰ ਸਿੰਘ ਸਰਾਭੇ ਦਾ ਨਾਂਅ ਪਹਿਲਾਂ ਆਉਂਦਾ ਹੈ, ਇਸ ਲਈ ਇਸ ਰਹਿਮ ਨਹੀਂ ਕੀਤਾ ਜਾ ਸਕਦਾ। ਇਸ ਝੂਠੇ ਮੁਕੱਦਮੇ ਅਧੀਨ ਇਸ ਜ਼ਾਲਮ ਤੇ ਲੁਟੇਰੀ ਅੰਗਰੇਜ਼ ਸਰਕਾਰ ਵੱਲੋਂ ਛੇ ਹੋਰ ਦੇਸ਼ ਭਗਤ ਸਾਥੀਆਂ ਵਿਸ਼ਨੂੰ ਗਣੇਸ਼ ਪਿੰਗਲੇ, ਹਰਨਾਮ ਸਿੰਘ ਸਿਆਲਕੋਟੀ, ਜਗਤ ਸਿੰਘ ਸੁਰਸਿੰਘ, ਬਖਸ਼ੀਸ਼ ਸਿੰਘ, ਸੁਰੈਣ ਸਿੰਘ ਵੱਡਾ ਅਤੇ ਸੁਰੈਣ ਸਿੰਘ ਛੋਟਾ ਸਮੇਤ ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਨੂੰ ਫਾਂਸੀ ਦੀ ਸਜ਼ਾ ਦੇ ਕੇ ਸ਼ਹੀਦ ਕਰ ਦਿੱਤਾ ਗਿਆ। ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੀ ਸ਼ਹੀਦੀ ਤੋਂ ਸ਼ਹੀਦ ਭਗਤ ਸਿੰਘ ਇੰਨੇ ਪ੍ਰਭਾਵਿਤ ਸਨ ਕਿ ਉਹ ਹਰ ਸਮੇਂ ਕਰਤਾਰ ਸਿੰਘ ਸਰਾਭੇ ਦੀ ਫੋਟੋ ਆਪਣੀ ਜੇ

24-MAY-PAGE-5.qxd 5/23/2023 10:44 PM Page 1

ਸੀਗਲ ਪਲਾਂਟ ਖਿਲਾਫ ਕਿਸਾਨਾਂ-ਮਜ਼ਦੂਰਾਂ ਵੱਲੋਂ ਦੂਜੇ ਦਿਨ ਵੀ ਧਰਨਾ

ਕਾਰਪੋਰੇਟਰਾਂ ਤੇ ਪ੍ਰਸ਼ਾਸਨ ਦਾ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

ਕਾਰਪੋਰੇਟ ਘਰਾਣਿਆਂ ਤੇ ਪ੍ਰਸ਼ਾਸਨ ਦਾ ਪੁਤਲਾ ਫੂਕਦੇ ਹੋਏ ਕਿਸਾਨ ਆਗੂ।

ਮੱਖੂ (ਰਛਪਾਲ ਸਿੰਘ ਸੰਧੂ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਮੱਖੂ ਦੇ ਕਿਸਾਨਾਂ-ਮਜ਼ਦੂਰਾਂ ਵੱਲੋਂ ਸੀਗਲ ਇੰਡੀਆ ਲਿਮਟਿਡ ਪਲਾਂਟ ਖਿਲਾਫ ਪੱਕਾ ਧਰਨਾ ਦੂਜੇ ਦਿਨ ਵੀ ਜਾਰੀ ਰਿਹਾ। ਧਰਨੇ ਵਿੱਚ ਇਕੱਠੇ ਹੋਏ ਕਿਸਾਨਾਂ-ਮਜ਼ਦੂਰਾਂ ਨੇ ਮੱਖੂ-ਮੱਲਾਂਵਾਲਾ ਰੋਡ 'ਤੇ ਕਾਰਪੋਰੇਟ ਘਰਾਣੇ ਤੇ ਪ੍ਰਸ਼ਾਸਨ ਦਾ ਪੁਤਲਾ ਫੂਕਿਆ ਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਸੰਬੋਧਨ ਕਰਦਿਆਂ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ, ਬਲਜਿੰਦਰ ਸਿੰਘ ਤਲਵੰਡੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਕੁਝ ਦਿਨ ਪਹਿਲਾਂ ਕਿਹਾ ਸੀ ਕਿ ਪਹਿਲਾਂ ਧਰਨਾ ਲਾਉਣ ਦੀ ਵਜ੍ਹਾ ਭਾਲਦੇ ਸੀ ਤੇ ਹੁਣ ਜਗਾ ਭਾਲਦੇ ਹਨ, ਨੂੰ ਜਵਾਬ ਹੈ ਕਿ ਜੋ ਇਹ ਧਰਨਾ ਚੱਲ ਰਿਹਾ ਹੈ, ਇਸ ਦੀ ਵਜ੍ਹਾ ਵੀ ਤੁਹਾਡੇ ਸਾਹਮਣੇ ਹੈ ਤੇ ਜਗ੍ਹਾ (ਜ਼ਮੀਨ) ਵੀ ਤੁਹਾਡੇ ਸਾਹਮਣੇ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕਈ ਵਾਰ ਪ੍ਰਸ਼ਾਸਨ ਨੂੰ ਮਿਲ ਕੇ ਸਾਰੇ ਮਸਲੇ ਸੰਬੰਧੀ ਦੱਸਿਆ ਜਾ ਚੁੱਕਿਆ ਹੈ, ਪਰ ਪ੍ਰਸ਼ਾਸਨ ਕੋਈ ਵੀ ਬਣਦੀ ਕਾਰਵਾਈ ਕਰਨ ਨੂੰ ਤਿਆਰ ਨਹੀਂ ਹੈ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਜੇਕਰ ਸੁੱਤਾ ਪ੍ਰਸ਼ਾਸਨ ਕੁੰਭਕਰਨੀ ਨੀਂਦ ਵਿੱਚੋਂ ਬਾਹਰ ਨਾ ਆਇਆ ਤਾਂ ਅਗਲੇ ਤਿੱਖੇ ਸੰਘਰਸ਼ ਦਾ ਜਲਦੀ ਐਲਾਨ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸੀਗਲ ਕੰਪਨੀ ਦੀ ਹੋਵੇਗੀ। ਇਸ ਮੌਕੇ ਲਖਵਿੰਦਰ ਸਿੰਘ ਵਸਤੀ ਨਾਮਦੇਵ, ਸਾਹਿਬ ਸਿੰਘ, ਨਿਸਾਨ ਸਿੰਘ ਤਲਵੰਡੀ, ਤਰਸੇਮ ਸਿੰਘ, ਸੁਰਜੀਤ ਸਿੰਘ ਬਾਹਰਵਾਲੀ, ਨਿਰਮਲ ਸਿੰਘ, ਗੁਰਸੇਵਕ ਸਿੰਘ ਮਹਿਮੂਦ ਵਾਲਾ, ਗੁਰਮੀਤ ਸਿੰਘ ਮੱਖੂ ਆਦਿ ਆਗੂ ਮੌਜੂਦ ਸਨ।

ਕੇਂਦਰੀ ਤਨਖਾਹ ਸਕੇਲ ਰੱਦ ਤੇ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕਰਨ ਦੀ ਮੰਗ

ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਮੁੱਖ ਦਫਤਰ 1680 ਸੈਕਟਰ 22-ਬੀ ਚੰਡੀਗੜ੍ਹ ਦੇ ਚੇਅਰਮੈਨ ਰਣਬੀਰ ਢਿੱਲੋਂ, ਐਕਟਿੰਗ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸਰਪ੍ਰਸਤ ਚਰਨ ਸਿੰਘ ਸਰਾਭਾ, ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਐਡੀਸ਼ਨਲ ਜਨਰਲ ਸਕੱਤਰ ਪਰੇਮ ਚਾਵਲਾ, ਕਰਤਾਰ ਸਿੰਘ ਪਾਲ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਗੁਰਮੇਲ ਸਿੰਘ ਮੈਲਡੇ, ਗੁਰਜੀਤ ਸਿੰਘ ਘੋੜੇਵਾਹ, ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਪ੍ਰਭਜੀਤ ਸਿੰਘ ਉੱਪਲ ਵੱਲੋਂ ਸ੍ਰ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੂੰ ਤੱਕੜੇ ਹੱਥੀਂ ਲੈਂਦਿਆਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੋਟਾਂ ਤੋਂ ਪਹਿਲਾਂ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਕੀਤੇ ਵਾਅਦਿਆਂ ਤੋਂ ਭੱਜ ਰਹੀ ਹੈ। ਉਨ੍ਹਾ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ 17 ਜੁਲਾਈ 2020 ਦਾ ਪੰਜਾਬ ਦੇ ਨਵੇਂ ਭਰਤੀ ਮੁਲਾਜ਼ਮਾਂ ਉੱਤੇ ਕੇਂਦਰੀ ਤਨਖਾਹ ਸਕੇਲ ਲਾਗੂ ਕਰਨ ਦਾ ਤੁਗਲਕੀ ਪੱਤਰ ਰੱਦ ਕੀਤਾ ਜਾਵੇ ਤੇ 17 ਜੁਲਾਈ 2020 ਤੋਂ ਬਾਅਦ ਭਰਤੀ ਸਮੂਹ ਨਵੇਂ ਮੁਲਾਜ਼ਮਾਂ 'ਤੇ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਕੇ ਉਨ੍ਹਾਂ ਕਰਮਚਾਰੀਆਂ ਨਾਲ ਨਿਆ ਕੀਤਾ ਜਾਵੇ। ਇਸ ਸਮੇਂ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਮੋਰਚੇ ਦੇ ਸੂਬਾਈ ਕਨਵੀਨਰ ਗੁਰਜੰਟ ਸਿੰਘ ਕੋਕਰੀ ਕਲਾਂ, ਕੋ-ਕਨਵੀਨਰ ਰਣਦੀਪ ਸਿੰਘ ਸ੍ਰੀ ਫਤਹਿਗੜ੍ਹ ਸਾਹਿਬ, ਟਹਿਲ ਸਿੰਘ ਸਰਾਭਾ, ਗੁਰਜੀਤ ਸਿੰਘ ਜਲੰਧਰ, ਸੁਰਿੰਦਰ ਸਿੰਘ ਮੋਗਾ, ਸੀਤਾ ਰਾਮ ਸਰਮਾਂ ਸੰਗਰੂਰ, ਮੇਲਾ ਸਿੰਘ ਪੁੰਨਾਂਵਾਲ ਨੇ ਸਾਂਝਾ ਬਿਆਨ ਜਾਰੀ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਮੁਕੰਮਲ ਰੂਪ ਵਿੱਚ ਤੇ 1972 ਦੇ ਪੈਨਸ਼ਨ ਨਿਯਮਾਂ ਅਨੁਸਾਰ ਇੰਨ ਬਿੰਨ ਲਾਗੂ ਕਰੇ। ਇਸ ਸਮੇਂ ਆਗੂਆਂ ਵੱਲੋਂ ਪੰਜਾਬ ਸਰਕਾਰ ਦੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਬੰਧੀ 18 ਨਵੰਬਰ 2022 ਨੂੰ ਜਾਰੀ ਕੀਤੇ ਨੋਟੀਫਿਕੇਸ਼ਨ ਨੂੰ ਅਧੂਰਾ ਨੋਟੀਫਿਕੇਸ਼ਨ ਕਰਾਰ ਦਿੱਤਾ ਗਿਆ, ਜਿਸ 'ਚ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਸਬੰਧੀ ਸਮਾਂਬੱਧ ਹਦਾਇਤਾਂ ਜਾਰੀ ਨਹੀਂ ਕੀਤੀਆਂ ਗਈਆਂ। ਮੋਰਚੇ ਦੇ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੇਵਲ ਇੱਕ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ, ਜਿਸ ਅਨੁਸਾਰ ਪੰਜਾਬ 'ਚ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਗਈ ਹੈ, ਪਰ ਪੰਜਾਬ ਵਿੱਚ 01-01-2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਵਿੱਚੋਂ ਹਾਲੇ ਤੱਕ ਇੱਕ ਵੀ ਮੁਲਾਜ਼ਮ ਦਾ ਜੀ.ਪੀ.ਐੱਫ. ਖਾਤਾ ਨਹੀ ਖੋਲ੍ਹਿਆ ਗਿਆ, ਜਿਸ ਨਾਲ ਮੁਲਾਜ਼ਮ ਵਰਗ 'ਚ ਭਾਰੀ ਰੋਸ ਹੈ। ਇਸ ਸਮੇਂ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ 18 ਨਵੰਬਰ 2022 ਨੂੰ ਜਾਰੀ ਨੋਟੀਫਿਕੇਸ਼ਨ 'ਚ ਹੋਰ ਸੋਧਾਂ ਕਰਕੇ ਪੰਜਾਬ ਸਿਵਲ ਸਰਵਿਸ ਰੂਲਜ਼ ਭਾਗ-2 ਅਧੀਨ ਸਮੂਹ ਸਰਕਾਰੀ, ਅਰਧ-ਸਰਕਾਰੀ, ਕਾਰਪੋਰੇਸ਼ਨਾਂ, ਬੋਰਡਾਂ, ਯੂਨੀਵਰਸਿਟੀਆਂ ਆਦਿ ਸਮੂਹ ਮੁਲਾਜ਼ਮਾਂ ਨੂੰ ਕਵਰ ਕਰਨ ਤੇ ਪੰਜਾਬ ਸਿਵਲ ਸਰਵਿਸ ਰੂਲਜ਼ ਭਾਗ-1 ਤੇ ਜੀ ਪੀ ਐੱਫ ਦੇ ਨਿਯਮ ਅਧੀਨ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਜਾਣ।

ਨਸ਼ਿਆਂ ਖਿਲਾਫ ਲਾਮਬੰਦ ਕਰਕੇ ਲੋਕਾਂ ਥਾਣੇ ਅੱਗੇ ਲਾਇਆ ਧਰਨਾ

ਨਸ਼ਾ ਤਸਕਰਾਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ : ਸੰਜੀਵ ਗੋਇਲ

ਧਰਨਾਕਾਰੀਆਂ ਨੂੰ ਵਿਸ਼ਵਾਸ ਦਿਵਾਉਂਦੇ ਡੀ ਐੱਸ ਪੀ ਸੰਜੀਵ ਗੋਇਲ।

ਭੀਖੀ (ਧਰਮਵੀਰ ਸ਼ਰਮਾ)-ਨੌਜਵਾਨਾਂ ਅੰਦਰ ਨਸ਼ਿਆਂ ਦੇ ਵਧ ਰਹੇ ਰੁਝਾਨ ਨੂੰ ਠੱਲ੍ਹ ਪਾਉਣ ਲਈ ਲੋਕ ਹੁਣ ਲਾਮਬੰਦ ਹੋਣ ਲੱਗੇ ਹਨ। ਇਸ ਸਬੰਧੀ ਜਿੱਥੇ ਪੰਚਾਇਤਾਂ ਵੀ ਮਤੇ ਪਾ ਰਹੀਆਂ ਹਨ, ਉੱਥੇ ਲੋਕਾਂ ਵੱਲੋਂ ਵੀ ਲਾਮਬੰਦੀ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਵੱਖ ਵੱਖ ਕਿਸਾਨ ਤੇ ਹੋਰ ਰਾਜਨੀਤਕ ਜਥੇਬੰਦੀਆਂ ਵੱਲੋਂ ਸਥਾਨਕ ਗੁਰੂਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਕੀਤੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਨਸ਼ਾ ਖਤਮ ਕਰਨ ਦਾ ਵਾਅਦਾ ਕੀਤਾ ਸੀ, ਉਹ ਵਫਾ ਨਹੀਂ ਹੋਇਆ, ਬਲਕਿ ਨਸ਼ੇ ਦੀ ਵਿਕਰੀ ਵਿੱਚ ਭਾਰੀ ਵਾਧਾ ਹੋਇਆ ਹੈ ਤੇ ਨਸ਼ੇ ਦੇ ਸੌਦਾਗਰ ਅੱਗੇ ਨਾਲੋਂ ਵਧੇ ਹਨ। ਉਨ੍ਹਾਂ ਕਿਹਾ ਕਿ ਚਿੱਟੇ ਤੇ ਹੋਰ ਮੈਡੀਕਲ ਨਸ਼ੇ ਧੜਾਧੜ ਵਿਕ ਰਹੇ ਹਨ, ਪ੍ਰੰਤੂ ਦੂਜੇ ਪਾਸੇ ਨਸ਼ਾ ਬੰਦ ਨਹੀਂ ਹੋ ਰਿਹਾ, ਬਲਕਿ ਨੌਜਵਾਨ ਵੱਡੇ ਪੱਧਰ 'ਤੇ ਇਸ ਨਸ਼ੇ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਜਿਹੇ ਨਸ਼ੇ ਦੇ ਸੌਦਾਗਰਾਂ 'ਤੇ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਸਰਕਾਰੀ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਇਹ ਸਾਰਾ ਕਾਲਾ ਧੰਦਾ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਨੂੰ ਨੱਥ ਪਾਉਣ ਲਈ ਲੋਕਾਂ ਨੂੰ ਪਿੰਡ ਪਿੰਡ ਜਾ ਕੇ ਵੱਡੀ ਲਾਮਬੰਦੀ ਕਰਨ ਦੀ ਜ਼ਰੂਰਤ ਹੈ ਤਾਂ ਜੋ ਇਸ ਧੰਦੇ 'ਚ ਲਿਪਤ ਅਧਿਕਾਰੀਆਂ ਤੇ ਹੋਰ ਲੋਕਾਂ ਖਿਲਾਫ ਕਾਨੂੰਨੀ ਕਾਰਵਾਈ ਕਰਕੇ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਵੀ ਮੰਗ ਕੀਤੀ। ਬਾਅਦ ਵਿੱਚ ਲੋਕਾਂ ਵੱਲੋਂ ਥਾਣਾ ਭੀਖੀ ਵਿਖੇ ਧਰਨਾ ਵੀ ਲਗਾਇਆ ਗਿਆ। ਇਸ ਮੌਕੇ ਪਿੰਡ ਮੋਹਰ ਸਿੰਘ ਵਾਲਾ, ਹੋਡਲਾ ਕਲਾਂ, ਸਮਾਉਂ, ਕੋਟੜਾ ਕਲਾਂ, ਮੂਲਾ ਸਿੰਘ ਵਾਲਾ ਤੇ ਅਤਲਾ ਖੁਰਦ ਦੀਆਂ ਪੰਚਾਇਤਾਂ ਨੇ ਨਸ਼ੇ ਵਿਰੁੱਧ ਮਤੇ ਵੀ ਪਾਏ। ਇਸ ਮੌਕੇ ਕਾ. ਗੁਰਨਾਮ ਭੀਖੀ, ਮਾ. ਵਰਿੰਦਰ ਸੋਨੀ, ਗੁਰਜੰਟ ਮਾਨਸਾ, ਕਾ. ਕ੍ਰਿਸ਼ਨ ਚੌਹਾਨ, ਧਰਮਪਾਲ ਨੀਟਾ, ਭੋਲਾ ਸਿੰਘ ਸਮਾਉਂ, ਪ੍ਰਗਟ ਖੀਵਾ, ਬਸਪਾ ਦੇ ਰਜਿੰਦਰ ਭੀਖੀ, ਸਰਵਰ ਕੁਰੈਸ਼ੀ, ਸੁਖਦੇਵ ਸਿੰਘ ਤੇ ਕਾ. ਵਿਜੇ ਭੀਖੀ ਹਾਜ਼ਰ ਸਨ। ਇਸ ਮੌਕੇ ਡੀ ਐੱਸ ਪੀ ਸੰਜੀਵ ਗੋਇਲ ਨੇ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ ਤੇ ਨਸ਼ੇ ਦੇ ਸੌਦਾਗਰਾਂ ਨੂੰ ਹਰ ਹਾਲ ਵਿੱਚ ਨੱਥ ਪਾਈ ਜਾਵੇਗੀ। ਇਸ ਭਰੋਸੇ ਤੋਂ ਬਾਦ ਧਰਨਾ ਖਤਮ ਕਰ ਦਿੱਤਾ ਗਿਆ। ਇਸ ਮੌਕੇ ਐੱਸ ਐੱਚ ਓ ਭੀਖੀ ਇੰਸਪੈਕਟਰ ਰੁਪਿੰਦਰ ਕੌਰ ਸਿੱਧੂ, ਸਹਾਇਕ ਥਾਣੇਦਾਰ ਪ੍ਰਮਜੀਤ ਸਿੰਘ ਛੀਨਾ ਤੇ ਮੁੱਖ ਮੁਨਸ਼ੀ ਮਨਦੀਪ ਸਿੰਘ ਹਾਜ਼ਰ ਸਨ।

ਕਾਤਰਾਂ

ਦੋ ਦਰਜਨ ਮੋਟਰਾਂ ਤੋਂ ਕੇਬਲ ਤਾਰਾਂ ਚੋਰੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)-ਬੀਤੀ ਰਾਤ ਨੇੜਲੇ ਪਿੰਡ ਲੋਹਾਖੇੜਾ ਵਿਖੇ ਚੋਰ ਗਰੋਹ ਵੱਲੋਂ ਇਲਾਕੇ ਦੀਆਂ ਲਗਭਗ ਦੋ ਦਰਜਨ ਮੋਟਰਾਂ ਤੋਂ ਬਿਜਲੀ ਦੀਆਂ ਕੀਮਤੀ ਕੇਬਲਾਂ ਤੇ ਹੋਰ ਸਾਮਾਨ ਚੋਰੀ ਕੀਤੇ ਜਾਣ ਦਾ ਸਮਾਚਾਰ ਹੈ। ਚੋਰਾਂ ਵੱਲੋਂ ਕੀਤੀ ਗਈ ਚੋਰੀ ਦੀ ਲਪੇਟ ਵਿੱਚ ਆਏ ਇੱਕ ਕਿਸਾਨ ਨੇ ਦੱਸਿਆ ਕਿ ਉਨ੍ਹਾਂ ਦਾ ਖੇਤ ਪੀਰਖਾਨਾ ਰੋਡ 'ਤੇ ਹੈ ਅਤੇ ਇਲਾਕੇ ਵਿੱਚ ਅੱਜ ਰਾਤ ਦੀ ਬਿਜਲੀ ਸਪਲਾਈ ਦੀ ਵਾਰੀ ਨਹੀਂ ਸੀ ਅਤੇ ਅੱਜ ਜਦੋਂ ਉਨ੍ਹਾਂ ਸਵੇਰੇ ਖੇਤ ਵਿੱਚ ਆ ਕੇ ਵੇਖਿਆ ਤਾਂ ਮੋਟਰ ਤੋਂ ਹਜ਼ਾਰਾਂ ਰੁਪਏ ਦੀ ਕੀਮਤੀ ਕੇਬਲ ਤਾਰ ਚੋਰੀ ਹੋਈ ਪਈ ਸੀ। ਸੂਤਰਾਂ ਅਨੁਸਾਰ ਮੇਜਰ ਸਿੰਘ ਪੁੱਤਰ ਜਰਨੈਲ ਸਿੰਘ, ਸ਼ਿੰਗਾਰਾ ਸਿੰਘ ਪੁੱਤਰ ਹਜ਼ੂਰਾ ਸਿੰਘ ਤੋਂ ਇਲਾਵਾ ਹੋਰ ਕਿਸਾਨਾਂ ਦੀਆਂ ਮੋਟਰਾਂ ਤੋਂ ਕੀਮਤੀ ਕੇਬਲ ਤਾਰਾਂ ਤੇ ਹੋਰ ਸਾਮਾਨ ਚੋਰੀ ਹੋ ਗਿਆ। ਪੀੜਤ ਕਿਸਾਨਾਂ ਨੇ ਥਾਣਾ ਲੌਂਗੋਵਾਲ ਵਿਖੇ ਚੋਰੀ ਦੀ ਇਤਲਾਹ ਦੇ ਕੇ ਚੋਰਾਂ ਨੂੰ ਜਲਦ ਕਾਬੂ ਕਰਨ ਦੀ ਮੰਗ ਕੀਤੀ ਹੈ।

ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)-ਜ਼ਿਲ੍ਹੇ ਅੰਦਰ ਨਸ਼ਿਆਂ ਖਿਲਾਫ ਵਿੱਢੀ ਮੁਹਿਮ ਤਹਿਤ ਥਾਣਾ ਸਿਟੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ 2900 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ। ਜਾਣਕਾਰੀ ਅਨੁਸਾਰ ਪੁਲਸ ਪਾਰਟੀ ਗਸ਼ਤ ਵਾ ਚੈਕਿੰਗ ਦੇ ਸਬੰਧ 'ਚ ਬਰਕੰਦੀ ਰੋਡ ਨਜ਼ਦੀਕ ਸਨ ਤਾਂ ਇੱਕ ਪੈਦਲ ਵਿਅਕਤੀ ਨੂੰ ਰੋਕ ਕੇ ਉਸ ਦਾ ਨਾਮ ਪਤਾ ਪੁੱਛਿਆ ਗਿਆ ਤਾਂ ਉਸ ਨੇ ਆਪਣਾ ਨਾਮ ਅੰਗਰੇਜ਼ ਸਿੰਘ ਪੁੱਤਰ ਲਾਲ ਸਿੰਘ ਵਾਸੀ ਪਿੰਡ ਬਰਕੰਦੀ ਦੱਸਿਆ, ਜਿਸ 'ਤੇ ਸ਼ੱਕ ਦੀ ਬਿਨਾਅ 'ਤੇ ਉਸ ਦੀ ਤਲਾਸ਼ੀ ਲਈ ਗਈ ਤਾਂ ਉਸ ਪਾਸੋਂ 2900 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਥਾਣਾ ਸਿਟੀ ਵਿਖੇ ਮਾਮਲਾ ਦਰਜ ਕਰ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ/ਕੁਲਦੀਪ ਅੱਤਰੀ)-ਸ਼ਹੀਦਾਂ ਦੇ ਸਿਰਤਾਜ, ਪੰਚਮ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਗੁਰਦੁਆਚਾਰ ਚੂਲੇ ਬਾਬਾ ਆਲਾ ਸਿੰਘ ਜੀ, ਗੁ. ਬਾਬਾ ਨਰੈਣ ਦਾਸ ਜੀ, ਗੁ. ਭਾਈ ਕੀ ਸਮਾਧ ਸਲਾਈਟ ਵਿਖੇ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ ਅਤੇ ਰੱਖੇ ਗਏ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਸਾਬਕਾ ਮੰਤਰੀ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੈਨੇਜਰ ਮਨਪ੍ਰੀਤ ਸਿੰਘ, ਹੈਡ ਗ੍ਰੰਥੀ ਤੇ ਕਥਾਵਾਚਕ ਭਾਈ ਮਨਦੀਪ ਸਿੰਘ (ਪਟਿਆਲੇ ਵਾਲੇ), ਭਾਈ ਧਨਵੰਤ ਸਿੰਘ, ਜਗਸੀਰ ਸਿੰਘ, ਹੈੱਡ ਗ੍ਰੰਥੀ ਪਵਿੱਤਰ ਸਿੰਘ ਸੋਹਕੇ ਸਮੇਤ ਸ਼੍ਰੋਮਣੀ ਅਕਾਲੀ ਦਲ (ਅ) ਦੇ ਅੰਮ੍ਰਿਤਪਾਲ ਸਿੰਘ ਸਿੱਧੂ, ਅਮਰਜੀਤ ਸਿੰਘ ਗਿੱਲ ਨੇ ਵੀ ਸ਼ਿਰਕਤ ਕੀਤੀ। ਇਸ ਸਮੇਂ ਸੇਵਾਦਾਰਾਂ ਵੱਲੋਂ ਸੰਗਤਾਂ ਲਈ ਠੰਢੇ ਪਾਣੀ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ। ਇਸ ਤੋਂ ਇਲਾਵਾ ਪਿੰਡ ਸ਼ੇਰੋਂ ਵਿਖੇ ਗੁਰੂਦੁਆਰਾ ਸੰਤ ਅਤਰ ਸਿੰਘ ਕਮੇਟੀ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ ਤੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਕਰਵਾਏ ਗਏ ਪ੍ਰਕਾਸ਼ ਉਪਰੰਤ ਪਾਠ ਦੇ ਭੋਗ ਪਾਏ ਗਏ ਤੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਜਥੇ. ਚਮਕੌਰ ਸਿੰਘ, ਖਜ਼ਾਨਚੀ ਅਮਰਜੀਤ ਸਿੰਘ, ਸਕੱਤਰ ਕਾਕਾ ਸਿੰਘ, ਮੀਤ ਸਕੱਤਰ ਨਿਰਭੈ ਸਿੰਘ, ਮੈਂਬਰ ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਸੁਖਚੈਨ ਸਿੰਘ, ਜਰਨੈਲ ਸਿੰਘ, ਰਾਏ ਸਿੰਘ, ਗੁਰਜੰਟ ਸਿੰਘ, ਹੈੱਡ ਗ੍ਰੰਥੀ ਰੇਸ਼ਮ ਸਿੰਘ, ਗ੍ਰੰਥੀ ਜੋਤੀ ਸਿੰਘ ਤੇ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

ਸੂਬੇ ਨੂੰ ਕਰਜ

page-6-24-(MAY)-2023-G-(BV).qxd 5/23/2023 10:59 PM Page 1

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਣ ਲਈ ਜਲਦ ਮੰਗੇ ਜਾਣਗੇ ਖੁੱਲ੍ਹੇ ਟੈਂਡਰ: ਐਡਵੋਕੇਟ ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਹੈ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਣ ਲਈ ਜਲਦ ਹੀ ਖੁੱਲ੍ਹੇ ਟੈਂਡਰ ਮੰਗੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਕਾਰਜ ਲਈ ਪੰਜ ਮੈਂਬਰੀ ਕਮੇਟੀ ਗਠਤ ਕੀਤੀ ਗਈ ਹੈ, ਜੋ ਨਿਯਮ ਅਤੇ ਸ਼ਰਤਾਂ ਤੈਅ ਕਰੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਬਾਣੀ ਪ੍ਰਸਾਰਣ ਸਬੰਧੀ ਕੁਝ ਲੋਕ ਵੱਲੋਂ ਜਾਣਬੁਝ ਕੇ ਬੇਲੋੜਾ ਵਿਵਾਦ ਪੈਦਾ ਕੀਤਾ ਜਾ ਰਿਹਾ ਹੈ ਅਤੇ ਦੁੱਖ ਦੀ ਗੱਲ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਇਸ ਵਿਚ ਭਾਗੀ ਹਨ।

ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਬੀਤੇ ਅਰਸੇ ਦੌਰਾਨ ਨਿਯਮਾਂ ਤਹਿਤ ਗੁਰਬਾਣੀ ਪ੍ਰਸਾਰਣ ਦੇ ਹੱਕ ਵੱਖ-ਵੱਖ ਚੈਨਲਾਂ ਨੂੰ ਦਿੱਤੇ ਸਨ, ਜਿਸ ਤਹਿਤ ਮੌਜੂਦਾ ਸਮੇਂ ਜੀ-ਨੈਕਸਟ ਮੀਡੀਆ ਪ੍ਰਾਈਵੇਟ ਲਿਮਿ: (ਪੀਟੀਸੀ ਚੈਨਲ) ਨਾਲ ਚੱਲ ਰਿਹਾ ਇਕਰਾਰਨਾਮਾ ਜੁਲਾਈ 2023 ਤੱਕ ਹੈ। ਇਹ ਇਕਰਾਰਨਾਮਾ 24 ਜੁਲਾਈ 2012 ਨੂੰ 11 ਸਾਲ ਲਈ ਹੋਇਆ ਸੀ ਅਤੇ ਹੁਣ ਇਸ ਦੇ ਸਮਾਪਤ ਹੋਣ 'ਤੇ ਨਵੇਂ ਸਿਰਿਓਂ ਕਾਰਵਾਈ ਕੀਤੀ ਜਾਣੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਕਰਾਰਨਾਮੇ ਤਹਿਤ ਜੀ-ਨੈਕਸਟ ਮੀਡੀਆ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਵਿੱਦਿਆ ਫੰਡ ਲਈ 1 ਕਰੋੜ ਰੁਪਏ ਸਾਲਾਨਾ (10% ਸਾਲਾਨਾ ਵਾਧੇ ਨਾਲ) ਦੇਣਾ ਤੈਅ ਹੋਇਆ ਸੀ, ਜਿਸ ਅਨੁਸਾਰ ਬਣਦੀ ਹੁਣ ਤਕ ਦੀ ਸਾਰੀ ਰਾਸ਼ੀ ਜਮ੍ਹਾ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਦੇ ਪ੍ਰਸਾਰਣ ਲਈ ਇਕ ਮਰਯਾਦਾ ਬੇਹੱਦ ਲਾਜ਼ਮੀ ਹੈ, ਜਿਸ ਕਰਕੇ ਹਰ ਇਕ ਨੂੰ ਇਸ ਦੇ ਪ੍ਰਸਾਰਣ ਦੀ ਖੁੱਲ੍ਹ ਨਹੀਂ ਦਿੱਤੀ ਜਾ ਸਕਦੀ। ਜਿਹੜਾ ਵੀ ਗੁਰਬਾਣੀ ਪ੍ਰਸਾਰਣ ਦੇ ਹੱਕ ਪ੍ਰਾਪਤ ਕਰੇਗਾ ਉਸ ਨੂੰ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਦੀ ਕਦਰ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਵੱਲੋਂ ਨਿਰਧਾਰਤ ਮਰਯਾਦਾ ਅਤੇ ਨਿਯਮਾਂ ਦਾ ਪਾਲਣਾ ਕਰਨਾ ਜ਼ਰੂਰੀ ਹੋਵੇਗਾ। ਇਸ ਦੇ ਨਾਲ ਹੀ ਗੁਰਬਾਣੀ ਦਾ ਪ੍ਰਸਾਰਣ ਵਿਸ਼ਵ ਭਰ ਵਿਚ ਕਰਨਾ ਯਕੀਨੀ ਬਣਾਉਣਾ ਪਵੇਗਾ। ਦੂਸਰੇ ਪਾਸੇ ਜੇਕਰ ਖੁੱਲ੍ਹੇਆਮ ਗੁਰਬਾਣੀ ਪ੍ਰਸਾਰਣ ਦੀ ਆਗਿਆ ਦੇ ਦਿੱਤੀ ਜਾਵੇ ਤਾਂ ਮਰਯਾਦਾ ਵਿਰੁੱਧ ਕਈ ਮਾਮਲੇ ਉਭਰਨਗੇ, ਖਾਸਕਰ ਇਸ਼ਤਿਹਾਰਬਾਜ਼ੀ ਨੂੰ ਲੈ ਕੇ ਵਿਵਾਦ ਪੈਦਾ ਹੋਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਗੁਰਚਰਨ ਸਿੰਘ ਗਰੇਵਾਲ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਹਰਜਾਪ ਸਿੰਘ ਸੁਲਤਾਨਵਿੰਡ, ਗੁਰਪ੍ਰੀਤ ਸਿੰਘ ਝੱਬਰ, ਸਕੱਤਰ ਪ੍ਰਤਾਪ ਸਿੰਘ, ਓਐੱਸਡੀ ਸਤਬੀਰ ਸਿੰਘ ਧਾਮੀ, ਬਲਵਿੰਦਰ ਸਿੰਘ ਕਾਹਲਵਾਂ, ਗੁਰਿੰਦਰ ਸਿੰਘ ਮਥਰੇਵਾਲ, ਮੈਨੇਜਰ ਸਤਨਾਮ ਸਿੰਘ ਮਾਂਗਾਸਰਾਏ, ਮੀਤ ਸਕੱਤਰ ਸ਼ਾਹਬਾਜ਼ ਸਿੰਘ ਅਤੇ ਜਸਵਿੰਦਰ ਸਿੰਘ ਜੱਸੀ ਹਾਜ਼ਰ ਸਨ।

ਸਫਾਈ ਕਾਮਿਆਂ ਦਾ ਰੇੜਕਾ ਖਤਮ, 3 ਮਹੀਨਿਆਂ ਦੀ ਤਨਖਾਹ ਰਿਲੀਜ਼

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪਿਛਲੇ 6 ਮਹੀਨਿਆਂ ਤੋਂ ਤਨਖਾਹਾਂ ਨਾ ਮਿਲਣ ਕਰਕੇ ਡੇਰਾ ਬਾਬਾ ਨਾਨਕ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਵੱਲੋਂ ਬੀਤੇ 21 ਦਿਨਾਂ ਤੋਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਖਿਲਾਫ ਕੰਮਕਾਜ ਬੰਦ ਕਰਕੇ ਹੜਤਾਲ ਕੀਤੀ ਗਈ ਸੀ। ਸ਼ਹਿਰ ਵਿੱਚ ਲੱਗੇ ਗੰਦਗੀ ਦੇ ਢੇਰਾਂ ਤੋਂ ਸ਼ਹਿਰ ਵਾਸੀ ਤੰਗ ਪਰੇਸ਼ਾਨ ਸਨ। ਨਗਰ ਕੌਂਸਲ ਸਫਾਈ ਕਰਮਚਾਰੀਆਂ ਦੇ ਹੱਕ ਵਿੱਚ ਵੱਖ-ਵੱਖ ਜਥੇਬੰਦੀਆਂ ਵੱਲੋਂ ਵੀ ਸਮਰਥਨ ਦਿੱਤਾ ਜਾ ਰਿਹਾ ਸੀ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਵੀ ਇਨ੍ਹਾਂ ਸਫਾਈ ਕਰਮਚਾਰੀਆਂ ਦੀ ਆਵਾਜ਼ ਚੁੱਕਣ ਲਈ ਵੱਖ-ਵੱਖ ਅਖਬਾਰਾਂ ਅਤੇ ਨਿੱਜੀ ਚੈਨਲਾਂ ਵਿੱਚ ਖਬਰਾਂ ਪ੍ਰਕਾਸ਼ਿਤ ਕੀਤੀਆਂ ਜਾ ਰਹੀਆ ਸਨ।

ਆਖਰਕਾਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰਕਤ ਵਿੱਚ ਆਉਂਦੇ ਹੋਏ ਅੱਜ ਐੱਸਡੀਐੱਮ ਡੇਰਾ ਬਾਬਾ ਨਾਨਕ ਅਤੇ ਕਾਰਜ ਸਾਧਕ ਅਫਸਰ ਡੇਰਾ ਬਾਬਾ ਨਾਨਕ ਨੇ ਸਫਾਈ ਕਰਮਚਾਰੀਆਂ ਦੀਆਂ ਮੁਸ਼ਕਿਲਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਤੁਰੰਤ ਪਿਛਲੇ 3 ਮਹੀਨਿਆਂ ਦੀਆਂ ਤਨਖਾਹਾਂ ਰਿਲੀਜ਼ ਕਰ ਦਿੱਤੀਆਂ। ਤਨਖਾਹਾਂ ਮਿਲਣ ਉਪਰੰਤ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਵੱਲੋਂ ਅੱਜ ਕਸਬੇ ਦੀ ਸਫਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਸਹਿਰ ਵਿੱਚ ਲੱਗੇ ਕੂੜੇ ਦੇ ਢੇਰਾਂ ਨੂੰ ਹਟਾ ਦਿੱਤਾ ਗਿਆ ਜਿਸ ਨੂੰ ਲੈ ਕੇ ਸਹਿਰ ਨਿਵਾਸੀ ਹੁਣ ਸਕੂਨ ਭਰੀ ਜ਼ਿਦਗੀ ਮਹਿਸੂਸ ਕਰ ਰਹੇ ਹਨ। ਇਸ ਮੌਕੇ ਕਲਰਕ ਬਲਜਿੰਦਰ ਸਿੰਘ, ਕਲਰਕ ਟਹਿਲ ਸਿੰਘ, ਸਫਾਈ ਸੁਪਰਵਾਈਜ਼ਰ ਪ੍ਰੇਮ ਨਾਥ, ਪੀਟਰ ਕਾਲਾ, ਧਰਮਪਾਲ, ਬਿੱਟਾ, ਸਰਬਜੀਤ ਸਿੰਘ ਬੇਦੀ, ਰਾਜ ਕੁਮਾਰ, ਕ੍ਰਿਸ਼ਨ ਗੋਪਾਲ, ਹਰਸ਼, ਲਾਡੀ ਮਸੀਹ, ਰਾਹੁਲ ਕੁਮਾਰ, ਕੁਲਦੀਪ ਸਿੰਘ, ਵਿਸ਼ਾਲ, ਕਪਲ ਦੇਵ, ਹੀਨਾ ਕੁਮਾਰੀ, ਜਤਿੰਦਰ ਕੁਮਾਰ, ਮਿੱਠੂ, ਗੋਰਾ, ਸਾਗਰ, ਰਾਜਾ, ਇਮਤਿਆਜ਼ ਆਦਿ ਸਫਾਈ ਕਰਮਚਾਰੀ ਹਾਜ਼ਰ ਸਨ। ਇਸ ਮੌਕੇ ਡੇਰਾ ਬਾਬਾ ਨਾਨਕ ਸਫਾਈ ਕਰਮਚਾਰੀਆ ਵੱਲੋਂ ਪ੍ਰਸ਼ਾਸਨ ਅਤੇ ਮੁਨੀਸ਼ ਗਿੱਲ ਜ਼ਿਲਾ ਪ੍ਰਧਾਨ ਅਤੇ ਸਿਕੰਦਰ ਧਾਰੀਵਾਲ ਪ੍ਰਧਾਨ ਦਾ ਧੰਨਵਾਦ ਕੀਤਾ ਗਿਆ।

ਸੋਮਾ ਕੰਪਨੀ ਦੇ ਬਾਹਰ ਸੜਕ 'ਤੇ ਲੱਗੀਆਂ ਟਰੱਕਾਂ ਦੀਆਂ ਕਤਾਰਾਂ ਤੋਂ ਰਾਹਗੀਰ ਪ੍ਰੇਸ਼ਾਨ

ਪੱਟੀ, (ਬਲਦੇਵ ਸਿੰਘ ਕਿਰਤੋਵਾਲ/ਸ਼ਮਸ਼ੇਰ ਸਿੰਘ ਯੋਧਾ)-ਪਿੰਡ ਚੂਸਲੇਵੜ ਦੇ ਰਕਬੇ 'ਚ ਹਰੀਕੇ ਖਾਲੜਾ ਰੋਡ ਤੇ ਅਨਾਜ ਭੰਡਾਰਨ ਲਈ ਸੋਮਾ ਕੰਪਨੀ ਅੱਗੇ ਰੋਜ਼ਾਨਾ ਟਰੱਕਾਂ ਵੱਲੋਂ ਰਸਤਾ ਬੰਦ ਕਰਨ ਕਰਕੇ ਇਲਾਕੇ ਦੇ ਸਹਿਯੋਗ ਨਾਲ ਪਿੰਡ ਚੂਸਲੇਵੜ ਇਕਾਈ ਨੇ ਸੋਮਾ ਕੰਪਨੀ ਦੇ ਗੇਟਾਂ ਨੂੰ ਮੁਕੰਮਲ ਬੰਦ ਕਰ ਦਿੱਤਾ। ਧਰਨੇ ਦੀ ਅਗਵਾਈ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਤਰਸੇਮ ਸਿੰਘ ਧਾਰੀਵਾਲ, ਗੁਰਭੇਜ ਸਿੰਘ ਧਾਰੀਵਾਲ, ਸਰਵਣ ਸਿੰਘ ਹਰੀਕੇ ਅਤੇ ਜਮਹੂਰੀ ਕਿਸਾਨ ਸਭਾ ਦੇ ਹਰਭਜਨ ਸਿੰਘ, ਹਰਭਜਨ ਸਿੰਘ ਖਾਰੇ ਵਾਲਾ, ਬਾਜ ਸਿੰਘ ਬਾਹਮਣੀਵਾਲਾ ਨੇ ਕਿਹਾ ਕਿ ਕਣਕ ਦਾ ਸੀਜ਼ਨ ਚੱਲ ਰਿਹਾ ਅਤੇ ਪੱਟੀ ਤਹਿਸੀਲ ਨਾਲ ਸਬੰਧਤ ਮੰਡੀਆਂ ਵਿੱਚੋਂ ਕਣਕ ਸੋਮਾ ਕੰਪਨੀ ਵਿਚ ਆ ਰਹੀ ਹੈ ਜਿਸ ਕਰਕੇ ਸੜਕ 'ਤੇ ਟਰੱਕਾਂ ਦੀਆਂ ਚਾਰ-ਚਾਰ ਲੰਮੀਆਂ ਲਾਈਨਾਂ ਲੱਗੀਆਂ ਰਹਿਣ ਕਾਰਨ ਰੋਡ ਬਿਲਕੁਲ ਬੰਦ ਹੋ ਜਾਂਦਾ। ਅਵਾਜਾਈ ਬਿਲਕੁਲ ਠੱਪ ਹੋ ਜਾਂਦੀ ਹੈ। ਟ੍ਰੈਫਿਕ ਜਾਮ ਹੋਣ ਕਰਕੇ ਕਈ ਵਾਰ ਜਾਨੀ ਨੁਕਸਾਨ ਵੀ ਹੋ ਚੁੱਕਾ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਟਰੱਕਾਂ ਦੀਆਂ ਲਾਈਨਾਂ ਸਿੱਧੀਆਂ ਕਰਨ ਵੱਲ ਪ੍ਰਸ਼ਾਸਨ ਦਾ ਬਿਲਕੁੱਲ ਧਿਆਨ ਨਹੀਂ ਹੈ। ਕਿਸਾਨ ਆਗੂਆਂ ਨੇ ਬਣਦੀ ਕਾਰਵਾਈ ਦੀ ਮੰਗ ਕੀਤੀ ਖਬਰ ਲਿਖੇ ਜਾਣ ਤੱਕ ਮੋਰਚਾ ਜਾਰੀ ਸੀ। ਇਸ ਮੌਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਰੂਪ ਸਿੰਘ ਸੈਦੋਂ, ਸਤਨਾਮ ਸਿੰਘ ਪੱਟੀ ਜ਼ੋਨ ਪ੍ਰੈੱਸ ਸਕੱਤਰ, ਸੁਖਬੀਰ ਸਿੰਘ ਪੱਟੀ, ਚਾਨਣ ਸਿੰਘ ਬੰਗਲਾ ਰਾਏ, ਪ੍ਰਧਾਨ ਹੀਰਾ ਸਿੰਘ ਚੂਸਲੇਵੜ, ਡਾ. ਸੁਖਚੈਨ ਸਿੰਘ, ਜਰਨੈਲ ਸਿੰਘ ਧਾਰੀਵਾਲ, ਸੁਖਚੈਨ ਸਿੰਘ ਪੱਟੀ, ਗੁਰਦੇਵ ਸਿੰਘ, ਗੋਬਿੰਦ ਸਿੰਘ, ਸੋਡੀ, ਸਿੰਘ, ਗੁਰਸੇਵਕ ਸਿੰਘ, ਰਿੰਕੂ, ਮਲਕੀਤ ਸਿੰਘ, ਗੁਰਜੀਤ ਸਿੰਘ, ਪਰਮਿੰਦਰ ਸਿੰਘ ਬੁਰਜ ਦੇਵਾ ਸਿੰਘ, ਇੰਦਰਜੀਤ ਸਿੰਘ, ਜਿਉਣ ਸਿੰਘ ਧਾਰੀਵਾਲ ਆਦਿ ਹਾਜ਼ਰ ਸਨ।

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਸ਼ਹੀਦੀ ਦਿਹਾੜਾ ਮਨਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਸਕੂਲ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਅਗਵਾਈ ਵਿੱਚ ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਦਾ ਸ਼ਹੀਦੀ ਦਿਵਸ ਮਨਾਇਆ।ਜਿਸ ਵਿੱਚ ਵਿਦਿਆਰਥੀ ਸਰਵਜੋਤ ਸਿੰਘ ਤੇ ਉਹਨਾਂ ਦੇ ਜੱਥੇ ਵਲੋਂ ਸਬਦ ਕੀਰਤਨ ਕੀਤਾ ਗਿਆ। ਉਪਰੰਤ ਰਿਤਿਕ ਕੁਮਾਰ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੇ ਇਤਿਹਾਸ ਬਾਰੇ ਭਾਸ਼ਣ ਪੇਸ਼ ਕੀਤਾ। ਸਕੂਲ ਪ੍ਰਿੰਸੀਪਲ ਕਿਰਨ ਕੇਸਰ ਦੀ ਅਗਵਾਈ ਹੇਠ ਸਕੂਲ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਜੀਵਨੀ ਉੱਪਰ ਹਾਊਸ ਵਾਇਜ਼ ਕੁਇਜ਼ ਮੁਕਾਬਲਾ ਕਰਵਾਇਆ ਜਿਸ ਵਿੱਚ ਅਜੀਤ ਹਾਊਸ ਨੇ ਪਹਿਲਾ ਸਥਾਨ, ਜੁਝਾਰ ਹਾਊਸ ਨੇ ਦੂਜਾ ਤੇ ਫਤਿਹ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਵਿਦਿਆਰਥੀਆਂ ਨੂੰ ਧਾਰਮਿਕ ਪੁਸਤਕਾਂ ਦਿੱਤੀਆਂ ਗਈਆਂ ਅਤੇ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ ਗਏ।

ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਵਿਦਿਆਰਥੀਆ ਨੂੰ ਇਤਿਹਾਸ 'ਤੇ ਚਾਨਣ ਪਾਉਂਦੇ ਹੋਏ ਦੱਸਿਆ ਕਿ ਕਿਵੇਂ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪਣੇ ਧਰਮ ਲਈ ਕੁਰਬਾਨੀ ਦਿੱਤੀ। ਸਾਨੂੰ ਆਪਣੀ ਕੌਮ ਦੇ ਇਤਿਹਾਸ ਨੂੰ ਕਦੀ ਭੁੱਲਣਾ ਨਹੀਂ ਚਾਹੀਦਾ ਕਿ ਕਿਵੇਂ ਸਾਡੇ ਸੂਰਬੀਰ 'ਤੇ ਯੋਧਿਆ ਨੇ ਕੌਮ ਨੂੰ ਬਚਾਉਣ ਖਾਤਿਰ ਕੁਰਬਾਨੀਆਂ ਦਿੱਤੀਆਂ। ਇਸ ਮੌਕੇ ਸਕੂਲ ਵਿੱਚ ਠੰਢੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਯਾਦ ਵਿੱਚ ਸਕੂਲ ਕੈਂਪਲ ਵਿੱਚ ਵਿਦਿਆਰਥੀਆਂ ਦੁਆਰਾ ਨਵੇਂ ਪੌਦੇ ਵੀ ਲਗਾਏ ਗਏ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਵਧੀਕ ਡਿਪਟੀ ਕਮਿਸ਼ਨਰ (ਜ.)-ਕਮ-ਕੁਲੈਕਟਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ।

(ਪੇਸ਼ੀ ਸ਼ਾਖਾ)

ਮਿਸਲ ਨੰ: 228/ਅ: ਇੰਤ:
ਰਜੂਆ ਮਿਤੀ : 20.10.2022
ਕਿਸਮ ਕੇਸ : ਅਪੀਲ ਇੰਤਕਾਲ
ਪਿੰਡ ਦਾ ਨਾਂਅ : ਮਨੀਆਂਵਾਲਾ
ਹਰਮਨਜੋਤ ਕੌਰ ਬਨਾਮ : ਨਿੰਦਰਪਾਲ ਕੌਰ

ਉਕਤ ਅਪੀਲ ਇੰਤਕਾਲ ਨੰਬਰ 2155 ਤਬਦੀਲ ਮਲਕੀਅਤ ਵਾਕਿਆ ਰਕਬਾ ਪਿੰਡ ਮਨੀਆਂਵਾਲਾ ਦੇ ਕੇਸ ਵਿੱਚ ਅਦਾਲਤ ਨੂੰ ਪੂਰਾ ਯਕੀਨ ਹੋ ਗਿਆ ਹੈ ਕਿ ਨਿੰਦਰਪਾਲ ਕੌਰ ਬੇਟੀ ਗੁਰਮੇਲ ਸਿੰਘ ਬੇਟਾ ਹਰੀ ਸਿੰਘ ਵਾਸੀ ਪਿੰਡ ਸਰਾਵਾਂ ਤਹਿ: ਜੈਤੋ ਜ਼ਿਲ੍ਹਾ ਫਰੀਦਕੋਟ (ਉੱਤਰਵਾਦੀ) ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ। ਇਸ ਲਈ ਮਿਤੀ 30.5.2023 ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਉੱਤਰਵਾਦੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਤਾਰੀਖ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆ ਕੇ ਪੇਸ਼ ਹੋਣ, ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਮਿਆਦ ਗੁਜ਼ਰਨ ਤੋਂ ਬਾਅਦ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 11.5.2023 ਨੂੰ ਮੇਰੇ ਦਸਤਖਤਾਂ ਤੇ ਮੋਹਰ ਅਦਾਲਤ ਨਾਲ ਜਾਰੀ ਹੋਇਆ। ਸੰਮਨ ਤਾਮੀਲ ਕਰਵਾਉਣ ਉਪਰੰਤ ਸੰਮਨ ਤਾਰੀਖ ਪੇਸ਼ੀ ਤੋਂ ਪਹਿਲਾਂ-ਪਹਿਲਾਂ ਵਾਪਸ ਭੇਜਿਆ ਜਾਵੇ।

ਵਧੀਕ ਡਿਪਟੀ ਕਮਿਸ਼ਨਰ (ਜ)-ਕਮ ਕੁਲੈਕਟਰ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ।
ਨੰ: 405/ਪੇਸ਼ੀ ਏ ਡੀ ਸੀ/ਮਿਤੀ : 16.5.2023

ਫੈੱਬ ਇੰਡੀਆ 'ਦਿ ਬਿੱਗ ਸਮਰ' ਜਸ਼ਨ ਲੈ ਕੇ ਆਇਆ

ਲੁਧਿਆਣਾ-ਇਹ ਗਰਮੀਆਂ ਦਾ ਸੀਜ਼ਨ ਖਾਸ ਹੋਣ ਵਾਲਾ ਹੈ ਕਿਉਂਕਿ ਫੈਬਿੰਦੀਆ 'ਬਿੱਗ ਸਮਰ' ਨਾਲ ਤੁਹਾਡੇ ਲਈ ਬਹੁਤ ਕੁਝ ਲੈ ਕੇ ਆਇਆ ਹੈ। ਇਹ ਇੱਕ ਜਸ਼ਨ ਹੈ ਜਿੱਥੇ ਫੈਸ਼ਨ ਪਰੰਪਰਾ ਨੂੰ ਪੂਰਾ ਕਰਦਾ ਹੈ ਅਤੇ ਗੁਣਵੱਤਾ ਨੂੰ ਪੂਰਾ ਕਰਦੀ ਹੈ ਜੋ ਕਿ ਫੈਬਿੰਦੀਆ ਦੇ 350+ ਸਟੋਰਾਂ ਵਿੱਚ, ਔਨਲਾਈਨ ਅਤੇ ਐਪ 'ਤੇ ਉਪਲਬਧ ਹੋਵੇਗੀ। ਇਸ ਲਈ ਆਓ ਫੈਬਿੰਦੀਆ ਦੇ ਨਾਲ ਇਸ ਗਰਮੀ ਦਾ ਸਵਾਗਤ ਕਰੀਏ। ਤੁਸੀਂ ਸ਼ਾਨਦਾਰ ਭਾਰਤੀ ਗਹਿਣਿਆਂ, ਬੈਗਾਂ, ਜੁੱਤੀਆਂ ਅਤੇ ਆਧੁਨਿਕ ਉਪਕਰਣਾਂ ਦੀ ਖਰੀਦਦਾਰੀ ਵੀ ਕਰ ਸਕਦੇ ਹੋ ਤਾਂ ਜੋ ਤੁਹਾਡੀ ਸੁੰਦਰਤਾ ਨੂੰ ਪੂਰਾ ਕੀਤਾ ਜਾ ਸਕੇ ਜਿਸ ਵਿੱਚ ਸਮਕਾਲੀ ਕੁੜਤੇ, ਸਾੜ੍ਹੀਆਂ, ਕਮੀਜ਼ਾਂ ਅਤੇ ਟਰਾਊਜ਼ਰਾਂ ਦੇ ਹੱਥੀਂ ਚੁਣੇ ਗਏ ਸੰਗ੍ਰਹਿ ਸ਼ਾਮਲ ਹਨ। ਤੁਹਾਡੀ ਪਸੰਦ ਇੱਥੇ ਖਤਮ ਨਹੀਂ ਹੁੰਦੀ ਕਿਉਂਕਿ ਇੱਥੇ ਨਰਮ ਲਿਨਨ, ਆਧੁਨਿਕ ਸਜਾਵਟੀ ਵਸਤੂਆਂ, ਮਜ਼ਬੂਤ ਫਰਨੀਚਰ ਅਤੇ ਅਤਿ-ਆਧੁਨਿਕ ਰਸੋਈ ਦੇ ਸਾਮਾਨ ਦਾ ਘਰੇਲੂ ਸੰਗ੍ਰਹਿ ਵੀ ਹੈ। ਖਰੀਦਦਾਰੀ ਕਰੋ ਪਰ ਇੰਨਾ ਯਾਦ ਰੱਖੋ-ਵੱਡੇ ਬੈਗ ਦਾ ਮਤਲਬ ਹੈ ਵੱਡੀ ਬੱਚਤ। ਬਿੱਗ ਸਮਰ ਸੈਲੀਬ੍ਰੇਸ਼ਨ 'ਤੇ ਟਿੱਪਣੀ ਕਰਦੇ ਹੋਏ ਅਜੇ ਕਪੂਰ (ਪ੍ਰਧਾਨ, ਸੇਲਜ਼), ਫੈਬਿੰਡੀਆ ਨੇ ਕਿਹਾ ਕਿ ਰੋਜ਼ਾਨਾ ਸ਼ਿੰਗਾਰ ਹੋਵੇ ਜਾਂ ਛੁੱਟੀਆਂ ਦੇ ਪਹਿਰਾ

24-MAY-PAGE-7.qxd 5/23/2023 10:43 PM Page 1

ਜੁਆਇੰਟ ਫੋਰਮ ਦੇ ਸੱਦੇ 'ਤੇ ਟੀ ਐੱਸ ਯੂ ਵੱਲੋਂ ਗੇਟ ਰੈਲੀ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਜੁਆਇੰਟ ਫੋਰਮ ਪੰਜਾਬ ਦੇ ਸੱਦੇ 'ਤੇ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਬਿਜਲੀ ਦਫਤਰ ਗੁਰੂ ਹਰਸਹਾਏ ਦੇ ਗੇਟ ਅੱਗੇ ਰੋਸ ਰੈਲੀ ਕੀਤੀ ਗਈ, ਜਿਸ ਵਿੱਚ ਜੰਮ ਕੇ ਪਾਵਰਕੌਮ ਮੈਨੇਜਮੈਂਟ ਤੇ ਟਰਾਂਸਕੋ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਰੈਲੀ ਦੀ ਪ੍ਰਧਾਨਗੀ ਸਾਥੀ ਨਾਨਕ ਚੰਦ ਪ੍ਰਧਾਨ ਸ਼ਹਿਰੀ ਸਬ ਡਵੀਜ਼ਨ ਨੇ ਕੀਤੀ। ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਸਬ ਅਰਬਨ ਦੇ ਪ੍ਰਧਾਨ ਸਾਥੀ ਸੁਰਿੰਦਰ ਕੁਮਾਰ ਤੇ ਸਰਕਲ ਸਕੱਤਰ ਫਿਰੋਜ਼ਪੁਰ ਦੇ ਸਾਥੀ ਸ਼ਿੰਗਾਰ ਚੰਦ ਮਹਿਰੋਕ ਨੇ ਦੱਸਿਆ ਕਿ ਪਾਵਰਕੌਮ ਟਰਾਂਸਕੋ ਦੀ ਮੈਨੇਜਮੈਂਟ ਨੇ ਮੰਗਾਂ ਮੰਨ ਕੇ ਲਾਗੂ ਨਹੀਂ ਕੀਤੀਆਂ। ਸੀ ਆਰ ਏ 295/19 ਦੇ ਸਹਾਇਕ ਲਾਇਨਮੈਨ ਭਰਤੀ ਹੋਇਆਂ ਨੂੰ ਤਿੰਨ ਸਾਲ ਤੋਂ ਉੱਪਰ ਸਮਾਂ ਹੋ ਚੁੱਕਿਆ ਹੈ। ਹੁਣ ਸਾਥੀਆਂ ਨੂੰ ਤਜਰਬਾ ਸਰਟੀਫਿਕੇਟ ਦੇ ਨਾਂਅ 'ਤੇ ਇਨਕੁਆਰੀ ਰਾਹੀਂ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਦੋਂਕਿ ਪਾਵਰਕੌਮ ਦੀ ਮੈਨੇਜਮੈਂਟ ਨਾਲ ਵਨ ਟਾਈਮ ਸੈਟਲਮੈਂਟ ਤਹਿਤ ਤਜਰਬਾ ਸਰਟੀਫਿਕੇਟ ਦੇਣ ਦਾ ਸਮਝੌਤਾ ਹੋਇਆ ਸੀ, ਪਰ ਪਾਵਰਕੌਮ ਦੀ ਮੈਨੇਜਮੈਂਟ ਨੇ ਕੀਤੇ ਸਮਝੌਤੇ ਮੁਤਾਬਕ ਇਸ ਕੇਸ ਨੂੰ ਵਧੀਆ ਢੰਗ ਨਾਲ ਹੈਂਡਲ ਨਹੀਂ ਕੀਤਾ। ਆਗੂਆਂ ਨੇ ਪਾਵਰਕੌਮ ਮੈਨੇਜਮੈਂਟ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ 295/19 ਨਾਲ ਸਬੰਧਤ ਸਾਥੀਆਂ ਨੂੰ ਰੈਗੂਲਰ ਕਰਕੇ ਪੂਰੀ ਤਨਖਾਹ ਬਣਾਈ ਜਾਵੇ। ਜੇਕਰ ਇਨ੍ਹਾਂ ਸਾਥੀਆਂ ਨਾਲ ਕੋਈ ਹਾਦਸਾ ਵਾਪਰਦਾ ਹੈ ਤਾਂ ਇਸ ਦੀ ਜ਼ਿੰਮੇਵਾਰੀ ਪਾਵਰਕੌਮ ਮੈਨੇਜਮੈਂਟ ਦੀ ਹੋਵੇਗੀ। ਲਾਈਨਮੈਨ ਕਰਮਚਾਰੀਆਂ ਦਾ ਮੋਬਾਇਲ ਭੱਤਾ ਬਹਾਲ ਕੀਤਾ ਜਾਵੇ। ਸਬ ਸਟੇਸ਼ਨਾਂ 'ਤੇ ਖਾਲੀ ਆਸਾਮੀਆਂ ਨੂੰ ਤਰੱਕੀਆਂ ਤੇ ਨਵੀਂ ਭਰਤੀ ਕਰਕੇ ਭਰੀਆਂ ਜਾਣ। ਆਰ ਟੀ ਐੱਮ ਤੇ ਓ ਸੀ ਨੂੰ ਗਰੁੱਪ 4 ਤੋਂ 9 ਵਿੱਚ ਸ਼ਾਮਲ ਕੀਤਾ ਜਾਵੇ, 6ਵੇਂ ਪੇ ਸਕੇਲ ਦੀਆਂ ਤਰੁੱਟੀਆਂ ਦੂਰ ਕਰਕੇ ਏਰੀਅਰ ਦੀ ਅਦਾਇਗੀ ਕੀਤੀ ਜਾਵੇ। ਮੰਗ ਪੱਤਰ 'ਚ ਦਰਜ 50 ਮੰਗਾਂ ਨੂੰ ਮੰਨ ਕੇ ਲਾਗੂ ਕੀਤਾ ਜਾਵੇ, ਜੇਕਰ ਇਨ੍ਹਾਂ ਮੰਗਾਂ ਨੂੰ ਨਹੀਂ ਮੰਨਿਆ ਜਾਂਦਾ ਤਾਂ 25 ਮਈ ਨੂੰ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਦੀ ਰਹਾਇਸ਼ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ। ਰੋਸ ਰੈਲੀ ਨੂੰ ਹੋਰਨਾਂ ਤੋਂ ਇਲਾਵਾ ਬਲਵੀਰ ਕੁਮਾਰ, ਬਲਕਾਰ ਚੰਦ, ਜਸਵਿੰਦਰ ਪਾਲ, ਸੰਦੀਪ ਸਿੰਘ ਆਦਿ ਨੇ ਸੰਬੋਧਨ ਕੀਤਾ।

ਸਫਾਈ ਪੱਖੋਂ ਮਾਛੀਵਾੜਾ ਸ਼ਹਿਰ ਦਾ ਬੁਰਾ ਹਾਲ !

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸੌਕੀ ਸ਼ਰਮਾ)- ਬੇਸ਼ੱਕ ਨਗਰ ਕੌਂਸਲ ਵੱਲੋਂ ਮਾਛੀਵਾੜਾ ਵਿੱਚ ਸਵੱਛ ਭਾਰਤ ਮਿਸ਼ਨ ਚਲਾਇਆ ਹੋਇਆ ਹੈ, ਪਰ ਅਜੇ ਤੱਕ ਨਗਰ ਕੌਂਸਲ ਦੇ ਅਧਿਕਾਰੀ ਸ਼ਹੀਦ ਭਗਤ ਸਿੰਘ ਕਲੋਨੀ, ਬਲਿਬੇਗ ਬਸਤੀ, ਤਰਲੋਕ ਨਗਰ, ਸ਼ਾਂਤੀ ਨਗਰ ਤੇ ਬੁੱਢੇ ਨਾਲੇ ਤੱਕ ਨਹੀਂ ਪਹੁੰਚ ਸਕੇ। ਜੇ ਗੱਲ ਕਰੀਏ ਬਲੀਬੇਗ ਨਾਲ ਲਗਦੇ ਤਰਲੋਕ ਨਗਰ ਦੀ, ਜਿਸ ਵਿੱਚ ਨਾਲੀਆਂ ਗਾਰੇ ਨਾਲ ਭਰੀਆਂ ਪਈਆਂ ਤੇ ਭੰਗ ਬੂਟੀ ਨੇ ਨਾਲੀਆਂ ਨੂੰ ਢੱਕਿਆ ਹੋਇਆ ਹੈ ਤੇ ਉੱਥੇ ਦੇ ਵਸਨੀਕ ਤਾਂ ਨਰਕ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹਨ। ਉੱਥੇ ਦੇ ਲੋਕਾਂ ਦਾ ਕਹਿਣਾ ਹੈ ਕਿ ਗਲੀਆਂ ਵਿੱਚ ਬਦਬੂ ਨਾਲ ਕੋਈ ਵੀ ਰਿਸ਼ਤੇਦਾਰ ਆਉਣ ਤੋਂ ਗਰੇਜ਼ ਕਰਦਾ ਹੈ, ਬਹੁਤ ਵਾਰ ਕਹਿਣ ਦੇ ਬਾਵਜੂਦ ਸਾਡੀ ਕੋਈ ਸੁਣਵਾਈ ਨਹੀਂ ਹੋ ਰਹੀ ਹੈ। ਬਲੀਬੇਗ ਬਸਤੀ ਦੇ ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਆਖਰੀ ਵਾਰ ਦਸੰਬਰ ਵਿੱਚ ਸਫਾਈ ਹੋਈ ਸੀ, ਉਸ ਤੋਂ ਬਾਅਦ ਕੋਈ ਵੀ ਨਹੀਂ ਆਇਆ, ਕੂੜੇ ਦਾ ਡੰਪ ਲੱਗਿਆ ਹੋਇਆ ਹੈ। ਰੋਪੜ ਰੋਡ 'ਤੇ ਬੁੱਢੇ ਨਾਲੇ ਵਿੱਚ ਕੂੜੇ ਨੂੰ ਨਗਰ ਕੌਂਸਲ ਵੱਲੋਂ ਸੁੱਟ ਕੇ ਪਾਣੀ ਪ੍ਰਦੂਸ਼ਤ ਕੀਤਾ ਜਾ ਰਿਹਾ ਹੈ। ਸ਼ਾਂਤੀ ਨਗਰ ਦੀ ਗੱਲ ਕਰੀਏ ਤਾਂ ਉੱਥੇ ਦੇ ਲੋਕ ਅਜਿਹਾ ਪਾਣੀ ਪੀਣ ਲਈ ਮਜਬੂਰ ਹਨ, ਜਿੱਥੇ ਨਲਕੇ ਦੇ ਨਾਲ ਹੀ ਗਟਰ ਹੈ, ਨਾ ਕੋਈ ਸੀਵਰੇਜ ਦਾ ਪ੍ਰਬੰਧ, ਨਾ ਕੋਈ ਪੀਣ ਵਾਲੇ ਪਾਣੀ ਦਾ ਪ੍ਰਬੰਧ ਹੈ। ਸ਼ਾਂਤੀ ਨਗਰ ਦੇ ਲੋਕਾਂ ਦਾ ਕਹਿਣਾ ਹੈ ਕਿ ਅਸੀਂ 1990-91 ਦੇ ਇੱਥੇ ਰਹਿ ਰਹੇ ਹਾਂ, ਵੋਟਾਂ ਵੇਲੇ ਤਾਂ ਸਾਰੀਆਂ ਪਾਰਟੀਆਂ ਦੇ ਆਗੂ ਸਾਨੂੰ ਵੱਡੇ ਵੱਡੇ ਦਿਲਾਸੇ ਦਿੰਦੇ ਨੇ ਜਿੱਤਣ ਤੋਂ ਬਾਅਦ ਕੋਈ ਪ੍ਰਧਾਨ ਜਾਂ ਐੱਮ ਸੀ ਆ ਕੇ ਨਹੀਂ ਖੜਦਾ। ਇਨ੍ਹਾਂ ਲੋਕਾਂ ਦਾ ਕਹਿਣਾ ਹੈ ਕਿ ਸਾਨੂੰ ਹਰ ਵੇਲੇ ਕੋਈ ਵੀ ਬਿਮਾਰੀ ਲੱਗਣ ਦਾ ਡਰ ਰਹਿੰਦਾ ਹੈ।

ਨੌਜਵਾਨਾਂ ਵੱਲੋਂ ਮਰੀ ਹੋਈ ਬੇਬੇ ਨੂੰ ਜ਼ਿੰਦਾ ਕਰਕੇ ਪੈਨਸ਼ਨ ਕਢਵਾਉਣ ਦੀ ਕੋਸ਼ਿਸ਼

ਮਲੋਟ (ਗੁਰਮੀਤ ਸਿੰਘ ਮੱਕੜ)- ਪਿੰਡ ਭੂੰਦੜ ਵਿਖੇ ਸਕੀਮ ਲਗਾ ਕੇ ਮੁੰਡਿਆਂ ਨੇ ਚਾਰ ਸਾਲ ਪਹਿਲਾਂ ਮਰੀ ਬੇਬੇ ਜਿਉਂਦਾ ਕਰ ਉਸ ਦੀ ਪੈਨਸ਼ਨ ਕਢਵਾਉਣ ਦੀ ਕੋਸ਼ਿਸ਼ ਕੀਤੀ, ਪ੍ਰੰਤੂ ਇਸ ਬਾਰੇ ਪਤਾ ਲੱਗਣ 'ਤੇ ਰੌਲਾ ਪੈ ਗਿਆ। ਇਸ ਸਾਰੇ ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਭੂੰਦੜ ਦੇ ਸਰਪੰਚ ਸੁਖਦੇਵ ਸਿੰਘ ਨੇ ਦੱਸਿਆ ਕਿ ਸਾਡੇ ਪਿੰਡ ਦਾ ਇੱਕ ਮੁੰਡਾ ਗੱਗੀ ਸਿੰਘ ਉਸ ਕੋਲ ਆਇਆ ਤੇ ਕਹਿਣ ਲੱਗਿਆ ਕਿ ਉਸ ਆਧਾਰ ਕਾਰਡ ਬਣਾਉਣਾ ਹੈ, ਮੋਹਰ ਲਗਾ ਕੇ ਤਸਦੀਕ ਕਰ ਦਿਓ ਅਤੇ ਉਸ ਨੇ ਕਿਹਾ ਕਿ ਉਹ ਆਪਣੀ ਮੋਹਰ ਥੋੜ੍ਹੀ ਥੱਲੇ ਲਗਾ ਦੇਣ, ਉਸ ਨੇ ਕੁੱਝ ਹੋਰ ਸ਼ਬਦ ਵੀ ਇਸ ਵਿੱਚ ਭਰਨੇ ਹਨ। ਉਸ ਨੇ ਦੱਸਿਆ ਕਿ ਉਸ ਦੇ ਘਰ ਹਲਕਾ ਵਿਧਾਇਕ ਆਏ ਸਨ, ਜਿਸ ਕਰਕੇ ਉਹ ਰੁੱਝਿਆ ਹੋਇਆ ਸੀ ਤੇ ਵਿਸ਼ਵਾਸ ਕਰਕੇ ਦਸਤਖਤ ਕਰ ਦਿੱਤੇ।

ਪੈਨਸ਼ਨ ਕਢਵਾਉਣ ਦੀ ਕੋਸ਼ਿਸ਼ ਕਰਨ ਵਾਲੇ ਪੁਲਸ ਵੱਲੋਂ ਕਾਬੂ ਕੀਤੇ ਗਏ ਨੌਜਵਾਨ।

ਉਸ ਉਪਰੰਤ ਉਸ ਨੇ ਦੱਸਿਆ ਕਿ ਉਸ ਨੂੰ ਗੁਰੂਸਰ ਐੱਸ.ਬੀ.ਆਈ. ਬੈਂਕ ਵਿੱਚੋਂ ਫੋਨ ਆਇਆ ਕਿ ਤੁਹਾਡੇ ਪਿੰਡ ਦੀ ਮੁਖਤਿਆਰ ਕੌਰ ਪਤਨੀ ਗੇਜਾ ਸਿੰਘ ਪੈਨਸ਼ਨ ਦੇ ਪੈਸੇ ਲੈਣ ਆਈ ਹੋਈ ਹੈ। ਉਨ੍ਹਾ ਦੱਸਿਆ ਕਿ ਮਾਮਲਾ ਸ਼ੱਕੀ ਹੋਣ 'ਤੇ ਜਦ ਉਹ ਬ੍ਰਾਂਚ ਵਿੱਚ ਪਹੁੰਚੇ ਤਾਂ ਇੱਕ ਬਜ਼ੁਰਗ ਔਰਤ ਬੈਠੀ ਸੀ, ਜੋ ਖੁਦ ਨੂੰ ਮੁਖਤਿਆਰ ਕੌਰ ਦੱਸ ਰਹੀ ਸੀ, ਜਦਕਿ ਮੁਖਤਿਆਰ ਕੌਰ ਦੀ ਕਰੀਬ ਚਾਰ ਸਾਲ ਪਹਿਲਾਂ ਹੀ ਮੌਤ ਹੋ ਚੁੱਕੀ ਹੈ। ਉਨ੍ਹਾ ਦੱਸਿਆ ਕਿ ਉਕਤ ਔਰਤ ਨੇ ਦੱਸਿਆ ਕਿ ਮੈਨੂੰ ਕੁੱਝ ਮੁੰਡੇ ਦਿਹਾੜੀ ਦੇ ਕੇ ਮਲੋਟ ਲੈ ਕੇ ਆਏ ਸਨ। ਸਰਪੰਚ ਨੇ ਦੱਸਿਆ ਕਿ ਉਕਤ ਮੁਲਜ਼ਮਾਂ ਬਾਰੇ ਕੋਟਭਾਈ ਪੁਲਸ ਨੂੰ ਸੂਚਿਤ ਕੀਤਾ ਤੇ ਮੁਲਜ਼ਮਾਂ ਕੋਲੋਂ ਮੁਖਤਿਆਰ ਕੌਰ ਦਾ ਨਕਲੀ ਆਧਾਰ ਕਾਰਡ, ਨਕਲੀ ਦਸਤਖਤ ਵਾਲਾ ਵਾਊਚਰ, ਜਿਸ 'ਤੇ ਪੈਨਸ਼ਨ ਕਢਵਾਉਣ ਲਈ 16 ਹਜ਼ਾਰ ਰੁਪਏ ਭਰੇ ਹੋਏ ਸਨ, ਬਰਾਮਦ ਕੀਤੇ ਗਏ। ਉਨ੍ਹਾ ਮੰਗ ਕੀਤੀ ਕਿ ਉਕਤ ਮੁਲਜ਼ਮਾਂ 'ਤੇ ਸਖਤ ਕਾਰਵਾਈ ਕੀਤੀ ਜਾਵੇ। ਉੱਧਰ ਜਦੋਂ ਥਾਣਾ ਮੁਖੀ ਕੋਟਭਾਈ ਰਮਨ ਕੰਬੋਜ ਨਾਲ ਫੋਨ 'ਤੇ ਗੱਲ ਕੀਤੀ ਤਾਂ ਉਨ੍ਹਾ ਦਾ ਕਹਿਣਾ ਸੀ 7/51 ਤਹਿਤ ਕਾਰਵਾਈ ਕੀਤੀ ਗਈ ਤੇ ਜਾਂਚ ਉਪਰੰਤ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

'ਸਾਗਰ ਵਿਚਲਾ ਮਾਰੂਥਲ' ਲੋਕ ਅਰਪਣ 28 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਲਿਖਾਰੀ ਸਭਾ ਸੰਗਰੂਰ ਵੱਲੋਂ ਹੋਟਲ ਈਟਿੰਗ ਮਾਲ, ਬਰਨਾਲਾ ਕੈਂਚੀਆਂ ਸੰਗਰੂਰ ਵਿਖੇ 28 ਮਈ ਨੂੰ ਸਵੇਰੇ 10:00 ਵਜੇ ਕੈਨੇਡਾ ਨਿਵਾਸੀ ਲੇਖਕ ਮਹਿੰਦਰ ਸਿੰਘ ਪੰਜੂ ਦਾ ਗ਼ਜ਼ਲ-ਸੰਗ੍ਰਹਿ 'ਸਾਗਰ ਵਿਚਲਾ ਮਾਰੂਥਲ' ਲੋਕ ਅਰਪਣ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਪੰਜੂ ਸਾਹਿਬ ਦਾ ਇੱਕ ਕਹਾਣੀ-ਸੰਗ੍ਰਹਿ 'ਹੱਕ ਭੀਖ ਨਹੀਂ', ਇੱਕ ਕਾਵਿ-ਸੰਗ੍ਰਹਿ 'ਸਿੱਧੀ ਦੇ ਅਜਬ ਨਜ਼ਾਰੇ', ਇੱਕ ਵਿਅੰਗ-ਕਾਵਿ 'ਬੇਸੁਰੀ ਸਰਗਮ', ਇੱਕ ਗ਼ਜ਼ਲ-ਸੰਗ੍ਰਹਿ 'ਜ਼ੁਗਨੂੰ ਸੋਚਦੇ ਹਨ' ਤੇ ਤਿੰਨ ਬਾਲ-ਸਾਹਿਤ ਦੀਆਂ ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ। ਸਭਾ ਦੇ ਪ੍ਰੈੱਸ ਸਕੱਤਰ ਅਮਨ ਜਖਲਾਂ ਨੇ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਉਸਤਾਦ ਗ਼ਜ਼ਲਕਾਰ ਗੁਰਦਿਆਲ ਰੌਸ਼ਨ ਕਰਨਗੇ ਤੇ ਉਸਤਾਦ ਗ਼ਜ਼ਲਕਾਰ ਬੂਟਾ ਸਿੰਘ ਚੌਹਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਪੁਸਤਕ ਸਬੰਧ ਪਰਚੇ ਡਾ. ਹਰਜੀਤ ਸਿੰਘ ਸੱਧਰ, ਡਾ. ਅਰਵਿੰਦਰ ਕੌਰ ਕਾਕੜਾ ਤੇ ਪ੍ਰੋ. ਦਵਿੰਦਰ ਖ਼ੁਸ਼ ਧਾਲੀਵਾਲ ਪੜ੍ਹਨਗੇ। ਪੁਸਤਕ ਸਬੰਧੀ ਵਿਚਾਰ-ਚਰਚਾ 'ਚ ਡਾ. ਨਰਵਿੰਦਰ ਸਿੰਘ ਕੌਸ਼ਲ, ਡਾ. ਮੀਤ ਖਟੜਾ, ਡਾ. ਇਕਬਾਲ ਸਿੰਘ ਸਕਰੌਦੀ, ਦਲਬਾਰ ਸਿੰਘ ਚੱਠੇ ਸੇਖਵਾਂ, ਮੂਲ ਚੰਦ ਸ਼ਰਮਾ, ਜੰਗੀਰ ਸਿੰਘ ਰਤਨ ਹਿੱਸਾ ਲੈਣਗੇ। ਇਸ ਮੌਕੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਤ ਵਿਸ਼ਾਲ ਕਵੀ ਦਰਬਾਰ ਵੀ ਹੋਵੇਗਾ।

ਕਾਤਰਾਂ

ਗਰਭਪਾਤ ਦੇ ਦੋਸ਼ 'ਚ ਫੜੇ ਜੋੜੇ 'ਤੇ ਸਖ਼ਤ ਕਾਰਵਾਈ ਦੀ ਮੰਗ

ਰਾਮਪੁਰਾਫੂਲ (ਦਰਸ਼ਨ ਜਿੰਦਲ)-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਬਲਾਕ ਰਾਮਪੁਰਾ ਫੂਲ ਵੱਲੋਂ ਭਰੂਣ ਹੱਤਿਆ ਦੇ ਮਾਮਲੇ ਵਿੱਚ ਭੁੱਚੋ ਦੀ ਰਾਈਲ ਇਨਕਲੇਵ ਵਿਖੇ ਨਜਾਇਜ਼ ਤੌਰ 'ਤੇ ਗਰਭਪਾਤ ਕਰਦੇ ਫੜੇ ਗਏ ਡਾਕਟਰ ਜੋੜੇ 'ਤੇ ਸਖਤ ਕਾਰਵਾਈ ਦੀ ਮੰਗ ਕੀਤੀ ਹੈ। ਐਸੋਸੀਏਸ਼ਨ ਦੀ ਮੀਟਿੰਗ ਦੌਰਾਨ ਪ੍ਰਧਾਨ ਡਾਕਟਰ ਨਿਰਮਲ ਸਿੰਘ ਚਾਉਕੇ, ਡਾਕਟਰ ਜਗਤਾਰ ਸਿੰਘ ਜ਼ਿਲ੍ਹਾ ਚੇਅਰਮੈਨ, ਡਾਕਟਰ ਕੌਰ ਸਿੰਘ ਬਲਾਕ ਕੈਸ਼ੀਅਰ, ਡਾਕਟਰ ਚਮਕੌਰ ਸਿੰਘ ਸਾਬਕਾ ਬਲਾਕ ਪ੍ਰਧਾਨ, ਡਾਕਟਰ ਰਵੇਲ ਸਿੰਘ ਸੀਨੀਅਰ ਮੀਤ ਪ੍ਰਧਾਨ, ਡਾਕਟਰ ਮਲਕੀਤ ਸਿੰਘ ਸੰਧੂ ਖੁਰਦ ਮੀਤ ਪ੍ਰਧਾਨ, ਡਾਕਟਰ ਇਕਬਾਲ ਸਿੰਘ ਸਲਾਹਕਾਰ, ਡਾਕਟਰ ਹਰਜਿੰਦਰ ਸਿੰਘ ਭਾਈ ਰੂਪਾ ਸੀਨੀਅਰ ਆਗੂ ਅਤੇ ਬਲਾਕ ਸਕੱਤਰ ਡਾਕਟਰ ਦੇਵਰਾਜ ਕੋਟੜੇ ਕੌੜਿਆਂ ਵਾਲੇ ਨੇ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਿਰਫ਼ ਪੈਸਿਆਂ ਦੇ ਲਾਲਚ ਵਿੱਚ ਸਮਾਜ ਦੀਆਂ ਕਦਰਾਂ-ਕੀਮਤਾਂ ਨੂੰ ਛਿੱਕੇ ਟੰਗ ਕੇ ਮੋਟੀ ਰਕਮ ਲੈ ਕੇ ਗਰਭਪਾਤ ਕਰਨ ਵਾਲੇ ਜੋੜੇ ਖਿਲਾਫ਼ ਸਖਤ ਕਾਰਵਾਈ ਕੀਤੀ ਜਾਵੇ। ਸਾਡੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਸਰਕਾਰੀ ਹਸਪਤਾਲ ਬਠਿੰਡਾ ਅਤੇ ਪੁਲਸ ਵੱਲੋਂ ਕੀਤੀ ਗਈ ਕਾਰਵਾਈ ਦੀ ਸ਼ਲਾਘਾ ਕਰਦੀ ਹੈ। ਉਨ੍ਹਾਂ ਕਿਹਾ ਕਿ ਉਕਤ ਜੋੜੀ ਦਾ ਸਾਡੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਨਾਲ ਕੋਈ ਸਬੰਧ ਨਹੀਂ ਹੈ।

ਵਿਦਿਆਰਥੀਆਂ ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਮਾਰੀਆਂ ਮੱਲਾਂ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-19ਵੀਂ ਪੰਜਾਬ ਸਟੇਟ ਜੂਨੀਅਰ ਕਿਕ ਬਾਕਸਿੰਗ ਚੈਂਪੀਅਨਸ਼ਿਪ (2023-24) ਮੁਕਾਬਲੇ, ਜੋ ਭੀਖੀ ਜ਼ਿਲ੍ਹਾ ਮਾਨਸਾ ਦੇ ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਵਿਖੇ 19 ਤੋਂ 21 ਮਈ ਤੱਕ ਕਰਾਏ ਗਏ ਹਨ। ਇਨ੍ਹਾਂ ਮੁਕਾਬਲਿਆਂ ਵਿੱਚ ਜੀ.ਟੀ.ਬੀ ਕੈਂਬਰਿਜ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਸੋਨੇ, ਚਾਂਦੀ ਤੇ ਕਾਂਸੀ ਦੇ ਤਗਮੇ ਜਿੱਤ ਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਇਸ ਮੁਕਾਬਲੇ ਵਿੱਚ ਸੈਲਿਨ ਪੁੱਤਰ ਰਕੇਸ਼ ਕੁਮਾਰ ਨੇ ਸੋਨੇ ਦਾ ਤਗਮਾ, ਵਿਸ਼ਾਲ ਪੁੱਤਰ ਅਨੀਸ ਕੁਮਾਰ ਨੇ ਚਾਂਦੀ ਦਾ ਤਗਮਾ, ਕਰਨਪ੍ਰੀਤ ਸਿੰਘ ਪੁੱਤਰ ਸੁਖਜਿੰਦਰ ਸਿੰਘ ਤੇ ਰਣਬੀਰ ਸਿੰਘ ਪੁੱਤਰ ਗੁਰਚਰਨ ਸਿੰਘ ਨੇ ਕਾਂਸੀ ਦਾ ਤਗਮਾ ਜਿੱਤਿਆ। ਪ੍ਰਿੰਸੀਪਲ ਪ੍ਰਤਾਪ ਸਿੰਘ ਵਿਰਕ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਵਧਾਈ ਦਿੰਦੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਹ ਸਕੂਲ ਹੋਰ ਖੇਤਰਾਂ ਵਿੱਚ ਵੀ ਬੁਲੰਦੀਆਂ ਹਾਸਲ ਕਰੇਗਾ।

ਠੰਢੇ ਮਿੱਠੇ ਜਲ ਦੀ ਛਬੀਲ ਲਾਈ

ਮਲੋਟ (ਗੁਰਮੀਤ ਸਿੰਘ ਮੱਕੜ)-ਸ਼ਹੀਦਾਂ ਦੇ ਸਿਰਤਾਜ ਪੰਜਵੇਂ ਗੁਰੂ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸ਼੍ਰੀ ਗੁਰੂ ਅਰਜਨ ਦੇਵ ਜੀ ਮਾਰਕੀਟ ਦੇ ਸਮੂਹ ਦੁਕਾਨਦਾਰਾਂ ਵੱਲੋਂ ਠੰਢੇ-ਮਿੱਠੇ ਜਲ ਦੀ ਛਬੀਲ ਲਾਈ ਗਈ। ਇਸ ਛਬੀਲ ਦੀ ਸ਼ੁਰੂਆਤ ਸਮੂਹ ਦੁਕਾਨਦਾਰਾਂ ਵੱਲੋਂ ਅਰਦਾਸ ਕਰਕੇ ਕੀਤੀ ਗਈ। ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਛਕਾਇਆ ਗਿਆ। ਛਬੀਲ ਦੌਰਾਨ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਬਾਣੀ ਦਾ ਪ੍ਰਵਾਹ ਨਿਰੰਤਰ ਚੱਲਦਾ ਰਿਹਾ। ਇਸ ਮੌਕੇ 'ਤੇ ਸੀਵਰੇਜ਼ ਬੋਰਡ ਦੇ ਰਿਟਾ. ਸੁਪਰਵਾਇਜ਼ਰ ਜੰਗੀਰ ਸਿੰਘ, ਪ੍ਰੈਸ ਕਲੱਬ ਦੇ ਪ੍ਰਧਾਨ ਗੁਰਮੀਤ ਸਿੰਘ ਮੱਕੜ, ਡਾ. ਹਰਮੇਸ਼ ਕਮਰਾ, ਸੀ.ਏ. ਸੰਜੀਵ ਕੁਮਾਰ, ਮੱਕੜ ਮੋਟਰ ਦੇ ਅਜੀਤ ਸਿੰਘ, ਮੱਕੜ ਪੈਲੇਸ ਦੇ ਪਵਿੱਤ ਪੁਨਿਤ ਮੱਕੜ, ਹਰਨਿਰਪਾਲ ਸਿੰਘ, ਧਰਮਿੰਦਰ ਮਹਾਵਰ, ਰਵੀ ਸ਼ਟਰਾਂ ਵਾਲਾ, ਮੁਕੇਸ਼ ਕੁਮਾਰ, ਪਵਨ ਅਰੋੜਾ, ਰਾਜੀਵ ਪਿੰਟਾ, ਮਨਦੀਪ ਸਿੰਘ, ਖੁਸ਼, ਅਮਨਦੀਪ ਸਿੰਘ ਆਦਿ ਸੇਵਾਦਾਰਾਂ ਵੱਲੋਂ ਆਪਣੀ ਸੇਵਾ ਬਾਖੂਬੀ ਨਿਭਾਈ ਗਈ।

ਰੋਜ਼ਗਾਰ ਕੈਂਪ

24-May-PAGE- 8.qxd 5/23/2023 10:53 PM Page 1

ਸੀ ਜੀ ਸੀ ਲਾਂਡਰਾਂ ਵੱਲੋਂ ਪਛੜੇ ਗਰੁੱਪਾਂ ਲਈ ਸਮਾਵੇਸ਼ੀ ਤੇ ਬਰਾਬਰੀ ਵਾਲੀ ਸਿੱਖਿਆ ਸੰਬੰਧੀ ਕੌਮੀ ਕਾਨਫਰੰਸ

ਚੰਡੀਗੜ੍ਹ (ਗੁਰਜੀਤ ਬਿੱਲਾ) -ਚੰਡੀਗੜ੍ਹ ਕਾਲਜ ਆਫ਼ ਐਜੂਕੇਸ਼ਨ (ਸੀਸੀਈ), ਸੀਜੀਸੀ ਲਾਂਡਰਾਂ ਵੱਲੋਂ ਇੰਡੀਅਨ ਕੌਂਸਲ ਆਫ਼ ਸੋਸ਼ਲ ਸਾਇੰਸ ਰਿਸਰਚ (ਆਈਸੀਐਸਐਸਆਰ), ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਸਹਿਯੋਗ ਨਾਲ ਦੋ ਰੋਜ਼ਾ ਕੌਮੀ ਪੱਧਰੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਸ ਕਾਨਫਰੰਸ ਦਾ ਮੁੱਖ ਵਿਸ਼ਾ 'ਇਨਕਲਿਊਸਿਵ ਐਂਡ ਇਕੁਇਟੇਬਲ ਐਜੂਕੇਸ਼ਨ ਫਾਰ ਡਿਸਐਡਵਾਂਟੇਜ਼ ਗਰੁੱਪਸ: ਰੀਲਾਇਜ਼ਿੰਗ ਐੱਸਡੀਜੀ4 ਐਂਡ ਐੱਨਈਪੀ-2020' (ਵਾਂਝੇ ਗਰੁੱਪਾਂ ਲਈ ਸਮਾਵੇਸ਼ੀ ਅਤੇ ਬਰਾਬਰੀ ਵਾਲੀ ਸਿੱਖਿਆ: ਐੱਸਡੀਜੀ4 ਐਂਡ ਐੱਨਈਪੀ 2020 ਪ੍ਰਤੀ ਸਮਝ) ਰਿਹਾ। ਇਸ ਦਾ ਮੁੱਖ ਉਦੇਸ਼ ਵਿਚਾਰਵਾਨ ਆਗੂਆਂ ਨੂੰ ਇੱਕੋ ਮੰਚ 'ਤੇ ਇੱਕਠੇ ਕਰਨਾ ਅਤੇ ਵਿਦਿਆਰਥੀਆਂ ਖਾਸ ਕਰਕੇ ਸਮਾਜਿਕ ਆਰਥਿਕ ਤੌਰ 'ਤੇ ਪਛੜੇ ਬੱਚਿਆਂ ਨੂੰ ਮਿਆਰੀ ਸਿੱਖਿਆ ਤੱਕ ਬਰਾਬਰ ਦੀ ਪਹੁੰਚ ਪ੍ਰਦਾਨ ਕਰਨ ਲਈ ਪ੍ਰਭਾਵਸ਼ਾਲੀ ਸੁਝਾਵਾਂ ਉੱਤੇ ਵਿਚਾਰ ਚਰਚਾ ਕਰਨਾ ਸੀ। ਇਸ ਤੋਂ ਇਲਾਵਾ ਕਾਨਫਰੰਸ ਦਾ ਮੁੱਖ ਏਜੰਡਾ ਨਵੀਂ ਸਿੱਖਿਆ ਨੀਤੀ-2020 ਦੇ ਸੰਦਰਭ ਵਿੱਚ ਅਤੇ ਨਾਲ ਹੀ 2015 ਵਿੱਚ ਸੰਯੁਕਤ ਰਾਸ਼ਟਰ ਦੁਆਰਾ ਕਲਪਨਾ ਕੀਤੇ ਗਏ ਸਸਟੇਨੇਬਲ ਡਿਵੈਲਪਮੈਂਟ ਗੋਲ 4 (ਐੱਸਡੀਜੀ4) ਵਿੱਚ ਪ੍ਰਤੀਬਿੰਬਿਤ ਗਲੋਬਲ ਸਿੱਖਿਆ ਵਿਕਾਸ ਏਜੰਡੇ ਦੇ ਸੰਦਰਭ ਵਿੱਚ ਆਪਣੇ ਆਪਣੇ ਵਿਚਾਰ ਦੇਣਾ ਸੀ। ਕਾਨਫ਼ਰੰਸ ਦੇ ਪਹਿਲੇ ਦਿਨ ਪ੍ਰੋ. ਮੁਖੋਪਾਧਿਆਏ ਵੱਲੋਂ ਦਿੱਤੇ ਮੁੱਖ ਭਾਸ਼ਣ ਤੋਂ ਇਲਾਵਾ ਇੱਕ ਪੈਨਲ ਚਰਚਾ, ਓਪਨ ਐਜੂਕੇਸ਼ਨ ਸੋਮਿਆਂ 'ਤੇ ਵਰਕਸ਼ਾਪ ਅਤੇ ਪੇਪਰ ਪੇਸ਼ਕਾਰੀ ਸਣੇ ਹੋਰ ਬਹੁਤ ਸਾਰੀਆਂ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਹਾਜ਼ਰ ਪਤਵੰਤਿਆਂ ਵਿੱਚ ਮੁੱਖ ਮਹਿਮਾਨ ਡਾ.ਬੀ ਐਸ ਘੁੰਮਣ, ਸਾਬਕਾ ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ, ਵਿਸ਼ੇਸ਼ ਮਹਿਮਾਨ ਅਵਤਾਰ ਸਿੰਘ, ਸਲਾਹਕਾਰ, ਆਈਸੀਐਸਐਸਆਰ, ਐਨਡਬਲਿਊਆਰਸੀ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ, ਪ੍ਰੋ ਸੁਦੇਸ਼ ਮੁਖੋਪਾਧਿਆਏ, ਸਾਬਕਾ ਚੇਅਰਪਰਸਨ ਆਰਸੀਆਈ, ਮੁਖੀ, ਸਮਾਵੇਸ਼ੀ ਸਿੱਖਿਆ ਵਿਭਾਗ, ਐੱਨਆਈਈਪੀਏ ਅਤੇ ਡਾਇਰੈਕਟਰ, ਐੱਸਸੀਈਆਰਟੀ ਦਿੱਲੀ ਅਤੇ ਡਾ.ਸੁਭਾਸ਼ ਸ਼ਰਮਾ, ਡਾਇਰੈਕਟਰ, ਸੈਂਟਰ ਫਾਰ ਇਕਨਾਮਿਕ ਪਾਲਿਸੀ ਰਿਸਰਚ, ਸੂਬਾ ਮੀਤ ਪ੍ਰਧਾਨ, ਭਾਜਪਾ ਪੰਜਾਬ, ਸੁਤੰਤਰ ਨਿਰਦੇਸ਼ਕ, ਰੇਲਟੈੱਲ ਕਾਰਪੋਰੇਸ਼ਨ ਆਦਿ ਸ਼ਾਮਲ ਸਨ। ਕਾਨਫਰੰਸ ਦੇ ਦੂਜੇ ਦਿਨ ਦੀ ਸ਼ੁਰੂਆਤ ਸਵਾਮੇਸ਼ੀ ਕਲਾਸ ਰੂਮ ਬਣਾਉਣ ਲਈ ਐੱਨਸੀਈਆਰਟੀ ਦੀ ਇਨੋਵੇਟਿਵ ਐਕਸੇਸਿਬਲ ਟੀਚਿੰਗ ਲਰਨਿੰਗ ਮਟੀਰੀਅਲ 'ਤੇ ਇੱਕ ਅਨਲਾਈਨ ਸੈਸ਼ਨ ਨਾਲ ਕੀਤੀ ਗਈ ਜਿਸ ਦਾ ਸੰਚਾਲਨ ਪ੍ਰੋ ਅਨੁਪਮ ਆਹੂਜਾ, ਸਾਬਕਾ ਪ੍ਰੋਫੈਸਰ ਅਤੇ ਮੁਖੀ, ਅੰਤਰਰਾਸ਼ਟਰੀ ਸਬੰਧ ਵਿਭਾਗ, ਐੱਨਸੀਈਆਰਟੀ ਦੁਆਰਾ ਕੀਤਾ ਗਿਆ। ਇਸ ਉਪਰੰਤ ਇੰਟਰਐਕਟਿਵ ਸੈਸ਼ਨ ਅਤੇ ਪੇਪਰ ਪੇਸ਼ਕਾਰੀਆਂ ਹੋਈਆਂ। ਕਾਨਫਰੰਸ ਦੇ ਦੂਜੇ ਦਿਨ ਮੁੱਖ ਮਹਿਮਾਨ ਡਾ.ਸਤਬੀਰ ਬੇਦੀ (ਆਈਏਐਸ), ਚੇਅਰਪਰਸਨ, ਪੰਜਾਬ ਰਾਜ ਸਿੱਖਿਆ ਬੋਰਡ, ਮੋਹਾਲੀ ਅਤੇ ਡਾ.ਬੀਪੀ ਭਾਰਦਵਾਜ, ਮੁਖੀ, ਵਿਦਿਅਕ ਖੋਜ ਵਿਭਾਗ ਅਤੇ ਸਾਬਕਾ ਮੁਖੀ, ਅਧਿਆਪਕ ਸਿੱਖਿਆ ਵਿਭਾਗ, ਐਨਸੀਈਆਰਟੀ ਆਦਿ ਨੇ ਸ਼ਿਰਕਤ ਕੀਤੀ। ਕਾਨਫ਼ਰੰਸ ਦੀ ਸਮਾਪਤੀ ਮੌਕੇ ਡਾ.ਸਨੇਹ ਬਾਂਸਲ, ਪ੍ਰਿੰਸੀਪਲ, ਸੀਸੀਈ, ਸੀਜੀਸੀ ਲਾਂਡਰਾਂ, ਵੱਲੋਂ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ ਅਤੇ ਨਾਲ ਹੀ ਵਧੀਆ ਪੇਪਰ ਪੇਸ਼ ਕਰਨ ਵਾਲਿਆਂ ਨੂੰ ਸਨਮਾਨਿਤ ਕੀਤਾ ਗਿਆ।

ਬਲਜਿੰਦਰ ਮਾਨ ਵੱਲੋਂ ਮਹਿਮਦਵਾਲ ਸਕੂਲ ਦੀ ਲਾਇਬ੍ਰੇਰੀ ਨੂੰ ਪੁਸਤਕਾਂ ਭੇਟ

ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)—ਪਿੰਡ ਮਹਿਮਦਵਾਲ ਕਲਾਂ ਦੇ ਉਘੇ ਸਾਹਿਤਕਾਰ ਅਤੇ ਨਿੱਕੀਆਂ ਕਰੂੰਬਲਾਂ ਦੇ ਸੰਪਾਦਕ ਬਲਜਿੰਦਰ ਮਾਨ ਵੱਲੋਂ ਬੀਤੇ ਦਿਨੀਂ ਸਰਕਾਰੀ ਮਿਡਲ ਸਕੂਲ ਮਹਿਮਦਵਾਲ ਦੇ ਸਟਾਫ ਮੈਂਬਰਾਂ ਨੂੰ ਪੁਸਤਕਾਂ ਦਾ ਸੈੱਟ ਭੇਂਟ ਕੀਤਾ। ਉਨ੍ਹਾਂ ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਵਿਦਿਆਰਥੀ ਨੂੰ ਪੁਸਤਕਾਂ ਨਾਲ ਸਾਂਝ ਪਾਉਣੀ ਚਾਹੀਦੀ ਹੈ। ਮਨੁੱਖ ਦੀਆਂ ਸਭ ਤੋਂ ਉਤਮ ਸਾਥੀ ਪੁਸਤਕਾਂ ਹਨ ਜੋ ਹਮੇਸ਼ਾ ਉੱਚੀਆਂ ਮੰਜਿਲਾਂ ਦੇ ਰਾਹ ਵਿਖਾਉਂਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਦਿਆਰਥੀਆਂ ਨੂੰ ਫੋਨ ਨੂੰ ਛੱਡ ਕੇ ਪੁਸਤਕਾਂ ਨੂੰ ਪੜ੍ਹਨਾ ਚਾਹੀਦਾ ਹੈ। ਮੋਬਾਈਲ ਫੋਨ ਦੀ ਜ਼ਿਆਦਾ ਵਰਤੋਂ ਨਾਲ ਅੱਖਾਂ ਅਤੇ ਦਿਮਾਗ 'ਤੇ ਪੈ ਰਹੇ ਬੁਰੇ ਪ੍ਰਭਾਵਾਂ ਤੋਂ ਬਚਣ ਦਾ ਸਭ ਤੋਂ ਸੌਖਾ ਸਾਧਨ ਪੁਸਤਕਾਂ ਹਨ। ਇਸ ਮੌਕੇ ਉਨ੍ਹਾਂ ਨਾਲ ਪਿੰਡ ਦੇ ਸਰਪੰਚ ਅਮਰਜੀਤ ਸਿੰਘ ਭਾਈ ਵੀ ਹਾਜਰ ਹੋਏ। ਸਕੂਲ ਮੁਖੀ ਸੁਨੀਲ ਕੁਮਾਰ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਟਾਫ ਮੈਂਬਰ ਜਸਬੀਰ ਕੌਰ, ਜਸਪ੍ਰੀਤ ਕੌਰ ਸਮੇਤ ਅਧਿਆਪਕ, ਬੱਚੇ ਅਤੇ ਮਾਪੇ ਹਾਜਰ ਸਨ।

ਸਕੂਲਾਂ 'ਚ ਛੁੱਟੀਆਂ ਕਰਨ ਦੀ ਮੰਗ

ਰੋਪੜ (ਬਿੰਦਰ) ਇਥੇ ਅੱਜ ਸੱਭ ਤੋਂ ਵੱਧ ਤਾਪਮਾਨ ਨੋਟ ਕੀਤਾ ਗਿਆ। ਅੱਜ ਦਿਨ ਵੇਲੇ ਪਾਰਾ 44 ਡਿਗਰੀ ਤਕ ਗਿਆ। ਗਰਮੀ ਨੇ ਜਨਜੀਵਨ 'ਤੇ ਵੀ ਅਸਰ ਪਾਇਆ। ਦਿਨ ਨੂੰ ਸੜਕਾਂ ਖਾਲੀ ਵੇਖੀਆਂ ਗਈਆਂ। ਸਕੂਲਾਂ ਦੇ ਬੱਚੇ ਪਸੀਨਾ ਪਸੀਨਾ ਹੋ ਕੇ ਘਰ ਪੁੱਜੇ। ਸਰਕਾਰ ਤੋਂ ਮੰਗ ਕੀਤੀ ਗਈ ਕਿ ਸਕੂਲਾਂ ਵਿੱਚ ਛੁੱਟੀਆਂ ਕਰ ਦਿੱਤੀਆਂ ਜਾਣ।

ਸਕੂਲਾਂ ਵਿਚ ਖੇਡ ਵਿੰਗ ਸਥਾਪਤ ਕਰਨ ਲਈ ਖਿਡਾਰੀਆਂ ਦੇ ਚੋਣ ਟ੍ਰਾਇਲ 24 ਤੇ 25 ਨੂੰ

ਹੁਸ਼ਿਆਰਪੁਰ, : (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)-ਖੇਡ ਵਿਭਾਗ ਪੰਜਾਬ ਵੱਲੋਂ ਸਾਲ 2023-24 ਦੇ ਸੈਸ਼ਨ ਲਈ ਸਕੂਲਾਂ ਵਿਚ ਖੇਡ ਵਿੰਗ ਸਥਾਪਿਤ ਕਰਨ ਲਈ ਹੋਣਹਾਰ ਖਿਡਾਰੀਆਂ ਅਤੇ ਖਿਡਾਰਨਾਂ ਨੂੰ ਦਾਖ਼ਲ ਕਰਨ ਲਈ ਵੱਖ-ਵੱਖ ਖੇਡਾਂ (ਅੰਡਰ-14, 17 ਅਤੇ 19 ਸਾਲ) ਦੇ ਚੋਣ ਟ੍ਰਾਇਲ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ 24 ਅਤੇ 25 ਮਈ ਨੂੰ ਰੱਖੇ ਗਏ ਹਨ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਡੇ-ਸਕਾਲਰ ਉਮਰ ਵਰਗ ਅੰਡਰ 14, 17 ਅਤੇ 19 ਲਈ ਅਥਲੈਟਿਕਸ, ਬਾਸਕਟਬਾਲ, ਹੈਂਡਬਾਲ, ਖੋ-ਖੋ, ਵਾਲੀਬਾਲ, ਵੇਟ ਲਿਫਟਿੰਗ, ਫੁੱਟਬਾਲ ਅਤੇ ਹਾਕੀ ਦੇ ਚੋਣ ਟ੍ਰਾਇਲ ਆਊਟਡੋਰ ਸਟੈਡੀਅਮ, ਨੇੜੇ ਟਾਂਡਾ ਬਾਈਪਾਸ, ਹੁਸ਼ਿਆਰਪੁਰ ਵਿਖੇ ਹੋਣਗੇ। ਇਸੇ ਤਰ੍ਹਾਂ ਬਾਕਸਿੰਗ, ਜੂਡੋ ਅਤੇ ਕੁਸ਼ਤੀ ਦੇ ਟ੍ਰਾਇਲ ਇੰਡੋਰ ਸਟੇਡੀਅਮ, ਨੇੜੇ ਵੱਡਾ ਡਾਕਖਾਨਾ, ਹੁਸ਼ਿਆਰਪੁਰ ਵਿਖੇ ਅਤੇ ਤੈਰਾਕੀ ਦੇ ਟ੍ਰਾਇਲ ਤੈਰਾਕੀ ਪੂਲ, ਸਰਵਿਸ ਕਲੱਬ, ਹੁਸ਼ਿਆਰਪੁਰ ਵਿਖੇ ਹੋਣਗੇ। ਉਨ੍ਹਾਂ ਦੱਸਿਆ ਕਿ ਰੈਜ਼ੀਡੈਂਸ਼ੀਅਲ ਉਮਰ ਵਰਗ ਅੰਡਰ 14 ਅਤੇ 17 ਲਈ ਅਥਲੈਟਿਕਸ, ਬਾਸਕਟਬਾਲ ਅਤੇ ਵਾਲੀਬਾਲ ਦੇ ਚੋਣ ਟ੍ਰਾਇਲ ਆਊਟਡੋਰ ਸਟੇਡੀਅਮ, ਨੇੜੇ ਟਾਂਡਾ ਬਾਈਪਾਸ, ਹੁਸ਼ਿਆਰਪੁਰ ਵਿਖੇ ਹੋਣਗੇ। ਉਨ੍ਹਾਂ ਦੱਸਿਆ ਕਿ ਖੇਡ ਵਿੰਗਾਂ ਲਈ ਖਿਡਾਰੀਆਂ ਅਤੇ ਖਿਡਾਰਨਾਂ ਦਾ ਜਨਮ ਅੰਡਰ-14 ਲਈ ਮਿਤੀ 1 ਜਨਵਰੀ 2010, ਅੰਡਰ-17 ਲਈ 1 ਜਨਵਰੀ 2007 ਅਤੇ ਅੰਡਰ-19 ਲਈ 1 ਜਨਵਰੀ 2005 ਜਾਂ ਇਸ ਤੋਂ ਬਾਅਦ ਦਾ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਗ ਲੈਣ ਵਾਲੇ ਖਿਡਾਰੀ ਕੋਲ ਜ਼ਿਲ੍ਹਾ ਪੱਧਰ ਮੁਕਾਬਲੇ ਵਿਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਵਿਚੋਂ ਕੋਈ ਵੀ ਇਕ ਪੁਜ਼ੀਸ਼ਨ ਪ੍ਰਾਪਤ ਕੀਤੀ ਹੋਵੇ ਜਾਂ ਉਸ ਵਲੋਂ ਰਾਜ ਪੱਧਰੀ ਮੁਕਾਬਲੇ ਵਿਚ ਭਾਗ ਲਿਆ ਗਿਆ ਹੋਵੇ। ਇਸ ਤੋਂ ਇਲਾਵਾ ਟ੍ਰਾਇਲਾਂ ਦੇ ਆਧਾਰ 'ਤੇ ਨਵੇਂ ਖਿਡਾਰੀ ਵੀ ਵਿਚਾਰੇ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚੁਣੇ ਗਏ ਡੇ-ਸਕਾਲਰ ਖਿਡਾਰੀਆਂ ਨੂੰ 100 ਰੁਪਏ ਅਤੇ ਰੈਜ਼ੀਡੈਂਸ਼ੀਅਲ ਖਿਡਾਰੀਆਂ ਨੂੰ 200 ਰੁਪਏ ਖੇਡ ਵਿਭਾਗ ਵਲੋਂ ਪ੍ਰਤੀ ਦਿਨ, ਪ੍ਰਤੀ ਖਿਡਾਰੀ ਦੀ ਦਰ ਨਾਲ ਰਿਫਰੈਸ਼ਮੈਂਟ/ਡਾਈਟ ਅਤੇ ਕੋਚਿੰਗ ਮੁਹੱਈਆ ਕਰਵਾਈ ਜਾਵੇਗੀ। ਖਿਡਾਰੀ ਫਿਜ਼ੀਕਲੀ ਅਤੇ ਮੈਡੀਕਲੀ ਫਿੱਟ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਯੋਗ ਖਿਡਾਰੀ ਦਰਸਾਈਆਂ ਮਿਤੀਆਂ ਨੂੰ ਸਬੰਧਤ ਟ੍ਰਾਇਲ ਸਥਾਨ ਉੱਤੇ ਸਵੇਰੇ ਠੀਕ 8 ਵਜੇ ਰਜਿਸਟ੍ਰੇਸ਼ਨ ਲਈ ਰਿਪੋਰਟ ਕਰਨ। ਉਨ੍ਹਾਂ ਕਹਾ ਕਿ ਦਾਖ਼ਲਾ ਫਾਰਮ ਨਿਰਧਾਰਤ ਮਿਤੀ ਨੂੰ ਟ੍ਰਾਇਲ ਸਥਾਨ ਉੱਤੇ ਜਾਂ ਇਸ ਤੋਂ ਪਹਿਲਾਂ ਜ਼ਿਲ੍ਹਾ ਖੇਡ ਦਫ਼ਤਰ, ਹੁਸ਼ਿਆਰਪੁਰ ਤੋਂ ਮੁਫ਼ਤ ਲਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਭਾਗ ਲੈਣ ਵਾਲੇ ਖਿਡਾਰੀ ਆਪਣੇ ਜਨਮ ਸਰਟੀਫਿਕੇਟ, ਆਧਾਰ ਕਾਰਡ ਅਤੇ ਖੇਡ ਪ੍ਰਾਪਤੀਆਂ ਦੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕ ਸ਼ੁਦਾ ਕਾਪੀਆਂ ਅਤੇ 2 ਤਾਜ਼ਾ ਪਾਸਪੋਰਟ ਸਾਈਜ਼ ਫੋਟੋਗ੍ਰਾਫ਼ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਟ੍ਰਾਇਲਾਂ ਵਿਚ ਭਾਗ ਲੈਣ ਲਈ ਖਿਡਾਰੀਆਂ ਨੂੰ ਵਿਭਾਗ ਵਲੋਂ ਕੋਈ ਟੀ. ਏ/ਡੀ. ਏ ਨਹੀਂ ਦਿੱਤਾ ਜਾਵੇਗਾ।

ਅਕਾਲੀ ਆਗੂ ਨੂੰ ਮੁਕੱਦਮੇ 'ਚ ਨਾਮਜ਼ਦ ਕਰਕੇ ਸਭਨਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ

ਜਲੰਧਰ (ਨਵਾਂ ਜ਼ਮਾਨਾ ਸਰਵਿਸ)-ਪੇਂਡੂ ਮਜਦੂਰ ਯੂਨੀਅਨ ਪੰਜਾਬ ਵਲੋਂ ਪਿੰਡ ਦਿਆਲਪੁਰ ਵਿਖੇ ਦਲਿਤ ਔਰਤਾਂ ਤੇ ਨੌਜਵਾਨ ਲੜਕੀ ਨਾਲ ਵਧੀਕੀ ਕਰਨ ਦੇ ਮਾਮਲੇ ਸੰਬੰਧੀ ਮੁਕੱਦਮਾ ਨੰਬਰ 55/2023 ਐੱਸ ਸੀ, ਐੱਸ ਟੀ ਅੱਤਿਆਚਾਰ ਰੋਕੂ ਕਾਨੂੰਨ ਅਤੇ ਹੋਰ ਧਾਰਾਵਾਂ ਤਹਿਤ ਕੇਸ ਵਿੱਚ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਨਾਮਜਦ ਕਰਵਾਉਣ,ਹਮਲਾਵਰ ਅਗਿਆਤ ਵਿਅਕਤੀਆਂ ਦੀ ਸ਼ਨਾਖਤ ਕਰਨ ਅਤੇ ਸਭਨਾਂ ਨੂੰ ਤੁਰੰਤ ਗ੍ਰਿਫਤਾਰ ਕਰਨ ਦੀ ਮੰਗ ਨੂੰ ਲੈ ਕੇ ਪੇਂਡੂ ਮਜਦੂਰ ਪਹਿਲਾਂ ਦੇਸ਼ ਭਗਤ ਯਾਦਗਾਰ ਹਾਲ ਵਿਖੇ ਇਕੱਠੇ ਹੋਏ, ਜਿੱਥੋਂ ਸ਼ਹਿਰ ਵਿੱਚ ਰੋਹ ਭਰਪੂਰ ਮੁਜਾਹਰਾ ਕਰਦੇ ਹੋਏ ਐੱਸ ਐੱਸ ਪੀ ਜਲੰਧਰ ਦਿਹਾਤੀ ਦੇ ਦਫਤਰ ਅੱਗੇ ਪੁੱਜੇ ਅਤੇ ਉਹਨਾਂ ਜੋਰਦਾਰ ਨਾਅਰੇਬਾਜੀ ਕਰਦੇ ਹੋਏ ਕਰੀਬ 2 ਘੰਟੇ ਦਫਤਰ ਦਾ ਘਿਰਾਓ ਕੀਤਾ। ਐੱਸ ਪੀ ਸਥਾਨਕ ਸਰਬਜੀਤ ਸਿੰਘ ਰਾਏ ਨੇ ਮੰਗ ਪੱਤਰ ਲੈ ਕੇ ਇਨਸਾਫ ਦਾ ਭਰੋਸਾ ਦਿੱਤਾ। ਇਸ ਉਪਰੰਤ ਯੂਨੀਅਨ ਵਲੋਂ ਡੀਸੀ ਦਫਤਰ ਅੱਗੇ ਪੁੱਜ ਕੇ ਧਰਨਾ ਪ੍ਰਦਰਸ਼ਨ ਕਰਨ 'ਤੇ ਤਹਿਸੀਲਦਾਰ ਜਲੰਧਰ -2 ਵਲੋਂ ਮੁੱਖ ਮੰਤਰੀ ਦੇ ਨਾਂਅ ਮੰਗ ਪੱਤਰ ਲਿਆ ਗਿਆ। ਜ਼ਿਕਰਯੋਗ ਹੈ ਕਿ 7 ਮਈ 2023 ਨੂੰ ਕਰਤਾਰਪੁਰ ਨੇੜਲੇ ਪਿੰਡ ਦਿਆਲਪੁਰ ਵਿਖੇ ਵੋਟਾਂ ਮੰਗਣ ਗਏ ਅਕਾਲੀ ਆਗੂ ਤੇ ਸਾਬਕਾ ਵਜੀਰ ਬਿਕਰਮ ਸਿੰਘ ਮਜੀਠੀਆ ਨੂੰ ਪੇਂਡੂ ਮਜਦੂਰ ਆਗੂ ਔਰਤਾਂ ਤੇ ਨੌਜਵਾਨ ਲੜਕੀ ਵਲੋਂ ਕੁਝ ਸਵਾਲ ਕੀਤੇ ਗਏ ਸਨ ਲੇਕਿਨ ਉਸ ਵਲੋਂ ਜਵਾਬ ਦੇਣ ਦੀ ਥਾਂ ਬੁਖਲਾਹਟ ਵਿੱਚ ਆ ਕੇ ਆਪਣੇ ਉੱਚ ਜਾਤੀ ਤੇ ਰਸੂਖ ਦੇ ਘੁਮੰਡ 'ਚ ਆਪਣੀ ਮੁੱਛ ਦਾ ਸਵਾਲ ਬਣਾ ਕੇ ਕੀਤੇ ਇਸ਼ਾਰੇ ਉਪਰੰਤ ਉਸਦੇ ਲੱਠਮਾਰਾਂ ਵਲੋਂ ਔਰਤਾਂ ਤੇ ਲੜਕੀ ਨੂੰ ਜਨਤਕ ਤੌਰ ਉੱਤੇ ਜ਼ਲੀਲ ਕਰਨ ਕਰਦਿਆਂ ਉਹਨਾਂ ਨਾਲ ਹੱਥੋਪਾਈ ਕੀਤੀ ਗਈ ਅਤੇ ਅਪਸ਼ਬਦ ਵੀ ਬੋਲੇ ਗਏ। ਪੁਲਸ ਵਲੋਂ ਸਿਆਸੀ ਦਬਾਅ ਹੇਠ ਮਜੀਠੀਏ ਨੂੰ ਬਚਾਉਣ ਖਾਤਰ ਜਾਣਬੁੱਝ ਕੇ ਨਾਮਜਦ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜਿਸ ਦੇ ਖਿਲਾਫ ਸੰਘਰਸ਼ ਨੂੰ ਤੇਜ ਕਰਨ ਤੋਂ ਬਿਨਾਂ ਕੋਈ ਹੋਰ ਰਸਤਾ ਨਹੀਂ ਬਚਦਾ। ਇਸ ਮੌਕੇ ਇੱਕ ਮਤਾ ਪਾਸ ਕਰਕੇ ਗੈਰ ਪੰਜਾਬੀ ਮਜਦੂਰਾਂ ਤੇ ਘੱਟ ਗਿਣਤੀ ਈਸਾਈ ਭਾਈਚਾਰੇ ਉੱਪਰ ਗਿਣੀ ਮਿਥੀ ਸਾਜ਼ਿਸ਼ ਤਹਿਤ ਹਮਲੇ ਕਰਨ ਦੀ ਨਿੰਦਾ ਕੀਤੀ ਗਈ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ, ਸੂਬਾ ਪ੍ਰੈੱਸ ਸਕੱਤਰ ਕਸਮੀਰ ਸਿੰਘ ਘੁੱਗਸੋਰ, ਸੂਬਾ ਆਗੂਆਂ ਕੰਵਲਜੀਤ ਸਨਾਵਾ,ਰਾਜ ਕੁਮਾਰ ਪੰਡੋਰੀ,ਹੰਸ ਰਾਜ ਪੱਬਵਾਂ,ਹਰੀ ਰਾਮ ਰਸੂਲਪੁਰੀ,ਨਿਰਮਲ ਸਿੰਘ ਸੇਰਪੁਰ ਸੱਧਾ, ਸੁਖਦੇਵ ਸਿੰਘ ਮਾਨੂੰਕੇ, ਗੁਰਪ੍ਰੀਤ ਸਿੰਘ ਚੀਦਾ,ਜੀ ਐੱਸ ਅਟਵਾਲ, ਲਖਵੰਤ ਕਿਰਤੀ, ਅਸੋਕ ਜਨਾਗਲ,ਮੇਜਰ ਸਿੰਘ ਕੋਟ ਟੋਡਰਮੱਲ, ਅਮਰਜੀਤ ਜਵਾਲਾਪੁਰ, ਗੁਰਬਖਸ ਕੌਰ ਆਦਿ ਨੇ ਵੀ ਸੰਬੋਧਨ ਕੀਤਾ।

ਬਾਬਾ ਬੀਰ ਸਿੰਘ ਬਲੱਡ ਡੋਨਰ ਸੋਸਾਇਟੀ ਬੂਲਪੁਰ ਵੱਲੋਂ ਦੂਸਰਾ ਖ਼ੂਨਦਾਨ ਕੈਂਪ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)- ਧੰਨ ਧੰਨ ਸੰਤ ਬਾਬਾ ਬੀਰ ਸਿੰਘ ਜੀ ਨੌਰੰਗਾਬਾਦ ਦੇ 179ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਾਲਾਨਾ ਜੋੜ ਮੇਲੇ ਦੌਰਾਨ ਬਾਬਾ ਬੀਰ ਸਿੰਘ ਬਲੱਡ ਡੋਨਰ ਸੋਸਾਇਟੀ ਬੂਲਪੁਰ ਵੱਲੋਂ ਸਿਵਲ ਹਸਪਤਾਲ ਕਪੂਰਥਲਾ ਦੇ ਸਾਂਝੇ ਸਹਿਯੋਗ ਸਦਕਾ ਦੂਜਾ ਖ਼ੂਨਦਾਨ ਕੈਂਪ ਗੁਰਦੁਆਰਾ ਦਮਦਮਾ ਸਾਹਿਬ ਬੂਲਪੁਰ ਵਿਖੇ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ

24-May-PAGE-9.qxd 5/23/2023 10:51 PM Page 1

ਪੰਜਾਬ ਤੇ ਕੇਂਦਰ ਸਰਕਾਰ ਖਿਲਾਫ਼ ਪੁਰਾਣੀ ਪੈਨਸ਼ਨ ਬਹਾਲੀ ਲਈ ਕੀਤਾ ਮਸ਼ਾਲ ਮਾਰਚ

ਜਲੰਧਰ (ਰਾਜੇਸ ਥਾਪਾ) ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਪੰਜਾਬ ਅਤੇ ਪੁਰਾਣੀ ਪੈਨਸ਼ਨ ਯੋਜਨਾ ਬਹਾਲੀ ਸੰਯੁਕਤ ਮੰਚ ਭਾਰਤ ਦੇ ਸਾਂਝੇ ਸੱਦੇ 'ਤੇ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਮਸ਼ਾਲ ਮਾਰਚ ਕੀਤੇ ਗਏ । ਪੂਰੇ ਭਾਰਤ ਵਿੱਚ ਇਹ ਮਸ਼ਾਲ ਮਾਰਚ ਕੇਂਦਰ ਸਰਕਾਰ ਅਤੇ ਰਾਜ ਸਰਕਾਰ ਖਿਲਾਫ ਪੁਰਾਣੀ ਪੈਨਸ਼ਨ ਬਹਾਲ ਨਾ ਕਰਨ ਦੇ ਰੋਸ ਵਜੋਂ ਕੀਤੇ ਗਏ । ਜ਼ਿਲ੍ਹਾ ਜਲੰਧਰ ਦੇ ਕਨਵੀਨਰ ਕੁਲਦੀਪ ਵਾਲੀਆ ਅਤੇ ਦਿਲਬਾਗ ਸਿੰਘ ਕੋ ਕਨਵੀਨਰ ਨੇ ਦੱਸਿਆ ਕਿ ਪੁਰਾਣੀ ਪੈਂਨਸ਼ਨ ਬਹਾਲੀ ਦਾ ਮੁੱਦਾ ਰਾਸ਼ਟਰੀ ਪੱਧਰ 'ਤੇ ਵੱਡਾ ਮੁੱਦਾ ਬਣ ਕੇ ਉਭਰਿਆ ਹੈ। ਮੁੱਖ ਮੰਤਰੀ ਸਪੱਸ਼ਟ ਕਰ ਚੁੱਕੇ ਹਨ ਹਨ ਕਿ 1972 ਤੋਂ ਪਹਿਲਾਂ ਵਾਲੀ ਪੁਰਾਣੀ ਪੈਂਨਸ਼ਨ ਹੀ ਲਾਗੂ ਹੋਵੇਗੀ ਤਾਂ ਐਨ ਪੀ ਐਸ ਵਿੱਚ ਸੋਧਾਂ ਨੂੰ ਘੋਖਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ, ਲਾਗੂ ਤਾਂ ਪੁਰਾਣੀ ਪੈਂਨਸ਼ਨ ਕਰਨੀ ਹੈ। ਇਸ ਦੁਵੱਲੀ ਗੱਲ 'ਤੇ ਐਨ ਪੀ ਐਸ ਮੁਲਾਜਮ ਸਖਤ ਨਾਰਾਜ ਹਨ। 28 ਮਈ ਨੂੰ ਧੂਰੀ ਵਖੇ ਮਹਾਰੈਲੀ ਕੀਤੀ ਜਾ ਰਹੀ ਹੈ। ਸੋਮਵਾਰ ਦਾ ਮਾਰਚ ਦੇਸ਼ ਭਗਤ ਯਾਦਗਾਰ ਹਾਲ ਤੋਂ ਪ੍ਰੈੱਸ ਕਲੱਬ ਤੱਕ ਕੀਤਾ ਗਿਆ । ਇਸ ਸਮੇਂ ਬਲਜੀਤ ਸਿੰਘ ਕੁਲਾਰ, ਸੁਖਵਿੰਦਰ ਸਿੰਘ ਮੱਕੜ, ਤਰਸੇਮ ਮਾਧੋਪੁਰੀ, ਪਰੇਮ ਖਲਵਾੜਾ,ਮੋਹਣ ਲਾਲ ਵੇਦ ਰਾਜ,ਲੇਖ ਰਾਜ ਪੰਜਾਬੀ,ਪੰਕਜ ਕੁਮਾਰ, ਕਸਤੂਰੀ ਲਾਲ, ਧਰਮ ਪਾਲ, ਸੰਦੀਪ ਸਿੰਘ, ਬੂਟਾ ਰਾਮ, ਕੁਲਦੀਪ ਕੌੜਾ,ਵਿਨੋਦ ਭੱਟੀ, ਕੁਲਵੰਤ ਰਾਮ, ਸੁਸ਼ੀਲ ਕੁਮਾਰ, ਰਣਜੀਤ ਸਿੰਘ, ਸੰਦੀਪ ਸ਼ਰਮਾ, ਵਰਿੰਦਰ ਸਿੰਘ,ਰਾਮ ਰੂਪ, ਧਰਮਿੰਦਰਜੀਤ, ਰਕੇਸ ਕੁਮਾਰ, ਬਖਸ਼ੀ ਰਾਮ, ਕੁਲਵੰਤ ਰੁੜਕਾ, ਦੀਪਕ ਕੁਮਾਰ, ਜਤਿੰਦਰ ਸਿੰਘ, ਵੇਦ ਰਾਜ, ਪਰਦੀਪ ਕੁਮਾਰ, ਰਜਿੰਦਰ ਸਿੰਘ, ਭੁਪਿੰਦਰ ਸਿੰਘ, ਪੰਕਜ, ਧਰਮਪਾਲ, ਸੰਦੀਪ ਸਿੰਘ, ਦੀਪਕ ਕੁਮਾਰ, ਕਮਲਦੇਵ, ਰੁਘੂਜੀਤ ਸਿੰਘ, ਕਮਲਦੀਪ ਸ਼ਰਮਾ, ਰਕੇਸ਼ ਕੁਮਾਰ, ਸੁਖਵਿੰਦਰ ਰਾਮ, ਰਣਜੀਤ ਸਿੰਘ, ਜਸਵੀਰ ਰਾਮ, ਸੂਰਤੀ ਲਾਲ, ਮਨਦੀਪ ਸਿੰਘ ਆਦਿ ਹਾਜਰ ਸਨ।

ਸਬ-ਡਵੀਜ਼ਨਲ ਕੰਪਲੈਕਸ ਦਾ ਨੀਂਹ ਪੱਥਰ ਰੱਖਣ ਲਈ ਚੀਮਾ ਵੱਲੋਂ ਮੁੱਖ ਮੰਤਰੀ ਦਾ ਧੰਨਵਾਦ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਵਿਖੇ ਸਬ ਡਵੀਜ਼ਨਲ ਕੰਪਲੈਕਸ ਦਾ ਨੀਂਹ ਪੱਥਰ ਰੱਖਣ ਲਈ ਮੁੱਖ ਮੰਤਰੀ ਭਗਵੰਤ ਮਾਨ ਦਾ ਵਿਸ਼ੇਸ਼ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ ਪੱਖੀ ਸੋਚ ਸਦਕਾ ਛੇਤੀ ਹੀ ਅਸੀਂ ਦਿੜ੍ਹਬਾ ਸਬ ਡਵੀਜ਼ਨ ਦੇ ਲੋਕਾਂ ਦੀ ਚਿਰਾਂ ਤੋਂ ਲਟਕ ਰਹੀ ਮੰਗ ਨੂੰ ਪੂਰਾ ਕਰਨ ਜਾ ਰਹੇ ਹਾਂ ਜਿਸ ਦੇ ਪਹਿਲੇ ਪੜਾਅ ਵਜੋਂ ਅੱਜ ਨੀਂਹ ਪੱਥਰ ਰੱਖਿਆ ਗਿਆ ਹੈ। ਅੱਜ ਨੀਂਹ ਪੱਥਰ ਸਮਾਰੋਹ ਤੋਂ ਬਾਅਦ ਇਹ ਸ਼ਬਦ ਸਾਂਝੇ ਕਰਦਿਆਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਜਦੋਂ ਉਹ ਪਿਛਲੀ ਸਰਕਾਰ ਸਮੇਂ ਵਿਰੋਧੀ ਧਿਰ ਦੇ ਆਗੂ ਸਨ, ਤਾਂ ਉਨ੍ਹਾਂ ਨੇ ਸਮੇਂ ਸਮੇਂ 'ਤੇ ਦਿੜ੍ਹਬਾ ਵਾਸੀਆਂ ਦੀ ਇਸ ਬੇਹੱਦ ਮਹੱਤਵਪੂਰਨ ਮੰਗ ਨੂੰ ਉਠਾਇਆ ਪਰ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਲੋਕ ਮਸਲਿਆਂ ਵੱਲ ਧਿਆਨ ਨਹੀਂ ਦਿੱਤਾ। ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਦੇ ਸੱਤਾ ਵਿੱਚ ਆਉਂਦਿਆਂ ਹੀ ਇਸ ਸਬ ਡਵੀਜ਼ਨਲ ਕੰਪਲੈਕਸ ਨੂੰ ਬਣਾਉਣ ਦਾ ਸੁਪਨਾ ਸਾਕਾਰ ਹੁੰਦਾ ਨਜ਼ਰ ਆਉਣ ਲੱਗ ਪਿਆ ਸੀ ਅਤੇ ਉਦੋਂ ਤੋਂ ਹੀ ਉਹ ਖੁਦ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਅਮਲੀ ਜਾਮਾ ਪਹਿਨਾਉਣ ਲਈ ਇਸ ਦੀ ਰੂਪ ਰੇਖਾ ਨੂੰ ਤਿਆਰ ਕਰਨ ਵਿੱਚ ਜੁਟੇ ਹੋਏ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਲੋਕਾਂ ਨੂੰ ਉਨ੍ਹਾਂ ਦੇ ਰੋਜ਼ਮਰ੍ਹਾ ਦੇ ਕੰਮ ਨੂੰ ਕਰਵਾਉਣ ਵਿੱਚ ਆ ਰਹੀਆਂ ਮੁਸ਼ਕਲਾਂ ਨੂੰ ਸਥਾਈ ਤੌਰ 'ਤੇ ਸਮਾਪਤ ਕਰਨ ਲਈ ਇਸ ਅਤਿ ਆਧੁਨਿਕ ਸਬ ਡਵੀਜ਼ਨਲ ਕੰਪਲੈਕਸ ਦੀ ਉਸਾਰੀ ਕਰਵਾਈ ਜਾ ਰਹੀ ਹੈ । ਉਨ੍ਹਾ ਦੱਸਿਆ ਕਿ 9 ਏਕੜ ਰਕਬੇ ਵਿੱਚ ਬਣਨ ਵਾਲੇ ਇਸ ਕੰਪਲੈਕਸ ਵਿੱਚ ਦਫ਼ਤਰ ਉਪ ਮੰਡਲ ਮੈਜਿਸਟਰੇਟ, ਦਫ਼ਤਰ ਉਪ ਕਪਤਾਨ ਪੁਲਸ, ਤਹਿਸੀਲ ਦਫ਼ਤਰ, ਬੀ.ਡੀ.ਪੀ.ਓ ਦਫ਼ਤਰ, ਸੀ.ਡੀ.ਪੀ.ਓ ਦਫ਼ਤਰ ਤੇ ਫਰਦ ਕੇਂਦਰ ਸਥਾਪਤ ਕੀਤੇ ਜਾਣਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਇੱਕੋ ਛੱਤ ਹੇਠਾਂ ਦੂਰ ਕਰਨ ਦੀ ਵਚਨਬੱਧਤਾ ਤਹਿਤ ਇਹ ਸਾਰਥਕ ਕਦਮ ਪੁੱਟਿਆ ਗਿਆ ਹੈ। ਕੰਪਲੈਕਸ ਦੀ ਉਸਾਰੀ ਪ੍ਰਕਿਰਿਆ ਇੱਕ ਵਰ੍ਹੇ ਦੇ ਅੰਦਰ ਅੰਦਰ ਮੁਕੰਮਲ ਕਰਨ ਦੀ ਹਦਾਇਤ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਕੀਤੀ ਗਈ ਹੈ। ਉਨ੍ਹਾ ਦੱਸਿਆ ਕਿ ਇਸ ਤੋਂ ਇਲਾਵਾ ਇਸ ਕੰਪਲੈਕਸ ਨੂੰ ਹੋਰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਵੀ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਸਟਾਫ਼ ਤੇ ਆਮ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਪੇਸ਼ ਨਾ ਆ ਸਕੇ।

ਸਿਹਤ ਵਿਭਾਗ ਦੀ ਟੀਮ ਵੱਲੋਂ ਤੰਬਾਕੂ ਰੋਕਥਾਮ ਮੁਹਿੰਮ ਤਹਿਤ ਚੈਕਿੰਗ, 25 ਚਾਲਾਨ ਕੱਟੇ

ਮੋਹਾਲੀ :(ਨਵਾਂ ਜ਼ਮਾਨਾ ਸਰਵਿਸ)- ਜ਼ਿਲ੍ਹੇ ਵਿਚ ਵੱਖ-ਵੱਖ ਥਾਈਂ ਤੰਬਾਕੂ ਰੋਕਥਾਮ ਮੁਹਿੰਮ ਲਗਾਤਾਰ ਜਾਰੀ ਹੈ। ਜ਼ਿਲ੍ਹਾ ਤੰਬਾਕੂ ਰੋਕਥਾਮ ਨੋਡਲ ਅਫ਼ਸਰ ਡਾ. ਨਵਦੀਪ ਸਿੰਘ ਨੇ ਦਸਿਆ ਕਿ ਸਿਵਲ ਸਰਜਨ ਡਾ. ਰੁਪਿੰਦਰ ਗਿੱਲ ਦੀਆਂ ਹਦਾਇਤਾਂ 'ਤੇ ਵੱਖ-ਵੱਖ ਥਾਈਂ ਜਿਥੇ ਚੈਕਿੰਗ ਕੀਤੀ ਜਾ ਰਹੀ ਹੈ, ਉਥੇ ਦੁਕਾਨਦਾਰਾਂ/ਰੇਹੜੀ ਫੜ੍ਹੀ ਵਾਲਿਆਂ ਨੂੰ ਨਿਯਮਾਂ ਦੇ ਦਾਇਰੇ ਵਿਚ ਤੰਬਾਕੂ ਪਦਾਰਥ ਵੇਚਣ ਲਈ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦਸਿਆ ਕਿ ਬੀਤੇ ਦਿਨੀਂ ਜ਼ਿਲ੍ਹਾ ਸਿਹਤ ਵਿਭਾਗ ਦੀ ਟੀਮ ਨੇ ਮੋਹਾਲੀ ਸ਼ਹਿਰ ਵਿਚ ਲਗਭਗ ਦੁਕਾਨਾਂ ਅਤੇ ਰੇਹੜੀਆਂ-ਫੜ੍ਹੀਆਂ ਦੀ ਚੈਕਿੰਗ ਕੀਤੀ ਅਤੇ ਤੰਬਾਕੂ ਰੋਕਥਾਮ ਕਾਨੂੰਨ ਦੀ ਉਲੰਘਣਾ ਕਰ ਕੇ ਤੰਬਾਕੂ ਪਦਾਰਥ ਵੇਚਣ ਦੇ ਦੋਸ਼ ਹੇਠ 25 ਚਾਲਾਨ ਕੀਤੇ। ਉਨ੍ਹਾਂ ਦਸਿਆ ਕਿ ਟੀਮ ਨੇ ਉਲੰਘਣਾ ਕਰਨ ਵਾਲਿਆਂ ਕੋਲੋਂ 4500 ਰੁਪਏ ਜੁਰਮਾਨਾ ਵੀ ਵਸੂਲ ਕੀਤਾ ਅਤੇ ਭਵਿੱਖ ਵਿਚ ਕਾਨੂੰਨ ਦੇ ਦਾਇਰੇ ਵਿਚ ਰਹਿ ਕੇ ਤੰਬਾਕੂ ਪਦਾਰਥ ਵੇਚਣ ਦੀ ਹਦਾਇਤ ਕੀਤੀ। ਡਾ. ਨਵਦੀਪ ਮੁਤਾਬਕ ਜਾਂਚ ਦੌਰਾਨ ਵੇਖਿਆ ਗਿਆ ਕਿ ਕੁਝ ਥਾਈਂ ਖਾਣ-ਪੀਣ ਦਾ ਸਮਾਨ ਵੇਚਣ ਦੇ ਨਾਲ-ਨਾਲ ਤੰਬਾਕੂ ਪਦਾਰਥ ਵੇਚੇ ਜਾ ਰਹੇ ਸਨ ਜੋ ਕੋਟਪਾ ਕਾਨੂੰਨ ਦੀ ਉਲੰਘਣਾ ਹੈ। ਕੁੱਝ ਥਾਈਂ ਚੇਤਾਵਨੀ ਰਹਿਤ ਇੰਪੋਰਟਡ ਸਿਗਰਟਾਂ, ਖ਼ੁਸ਼ਬੂਦਾਰ ਤੰਬਾਕੂ ਪਦਾਰਥ ਅਤੇ ਖੁਲ੍ਹੀਆਂ ਸਿਗਰਟਾਂ ਵੇਚੀਆਂ ਜਾ ਰਹੀਆਂ ਸਨ ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦਾ ਜ਼ਿਲ੍ਹਾ ਤੰਬਾਕੂ ਵਿਰੋਧੀ ਸੈੱਲ ਜਿਥੇ ਲਗਾਤਾਰ ਚਾਲਾਨ ਅਤੇ ਜੁਰਮਾਨੇ ਦੀ ਕਾਰਵਾਈ ਕਰ ਰਿਹਾ ਹੈ, ਉਥੇ ਨਾਲੋ-ਨਾਲ ਲੋਕਾਂ ਨੂੰ ਤੰਬਾਕੂ ਦੀਵਰਤੋਂ ਦੇ ਨੁਕਸਾਨਾਂ ਅਤੇ ਤੰਬਾਕੂ ਵਿਰੋਧੀ ਕਾਨੂੰਨ ਬਾਰੇ ਵੀ ਜਾਗਰੂਕ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਜਾਂਚ-ਪੜਤਾਲ ਦਾ ਮੰਤਵ ਦੁਕਾਨਦਾਰਾਂ ਨੂੰ ਤੰਗ-ਪ੍ਰੇਸ਼ਾਨ ਕਰਨਾ ਨਹੀਂ ਸਗੋਂ ਉਨ੍ਹਾਂ ਨੂੰ ਦਸਣਾ ਹੈ ਕਿ ਕੋਟਪਾ ਕਾਨੂੰਨ ਦੀ ਪਾਲਣਾ ਕਰਦਿਆਂ ਤੰਬਾਕੂ ਪਦਾਰਥ ਵੇਚੇ ਜਾਣ। ਚਾਲਾਨ ਦੀ ਕਾਰਵਾਈ ਕਰਦਿਆਂ ਦੁਕਾਦਾਰਾਂ ਅਤੇ ਜਨਤਕ ਥਾਵਾਂ 'ਤੇ ਸਿਗਰਟਨੋਸ਼ੀ ਕਰਨ ਵਾਲਿਆਂ ਨੂੰ ਕੋਟਪਾ ਕਾਨੂੰਨ ਬਾਰੇ ਜਾਣਕਾਰੀ ਦਿਤੀ ਗਈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਜਿਥੇ ਕਿਤੇ ਵੀ ਤੰਬਾਕੂ ਰੋਕਥਾਮ ਕਾਨੂੰਨ ਦੀ ਉਲੰਘਣਾ ਕਰਦਿਆਂ ਤੰਬਾਕੂ ਪਦਾਰਥ ਵੇਚੇ ਜਾ ਰਹੇ ਹਨ ਤਾਂ ਸਿਹਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ ਤਾਕਿ ਬਣਦੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਤੰਬਾਕੂ ਵਿਰੋਧੀ ਮੁਹਿੰਮ ਇਸੇ ਤਰ੍ਹਾਂ ਜਾਰੀ ਰਹੇਗੀ।

ਸੇਂਟ ਸੋਲਜਰ ਗਰੁੱਪ ਦੇ ਸੋਨ ਤਮਗੇ ਜਿੱਤਣ ਵਾਲੇ ਵਿਦਿਆਰਥੀ ਸਨਮਾਨਤ

ਜਲੰਧਰ, (ਇਕਬਾਲ ਸਿੰਘ ਉਭੀ)-ਆਲ ਇੰਡੀਆ ਇੰਟਰ ਯੂਨੀਵਰਸਿਟੀ 'ਚ ਰਾਈਫਲ ਸ਼ੂਟਿੰਗ ਵਿਚ ਗੋਲਡ ਮੈਡਲ ਜਿੱਤਣ ਵਾਲੇ ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਲਾਅ ਕਾਲਜ ਦੇ ਵਿਦਿਆਰਥੀ ਰਾਹੁਲ ਚੌਧਰੀ ਲਈ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਜਿਸ ਵਿੱਚ ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਰਾਹੁਲ ਚੌਧਰੀ ਨੂੰ ਪਿਤਾ ਬੀ.ਐਸ.ਚੌਧਰੀ, ਮੈਨੇਜਿੰਗ ਡਾਇਰੈਕਟਰ ਪ੍ਰੋ. ਮਨਹਰ ਅਰੋੜਾ, ਕਾਲਜ ਡਾਇਰੈਕਟਰ ਡਾ.ਐਸ.ਸੀ.ਸ਼ਰਮਾ ਦੀ ਮੌਜੂਦਗੀ ਵਿੱਚ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਰਾਹੁਲ ਨੇ ਕਾਲਜ ਅਤੇ ਮੈਨੇਜਮੈਂਟ ਦਾ ਧੰਨਵਾਦ ਕਰਦੇ ਹੋਏ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਉਸ ਦੀ ਸਫਲਤਾ ਪਿੱਛੇ ਮਿਹਨਤ, ਅਭਿਆਸ, ਡਾਈਟ ਆਦਿ ਬਾਰੇ ਦੱਸਿਆ। ਰਾਹੁਲ ਨੇ ਕਿਹਾ ਕਿ ਇਹ ਉਸ ਲਈ ਸ਼ੁਰੂਆਤ ਹੈ, ਉਹ ਭਵਿੱਖ 'ਚ ਦੇਸ਼ ਦਾ ਨਾਂਅ ਪੂਰੀ ਦੁਨੀਆ 'ਚ ਰੌਸ਼ਨ ਕਰਨਾ ਚਾਹੁੰਦਾ ਹੈ। ਮੇਰਠ ਵਿੱਚ ਹੋਏ ਆਲ ਇੰਡੀਆ ਇੰਟਰ ਯੂਨੀਵਰਸਿਟੀ ਰਾਈਫਲ ਮੁਕਾਬਲੇ ਵਿੱਚ ਸੰਸਥਾ ਦੇ ਐਲ ਐਲ ਬੀ ਪਹਿਲੇ ਸਾਲ ਦੇ ਵਿਦਿਆਰਥੀ ਰਾਹੁਲ ਚੌਧਰੀ ਨੇ ਗੋਲਡ ਮੈਡਲ ਪ੍ਰਾਪਤ ਕਰਕੇ ਸੰਸਥਾ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਸੀ। ਇਸ ਤੋਂ ਪਹਿਲਾਂ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਪੀ ਏ ਪੀ ਕੰਪਲੈਕਸ 'ਚ ਕਰਵਾਏ ਗਏ ਇੰਟਰ ਕਾਲਜ ਰਾਈਫਲ ਸ਼ੂਟਿੰਗ ਮੁਕਾਬਲੇ 10 ਮੀਟਰ ਰਾਈਫਲ ਸ਼ੂਟਿੰਗ ਵਿੱਚ ਰਾਹੁਲ ਚੌਧਰੀ ਨੇ ਪਹਿਲਾ ਸਥਾਨ ਹਾਸਲ ਕੀਤਾ ਸੀ ਅਤੇ ਹੁਣ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਧੀਨ ਇਸ ਮੁਕਾਬਲੇ ਵਿੱਚ ਭਾਗ ਲਿਆ ਸੀ। ਰਾਹੁਲ ਪਿਛਲੇ 4 ਸਾਲਾਂ ਤੋਂ ਰਾਈਫਲ ਸ਼ੂਟਿੰਗ ਦਾ ਅਭਿਆਸ ਕਰ ਰਹੇ ਹਨ ਅਤੇ ਹੁਣ ਉਹ ਖੇਲੋ ਇੰਡੀਆ ਅਤੇ ਓਲੰਪਿਕ 2024 ਲਈ ਸਖਤ ਮਿਹਨਤ ਕਰ ਰਹੇ ਹਨ। ਚੇਅਰਮੈਨ ਚੋਪੜਾ ਨੇ ਵਿਦਿਆਰਥੀ ਰਾਹੁਲ ਦੇ ਪਿਤਾ ਬੀ ਐਸ ਚੌਧਰੀ, ਮਾਤਾ ਰਾਖੀ ਚੌਧਰੀ, ਕੋਚ ਦੀਪਕ ਦੂਬੇ (ਭਾਰਤੀ ਨਿਸ਼ਾਨੇਬਾਜ਼ੀ ਟੀਮ ਦੇ ਕੋਚ) ਨੂੰ ਵਧਾਈ ਦਿੱਤੀ। ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਮਾਣ ਨਾਲ ਕਿਹਾ ਕਿ ਲਾਅ ਕਾਲਜ ਦੇ ਬਹੁਤ ਸਾਰੇ ਵਿਦਿਆਰਥੀ ਜੱਜ, ਆਈ ਪੀ ਐਸ, ਆਈ ਏ ਐਸ, ਵਧੀਆ ਵਕੀਲ ਬਣ ਕੇ ਲੋਕਾਂ ਦੀ ਸੇਵਾ ਕਰ ਰਹੇ ਹਨ, ਉਥੇ ਨਾਲ ਹੀ ਵਿੱਦਿਅਕ, ਸੱਭਿਆਚਾਰਕ ਅਤੇ ਖੇਡਾਂ ਵਿੱਚ ਵੀ ਆਪਣਾ ਨਾਂਅ ਕਮਾ ਰਹੇ ਹਨ।

ਹਿਮਾਲਿਆ ਐੱਫ ਪੀ ਓ ਵੱਲੋ ਭਾਗੀਆ ਵਿਖੇ ਕਿਸਾਨਾਂ ਨਾਲ ਮੀਟਿੰਗ

ਅੱਡਾ ਸਰਾਂ/ਟਾਂਡਾ (ਜਸਵੀਰ ਕਾਜਲ) ਨੈਸ਼ਨਲ ਬੈਂਕ ਫਾਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ ਪੰਜਾਬ ਚੰਡੀਗੜ੍ਹ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਵੱਲੋ ਰਜਤ ਛਾਬੜਾ ਡੀ.ਡੀ.ਐਮ.ਕਲੱਸਟਰ ਮੈਂਬਰ ਜਲੰਧਰ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਚਲਾਈ ਜਾ ਰਹੀ ਬਲਾਕ ਟਾਂਡਾ ਕਿਸਾਨ ਜਾਗਰੂਕਤਾ ਮੁਹਿਮ ਤਹਿਤ ਪਿੰਡ ਭਾਗੀਆ ਵਿਖੇ ਸੁਖਵਿੰਦਰਜੀਤ ਸਿੰਘ ਪ੍ਰਧਾਨ ਦੀ ਅਗਵਾਈ ਹੇਠ ਹਿਮਾਲਿਆ ਫਾਰਮਰ ਪ੍ਰੋਡਿਊਸਰ ਆਰਗੇਨਾਈਜੇਸ਼ਨ ਵੱਲੋ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ ਅਤੇ ਬਲਾਕ ਟਾਂਡਾ ਵੱਲੋਂ ਕਿਸਾਨਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਬਾਰੇ ਜਾਗਰੂਕ ਕੀਤਾ ਗਿਆ। ਰਵਿੰਦਰ ਸਿੰਘ ਕਾਹਲੋਂ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਨੇ ਕਿਹਾ ਕਿ ਕਿਸਾਨਾਂ ਨੂੰ ਇਕੱਠੇ ਹੋ ਕੇ ਐਫ.ਪੀ.ਓ. ਦੇ ਮਾਧਿਅਮ ਰਾਹੀ ਖੇਤੀ ਕਰਨੀ ਚਾਹੀਦੀ ਹੈ ਤਾਂ ਜੋ ਕਿਸਾਨਾਂ ਦਾ ਆਰਥਿਕ ਪੱਧਰ ਉੱਚਾ ਕੀਤਾ ਜਾ ਸਕੇ। ਇਸ ਮੌਕੇ ਸੁਮਨਾ ਦੇਵੀ ਸੀ.ਈ.ਓ. ਨੇ ਕਿਸਾਨ ਵੀਰਾਂ ਨੂੰ ਐਫ.ਪੀ.ਓ. ਨਾਲ ਜੁੜ ਕੇ ਹਿੱਸੇਦਾਰ ਬਨਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਰਿੰਦਰਾ ਸਰਪੰਚ ਭਾਗੀਆ ਨੇ ਐਫ.ਪੀ.ਓ. ਦਾ ਲਾਭ ਪ੍ਰਾਪਤ ਕਰਨ ਅਤੇ ਵੱਧ ਤੋਂ ਵੱਧ ਸਹਿਯੋਗ ਦੇਣ ਦਾ ਭਰੋਸਾ ਦਵਾਇਆ। ਸੁਰਿੰਦਰਪਾਲ ਸਿੰਘ ਜੀ.ਆਰ.ਐਸ, ਇੰਦਰਵੀਰ ਸਿੰਘ ਜੀ.ਆਰ.ਐਸ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਪਰਮੀਤ ਕੌਰ, ਨੀਰਜ, ਇੰਦਰਜੀਤ ਕੌਰ, ਅਮਰਜੀਤ ਕੌਰ, ਦਵਿੰਦਰਪਾਲ, ਜਸਵੀਰ ਸਿੰਘ, ਹਰਮੇਸ਼ ਚੰਦ, ਬਲਵੀਰ ਕੌਰ, ਜਸਪ੍ਰੀਤ, ਸੁਖਦੀਪ ਸਿੰਘ, ਦਰਸ਼ਨ ਸਿੰਘ, ਸੁਨੀਤਾ ਰਾਣੀ ਆਦਿ ਹਾਜ਼ਰ ਸਨ।

ਅੱਜ ਤੇ ਭਲਕੇ ਬਿਜਲੀ ਬੰਦ ਰਹੇਗੀ

ਮਹਿਤਪੁਰ (ਰਾਜਾ)-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਸਬ ਡਵੀਜ਼ਨ ਮਹਿਤਪੁਰ ਦੇ ਐਸ.ਡੀ.ਓ ਪਰਮਿੰਦਰ ਸਿੰਘ ਭੁੱਟੋ ਦੀ ਸੂਚਨਾ ਅਨੁਸਾ

24-MAY-PAGE-10.qxd 5/23/2023 10:42 PM Page 1

ਅਕਾਲੀ ਦਲ ਸੁਤੰਤਰ ਵੱਲੋਂ ਸਰਕਾਰ ਤੇ ਪ੍ਰਸ਼ਾਸਨ ਖਿਲਾਫ ਰੋਸ ਧਰਨਾ

ਸੀਵਰੇਜ ਦੀ ਸਮੱਸਿਆ ਤੇ ਅਵਾਰਾ ਪਸ਼ੂਆਂ ਦਾ ਹੱਲ ਨਾ ਕੱਢਿਆ ਤਾਂ ਸੰਘਰਸ਼ ਤੇਜ਼ ਕੀਤਾ ਜਾਵੇਗਾ : ਸਹੋਲੀ

ਨਾਭਾ (ਵਰਿੰਦਰ ਵਰਮਾ)-ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਦੀ ਅਗਵਾਈ 'ਚ ਸੀਵਰੇਜ ਦੀ ਸਮੱਸਿਆ ਤੇ ਅਵਾਰਾ ਪਸ਼ੂਆਂ ਨੂੰ ਲੈ ਕੇ ਸੂਬਾ ਸਰਕਾਰ ਤੇ ਪ੍ਰਸ਼ਾਸਨ ਖਿਲਾਫ ਨਾਭਾ-ਪਟਿਆਲਾ ਰੋਡ 'ਤੇ ਰੋਸ ਧਰਨਾ ਲਗਾਇਆ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਪਰਮਜੀਤ ਸਿੰਘ ਸਹੋਲੀ ਨੇ ਕਿਹਾ ਕਿ ਮਾਨਯੋਗ ਐੱਸ.ਡੀ.ਐੱਮ. ਤਰਸੇਮ ਚੰਦ ਨਾਭਾ ਨੂੰ ਗੁਰਦੁਆਰਾ ਬਾਬਾ ਅਜਾਪਾਲ ਸਿੰਘ ਸਾਹਿਬ ਦੇ ਸੀਵਰੇਜ ਦੇ ਪਾਣੀ ਦੀ ਸਮੱਸਿਆ ਸਬੰਧੀ ਮੰਗ ਪੱਤਰ ਦੇ ਕੇ ਧਿਆਨ ਵਿੱਚ ਲਿਆਂਦਾ ਗਿਆ ਸੀ, ਪ੍ਰੰਤੂ ਉਨ੍ਹਾਂ ਵੱਲੋਂ ਇਸ ਸਮੱਸਿਆ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾ ਕਿਹਾ ਕਿ ਜੋ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਗਾਰਚੀ ਸਿੰਘ ਬਾਬਾ ਅਜਾਪਾਲ ਸਿੰਘ ਜੀ ਦੀ ਯਾਦ ਵਿੱਚ ਬਣਿਆ ਹੋਇਆ ਹੈ, ਰੋਜ਼ਾਨਾ ਹੀ ਭਾਰੀ ਗਿਣਤੀ ਵਿੱਚ ਸੰਗਤਾਂ ਗੁ: ਸਾਹਿਬ ਵਿਖੇ ਨਤਮਸਤਕ ਹੁੰਦੀਆਂ ਹਨ। ਉਨ੍ਹਾ ਕਿਹਾ ਕਿ ਗੁ: ਸਾਹਿਬ ਦੀ ਸੀਵਰੇਜ ਦੇ ਪਾਣੀ ਦੀ ਨਿਕਾਸੀ ਦਾ ਬਹੁਤ ਮਾੜਾ ਹਾਲ ਹੈ, ਜੋ ਕਿ ਗੁ: ਸਾਹਿਬ ਦੇ ਕੰਪਲੈਕਸ ਵਿੱਚ ਸੀਵਰੇਜ ਦਾ ਗੰਦਾ ਪਾਣੀ ਇਕੱਠਾ ਹੋ ਜਾਂਦਾ ਹੈ। ਉਨ੍ਹਾ ਕਿਹਾ ਕਿ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਣ ਲਈ ਆਉਂਦੀਆਂ ਹਨ, ਪ੍ਰੰਤੂ ਸ਼ਰਧਾਲੂਆਂ ਨੂੰ ਸੀਵਰੇਜ ਦੇ ਗੰਦੇ ਪਾਣੀ ਵਿੱਚੋਂ ਨਿਕਲਣਾ ਪੈਂਦਾ ਹੈ, ਜਿਸ ਕਾਰਨ ਸੰਗਤਾਂ ਵਿੱਚ ਇਸ ਦਾ ਭਾਰੀ ਰੋਸ ਹੈ। ਉਨ੍ਹਾ ਕਿਹਾ ਕਿ ਉੱਚ ਅਧਿਕਾਰੀਆਂ ਨੇ ਲਾਰਿਆਂ ਦੇ ਸਿਵਾਏ ਕੁਝ ਨਹੀਂ ਦਿੱਤਾ।

ਸਹੋਲੀ ਨੇ ਕਿਹਾ ਕਿ ਪਿੰਡਾਂ ਤੇ ਸ਼ਹਿਰ ਵਿੱਚ ਅਵਾਰਾ ਪਸ਼ੂਆਂ ਦੀ ਵੱਡੀ ਗਿਣਤੀ 'ਚ ਭਰਮਾਰ ਹੈ, ਜਿਸ ਨਾਲ ਕਈ ਇਨਸਾਨਾਂ ਦੀਆਂ ਜਾਨਾਂ ਵੀ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਗਊਸ਼ਾਲਾ ਹੋਣ ਦੇ ਬਾਵਜੂਦ ਅਵਾਰਾ ਪਸ਼ੂ ਘੁੰਮਦੇ ਨਜ਼ਰ ਆਉਂਦੇ ਹਨ। ਪ੍ਰਸ਼ਾਸਨ ਤੇ ਪੰਜਾਬ ਸਰਕਾਰ ਕੁੰਭਕਰਨ ਦੀ ਨੀਂਦ ਸੁੱਤਾ ਪਿਆ ਹੈ। ਉਨ੍ਹਾ ਕਿਹਾ ਕਿ ਜੇਕਰ ਇਨ੍ਹਾਂ ਸਮੱਸਿਆਵਾਂ ਦਾ ਹੱਲ ਜਲਦੀ ਨਾ ਨਿੱਕਲਿਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੀ ਹੋਵੇਗੀ। ਇਸ ਮੌਕੇ ਹਰਬੰਸ ਸਿੰਘ ਖੱਟੜਾ, ਸੁਰਜੀਤ ਸਿੰਘ ਬਾਬਰਪੁਰ, ਮੁਖਤਿਆਰ ਸਿੰਘ ਖੇੜੀ, ਗੁਰਵਿੰਦਰ ਸਿੰਘ ਛੰਨਾ, ਭੰਗੂ ਫਲੇੜੇਵਾਲਾ, ਅਮਰ ਸਿੰਘ ਅਮਰ, ਹੈਪੀ ਸੁੱਖੇਵਾਲ, ਜਰਨੈਲ ਸਿੰਘ, ਗੁਰਮੀਤ ਸਿੰਘ ਮਹਿਮਦਪੁਰ, ਹਰਬੰਸ ਸਿੰਘ ਮਡੌਰ, ਜਸਵੰਤ ਸਿੰਘ ਮਹਿਮਦਪੁਰ, ਜਸਵੰਤ ਸਿੰਘ ਸੁੱਖੇਵਾਲ, ਗਰਜੀਤ ਸਿੰਘ ਬਿਨਾਹੇੜੀ, ਜਗਰੂਪ ਸਿੰਘ ਬੌੜਾਂ, ਹਰਬੰਸ ਸਿੰਘ ਭੌੜੇ ਆਦਿ ਹਾਜ਼ਰ ਸਨ।

ਬਿਜਲੀ ਮੁਲਾਜ਼ਮਾਂ ਨੇ ਮੰਤਰੀ ਨੂੰ ਸੌਂਪਿਆ ਮੰਗ ਪੱਤਰ

ਹਠੂਰ (ਨਛੱਤਰ ਸੰਧੂ)-ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਬ ਅਰਬਨ ਸਰਕਲ ਲੁਧਿਆਣਾ ਦੀ ਲੀਡਰਸ਼ਿਪ ਵੱਲੋਂ ਜ਼ੋਨ ਸਰਪ੍ਰਸਤ ਚਰਨਜੀਤ ਸਿੰਘ ਸਕੱਤਰ ਅਮ੍ਰਿਤਪਾਲ ਸ਼ਰਮਾ, ਸਰਕਲ ਸਕੱਤਰ ਹਰਵਿੰਦਰ ਸਿੰਘ ਲਾਲੂ ਦੀ ਅਗਵਾਈ ਵਿੱਚ ਮਾਣਯੋਗ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੂੰ ਨਵੀਂ ਭਰਤੀ 295/19 ਵਾਲੇ ਸਹਾਇਕ ਲਾਈਨਮੈਨਾਂ 'ਤੇ ਪੁਲਸ ਕੇਸ ਵਾਪਸ ਲੈਣ, ਪੂਰੇ ਸਕੇਲ ਵਿੱਚ ਤਨਖਾਹ ਬਣਾਉਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਕੱਚੇ ਕਾਮੇ ਪੱਕੇ ਕਰਨ, ਖਾਲੀ ਪੋਸਟਾਂ ਰੈਗੂਲਰ ਭਰਤੀ ਰਾਹੀਂ ਭਰਨ ਸਮੇਤ ਹੋਰ ਭਖਦੇ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਤੇ ਮੰਗ ਪੱਤਰ ਸੌਂਪਿਆ ਗਿਆ। ਜਥੇਬੰਦੀ ਦੇ ਡੈਪੂਟੇਸ਼ਨ ਨੂੰ ਮੰਤਰੀ ਜੀ ਵੱਲੋਂ ਧਿਆਨ ਨਾਲ ਸੁਣਿਆ ਗਿਆ ਤੇ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ। ਨਵੀਂ ਭਰਤੀ ਸਹਾਇਕ ਲਾਈਨਮੈਨਾਂ ਦੀ ਪੂਰੇ ਤਨਖਾਹ ਸਕੇਲ ਵਿੱਚ ਜਲਦੀ ਤਨਖਾਹ ਬਣਵਾਉਣ ਦਾ ਵਿਸ਼ਵਾਸ ਦਿਵਾਇਆ। ਮੰਤਰੀ ਜੀ ਵੱਲੋਂ ਸਮੇਂ ਸਿਰ ਦਫਤਰ ਆਉਣ ਤੇ ਪਬਲਿਕ ਦੀਆਂ ਬਿਜਲੀ ਸਬੰਧੀ ਸਮੱਸਿਆਵਾਂ ਜਲਦੀ ਹੱਲ ਕਰਨ ਦੀ ਅਪੀਲ ਕੀਤੀ। ਜਥੇਬੰਦੀ ਤੇ ਬਿਜਲੀ ਮੰਤਰੀ ਜੀ ਦੀ ਮਿਲਣੀ ਖੁਸ਼ਗਵਾਰ ਰਹੀ। ਇਸ ਸਮੇਂ ਮਿਲਣ ਵਾਲੇ ਡੈਪੂਟੇਸ਼ਨ ਵਿੱਚ ਸਰਕਲ ਆਗੂ ਹਰਵਿੰਦਰ ਸਿੰਘ ਲਾਲੂ, ਜਸਵੰਤ ਸਿੰਘ, ਜਸਪਾਲ ਸਿੰਘ, ਸਾਧੂ ਸਿੰਘ ਲੱਖਾ, ਸਕੱਤਰ ਜਗਮੋਹਣ ਸਿੰਘ ਛੱਜਾਵਾਲ, ਸਰਬਜੀਤ ਸਿੰਘ, ਮਨਜਿੰਦਰ ਸਿੰਘ, ਮੁਨੀਸ਼ ਕੁਮਾਰ, ਡਵੀਜ਼ਨ ਆਗੂ ਗਗਨਦੀਪ ਸਿੰਘ, ਜਰਨੈਲ ਸਿੰਘ, ਲਵਲੀ, ਬਾਲ ਗੋਬਿੰਦ, ਜਗਮੋਹਣ ਸਿੰਘ, ਘਣਸ਼ਿਆਮ, ਤਜਿੰਦਰ ਸਿੰਘ ਬੰਟੀ ਸਮੇਤ ਵੱਡੀ ਗਿਣਤੀ ਮੁਲਾਜ਼ਮ ਆਗੂ ਤੇ ਸਹਾਇਕ ਲਾਈਨਮੈਨ ਸਾਥੀ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਵਿੱਚ ਹਾਜ਼ਰ ਸਨ।

ਮਲੋਟ ਦੀ ਦਾਣਾ ਮੰਡੀ 'ਚ ਭ੍ਰਿਸ਼ਟਾਚਾਰ ਦੀਆਂ ਸਾਰੀਆਂ ਹੱਦਾਂ ਪਾਰ

- ਅਫ਼ਸਰਸ਼ਾਹੀ ਤੇ ਠੇਕੇਦਾਰ ਦੀ ਮਿਲੀਭੁਗਤ ਨਾਲ ਹੋ ਰਿਹੈ ਭ੍ਰਿਸ਼ਟਾਚਾਰ
- ਮੁੱਖ ਮੰਤਰੀ ਤੋਂ ਭ੍ਰਿਸ਼ਟਾਚਾਰ ਨੂੰ ਰੋਕਣ ਦੀ ਲਗਾਈ ਗੁਹਾਰ

ਮਲੋਟ (ਗੁਰਮੀਤ ਸਿੰਘ ਮੱਕੜ)-ਭਗਵੰਤ ਮਾਨ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਲਈ ਅਨੇਕਾਂ ਉਪਰਾਲੇ ਕੀਤੇ ਜਾ ਰਹੇ ਹਨ, ਪ੍ਰੰਤੂ ਮਲੋਟ ਦੀ ਦਾਣਾ ਮੰਡੀ ਵਿੱਚ ਕਿਸਾਨਾਂ ਦੀ ਫ਼ਸਲ ਲਿਫ਼ਟਿੰਗ ਨਾ ਹੋਣ ਕਾਰਨ ਭ੍ਰਿਸ਼ਟਾਚਾਰ ਦੀਆਂ ਸਾਰੀਆਂ ਹੱਦਾਂ ਪਾਰ ਕੀਤੀਆਂ ਜਾ ਰਹੀਆਂ ਹਨ। ਦਾਣਾ ਮੰਡੀ ਦੇ ਆੜ੍ਹਤੀਆਂ ਨੇ ਦੱਸਿਆ ਕਿ ਲਿਫ਼ਟਿੰਗ ਕਰਵਾਉਣ ਲਈ ਪਹਿਲਾਂ ਟ੍ਰੈਕਟਰ-ਟਰਾਲੀ ਦੇ ਮਾਲਕਾਂ ਵੱਲੋਂ ਭਾਰੀ ਰਕਮ ਗੱਟੇ ਦੇ ਇਵਜ ਵਜੋਂ ਮੰਗੀ ਜਾਂਦੀ ਹੈ, ਪ੍ਰੰਤੂ ਫ਼ਿਰ ਲੇਬਰ ਵੱਲੋਂ ਮਾਲਕਾਂ ਦੀ ਆੜ ਵਿੱਚ ਗੱਟੇ ਦੀ ਚੁਕਾਈ ਲਈ ਨਜ਼ਰਾਨਾ ਮੰਗਿਆ ਜਾਂਦਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸਰਕਾਰ ਵੱਲੋਂ ਉਨ੍ਹਾਂ ਨੂੰ ਗੱਟੇ ਮਗਰ ਚੁਕਾਈ ਬਹੁਤ ਘੱਟ ਦਿੱਤੀ ਜਾ ਰਹੀ ਹੈ ਤੇ ਹੋਰ ਏਜੰਸੀਆਂ ਅਤੇ ਅਫ਼ਸਰਸ਼ਾਹੀ ਦੇ ਖਰਚੇ ਪਾ ਕੇ ਲਗਭਗ 10 ਰੁਪਏ ਗੱਟਾ ਖਰਚਾ ਪਾਇਆ ਜਾ ਰਿਹਾ ਹੈ। ਦਾਣਾ ਮੰਡੀਆਂ ਨੂੰ ਕੰਟਰੋਲ ਕਰਨ ਵਾਲੀ ਮਾਰਕੀਟ ਕਮੇਟੀ ਦੇ ਅਫ਼ਸਰਾਂ ਵੱਲੋਂ ਇਸ ਪ੍ਰਤੀ ਕੋਈ ਸ਼ਿਕਾਇਤਾਂ ਦੀ ਸੁਣਵਾਈ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਆੜ੍ਹਤੀਆਂ ਦੇ ਲੱਖਾਂ ਰੁਪਏ ਦਾਣਾ ਮੰਡੀਆਂ ਵਿੱਚ ਰੁਲ ਰਹੇ ਹਨ। ਜਦੋਂ ਇਸ ਸਬੰਧੀ ਮਾਰਕੀਟ ਕਮੇਟੀ ਦੇ ਸੈਕਟਰੀ ਅਮਨਦੀਪ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਸਾਰੀਆਂ ਗੱਲਾਂ ਤੋਂ ਪੱਲਾ ਝਾੜਦੇ ਹੋਏ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਭ੍ਰਿਸ਼ਟਾਚਾਰ ਦੀਆਂ ਇਹ ਗੱਲਾਂ ਨਹੀਂ ਹਨ। ਜਦੋਂ ਉਨ੍ਹਾਂ ਨੂੰ ਕਿਸੇ ਵੀ ਕਾਰਵਾਈ ਬਾਰੇ ਪੁੱਛਿਆ ਤਾਂ ਉਹ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ। ਆੜ੍ਹਤੀਆਂ ਨੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਹੈ ਕਿ ਮਲੋਟ ਦੀ ਦਾਣਾ ਮੰਡੀ ਵਿੱਚ ਚੱਲ ਰਹੇ ਇਸ ਘਪਲੇ ਦੀ ਜਾਂਚ ਵਿਜੀਲੈਂਸ ਵਿਭਾਗ ਤੋਂ ਕਰਵਾਈ ਜਾਵੇ ਤਾਂ ਜੋ ਅਫ਼ਸਰਸ਼ਾਹੀ ਵੱਲੋਂ ਕੀਤੀ ਜਾ ਰਹੀ ਸਰਕਾਰ ਦੀ ਬਦਨਾਮੀ ਨੂੰ ਰੋਕਿਆ ਜਾ ਸਕੇ।

ਕਾਤਰਾਂ

ਖਿੜਕੀਆਂਵਾਲਾ 'ਚ ਇਕੋ ਰਾਤ 12 ਟਰਾਂਸਫਾਰਮਰਾਂ 'ਚੋਂ ਤਾਂਬਾ ਚੋਰੀ

ਦੋਦਾ (ਵਕੀਲ ਬਰਾੜ)-ਚੋਰਾਂ ਦੇ ਇਸ ਖੇਤਰ ਵਿੱਚ ਦਿਨੋ-ਦਿਨ ਹੌਸਲੇ ਬੁਲੰਦ ਹੋ ਰਹੇ ਹਨ ਅਤੇ ਪੁਲਸ ਖਾਮੋਸ਼ ਨਜ਼ਰ ਆ ਰਹੀ ਹੈ, ਜਿਸ ਦੀ ਮਿਸਾਲ ਬੀਤੀ ਰਾਤ ਖਿੜਕੀਆਂਵਾਲਾ ਪਿੰਡ ਦੇ ਰੁਪਿੰਦਰ ਗਿੱਲ, ਖੁਸ਼ਵਿੰਦਰ ਸਿੰਘ, ਬਲਦੇਵ ਸਿੰਘ ਖੋਸਾ, ਜਗਸੀਰ ਸਿੰਘ ਧਾਲੀਵਾਲ, ਇਕਬਾਲ ਖੋਸਾ, ਆਤਮਾ ਗਿੱਲ, ਖੁਸ਼ਵਿੰਦਰ ਬਰਾੜ, ਰਣਜੀਤ ਗਿੱਲ, ਕੁਲਵੰਤ ਬਰਾੜ, ਗੁਰਪਿਆਰ ਚੀਮਾ ਤੇ ਅਮਰਜੀਤ ਸੰਧੂ ਆਦਿ ਕਿਸਾਨਾਂ ਦੇ 12 ਟਿਊਬਵੈਲ ਮੋਟਰਾਂ ਤੋਂ ਟਰਾਂਸਫਾਰਮਰਾਂ ਨੂੰ ਥੱਲੇ ਡੇਗ ਕੇ ਉਨ੍ਹਾਂ ਵਿੱਚੋਂ ਚੋਰਾਂ ਨੇ ਤਾਂਬਾ ਚੋਰੀ ਕਰ ਲਿਆ ਹੈ, ਜਿਸ ਦਾ ਕਿਸਾਨਾਂ ਨੂੰ ਸਵੇਰੇ ਖੇਤਾਂ ਵਿੱਚ ਜਾਣ 'ਤੇ ਪਤਾ ਲੱਗਾ। ਕਿਸਾਨਾਂ ਵੱਲੋਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਤੁਰੰਤ ਸੂਚਨਾ ਦਿੱਤੀ ਤੇ ਪੁਲਸ ਨੂੰ ਵੀ ਲਿਖਤੀ ਇਤਲਾਹ ਕੀਤੀ ਜਾ ਰਹੀ ਹੈ। ਟਰਾਂਸਫਾਰਮਰਾਂ ਦੀਆਂ ਵਧਦੀਆਂ ਚੋਰੀਆਂ ਤੋਂ ਕਿਸਾਨ ਡਾਢੇ ਪ੍ਰੇਸ਼ਾਨ ਹਨ। ਕਿਉਂਕਿ ਹੁਣ ਝੋਨੇ ਦੀਆਂ ਪਨੀਰੀਆਂ ਬੀਜਣ ਦਾ ਸਮਾਂ ਹੈ ਤੇ ਪਾਣੀ ਦੀ ਸਖ਼ਤ ਜ਼ਰੂਰਤ ਹੈ। ਕਿਸਾਨਾਂ ਨੇ ਪੁਲਸ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਚੋਰਾਂ ਨੂੰ ਜਲਦੀ ਨੱਥ ਪਾਈ ਜਾਵੇ।

ਈਟਸ ਐਂਡ ਬੀਟਸ ਕੈਫੇ ਪ੍ਰਿੰਸਸ ਆਫ਼ ਮੁਕਤਸਰ ਤੇ ਰਨਰਅੱਪ ਨੂੰ ਸਨਮਾਨਤ ਕਰੇਗਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਬਠਿੰਡਾ ਰੋਡ ਸਥਿਤ ਈਟਸ ਐਂਡ ਬੀਟਸ ਕੈਫੇ (ਨੇੜੇ ਸੁੱਖਾ ਪਨੀਰ ਭੰਡਾਰ) ਵੱਲੋਂ ਪ੍ਰਿੰਸੈਸ ਆਫ਼ ਮੁਕਤਸਰ ਸੀਰਤ ਢਿੱਲੋਂ ਅਤੇ ਦੋਵੇਂ ਰਨਰਅੱਪ ਕਸ਼ਿਸ਼ ਤੇ ਆਨਿਆ ਗਿਰਧਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਸਬੰਧੀ ਮੀਟਿੰਗ 24 ਮਈ ਨੂੰ ਸ਼ਾਮ ਦੇ 6:00 ਵਜੇ ਉਕਤ ਕੈਫੇ ਵਿੱਚ ਆਯੋਜਤ ਕੀਤੀ ਜਾਵੇਗੀ। ਇਹ ਜਾਣਕਾਰੀ ਈਟਸ ਐਂਡ ਬੀਟਸ ਕੈਫੇ ਦੇ ਐਮ.ਡੀ. ਬਲਕਰਨ ਢਿੱਲੋਂ ਨੇ ਦਿੱਤੀ। ਜ਼ਿਕਰਯੋਗ ਹੈ ਕਿ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਕਰਾਏ ਗਏ ਪ੍ਰਿੰਸਸ ਆਫ਼ ਮੁਕਤਸਰ ਮੁਕਾਬਲੇ ਵਿੱਚ ਬੇਬੀ ਸੀਰਤ ਢਿੱਲੋਂ ਨੇ ਪ੍ਰਿੰਸੈਸ ਆਫ਼ ਮੁਕਤਸਰ ਖਿਤਾਬ ਜਿੱਤਿਆ ਸੀ। ਇਸੇ ਤਰ੍ਹਾਂ ਬੇਬੀ ਸ਼ਾਕਸੀ ਪਹਿਲੀ ਰਨਰਅੱਪ ਅਤੇ ਬੇਬੀ ਆਨਿਆ ਗਿਰਧਰ ਦੂਜੀ ਰਨਰਅੱਪ ਰਹੀ ਸੀ। ਕੈਫੇ ਦੇ ਮੈਨੇਜਿੰਗ ਡਾਇਰੈਕਟਰ ਸ੍ਰ. ਢਿੱਲੋਂ ਨੇ ਉਕਤ ਮੁਕਾਬਲੇ ਦੇ ਆਯੋਜਨ ਲਈ ਮਿਸ਼ਨ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ ਤੇ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਹੈ। ਢਿੱਲੋਂ ਨੇ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਪ੍ਰਿੰਸਸ ਆਫ਼ ਮੁਕਤਸਰ ਤੇ ਦੋਵੇਂ ਰਨਰਅੱਪ ਨੂੰ ਆਪਣੇ ਪਰਵਾਰ ਦੇ ਹੋਰ ਦੋ ਮੈਂਬਰਾਂ ਸਮੇਤ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ।

ਸਰਕਾਰੀ ਕਾਲਜ ਬੁਰਜ ਹਰੀ ਸਿੰਘ ਵਿਖੇ ਦਾਖਲਾ ਸ਼ੁਰੂ

ਹਠੂਰ (ਨਛੱਤਰ ਸੰਧੂ)-ਸਥਾਨਕ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਸਰਕਾਰੀ ਕਾਲਜ ਬੁਰਜ ਹਰੀ ਸਿੰਘ ਪ੍ਰਿੰਸੀਪਲ ਡਾਕਟਰ ਪ੍ਰਦੀਪ ਸਿੰਘ ਵਾਲੀਆ ਦੀ ਸੁਯੋਗ ਅਗਵਾਈ ਅਧੀਨ ਚੱਲ ਰਹੀ ਇਲਾਕੇ ਦੀ ਬਿਹਤਰੀਨ ਸੰਸਥਾ ਹੈ, ਜੋ ਸਿਰਫ ਦੋ ਸਾਲਾਂ ਦੇ ਸਮੇਂ ਦੌਰਾਨ ਹੀ ਆਪਣਾ ਵੱਖਰਾ ਮੁਕਾਮ ਹਾਸਲ ਕਰ ਚੁੱਕੀ ਹੈ। ਇਸ ਸੰਸਥਾ 'ਚ ਸੈਸ਼ਨ 2023-24 ਦੇ ਦਾਖਲਿਆਂ ਲਈ ਪੰਜਾਬ ਸਰਕਾਰ ਵੱਲੋਂ ਜਿਹੜੀ ਆਨਲਾਈਨ ਪ੍ਰਣਾਲੀ ਸ਼ੁਰੂ ਕੀਤੀ ਗਈ ਹੈ, ਦਾ ਪੋਰਟਲ 15 ਮਈ 2023 ਤੋਂ ਖੁੱਲ੍ਹ ਚੁੱਕਿਆ ਹੈ ਤੇ 10 ਜੂਨ 2023 ਤੱਕ ਖੁੱਲ੍ਹਾ ਰਹੇਗਾ। ਵਿਦਿਆਰਥੀਆਂ ਨੂੰ ਅਪੀਲ ਹੈ ਕਿ ਉਹ ਇਸ ਪੋਰਟਲ 'ਤੇ ਜਾ ਕੇ ਰਜਿਸਟ੍ਰੇਸ਼ਨ ਕਰਕੇ ਫਾਰਮ ਅਪਲਾਈ ਕਰ ਸਕਦੇ ਹਨ।

ਘਰ 'ਚੋਂ ਦਿਨ ਦਿਹਾੜੇ 50 ਹਜ਼ਾਰ ਰੁਪਏ ਚੋਰੀ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਹਮੀਦੀ ਵਿਖੇ ਇਕ ਕਿਸਾਨ ਪਰਿਵਾਰ ਦੇ ਘਰ 'ਚੋਂ ਦਿਨ ਦਿਹਾੜੇ ਚੋਰਾਂ ਵੱਲੋਂ 50 ਹਜ਼ਾਰ ਰੁਪਏ ਚੋਰੀ ਕਰ ਲੈ ਜਾਣ ਦੀ ਖਬਰ ਮਿਲੀ ਹੈ। ਪੀੜਤ ਔਰਤ ਬਲਜੀਤ ਕੌਰ ਪਤਨੀ ਲਾਲ ਸਿੰਘ ਹਮੀਦੀ ਨੇ ਦੱਸਿਆ ਕਿ ਉਹ ਦੁਪਹਿਰ ਵੇਲੇ ਘਰ ਨੂੰ ਜਿੰਦਰਾ ਲਾ ਕੇ ਆਪਣੇ ਭਰਾ ਦੇ ਘਰ ਗਈ ਹੋਈ ਸੀ, ਜਦ ਕਿ ਮੇਰਾ ਪੁੱਤਰ ਜਸਪ੍ਰੀਤ ਸਿੰਘ ਖੇਤਾਂ ਵਿੱਚ ਕੰਮ ਕਰਨ ਚਲਾ ਗਿਆ। ਘਰ 'ਚ ਕੋਈ ਪਰਿਵਾਰਕ ਮੈਂਬਰ ਨਾ ਹੋਣ ਕਾਰਨ ਚੋਰ ਕੰਧ ਟੱਪ ਕੇ ਅੰਦਰ ਦਾਖਲ ਹੋਏ, ਪੇਟੀ ਤੇ ਅਲਮਾਰੀ ਦੇ ਜਿੰਦਰੇ ਭੰਨ ਕੇ 50 ਹਜ਼ਾਰ ਰੁਪਏ ਤੇ ਇੱਕ ਬੈਂਕ ਦਾ ਏ ਟੀ ਐੱਮ ਚੋਰੀ ਕਰਕੇ ਫਰਾਰ ਹੋ ਗਏ। ਇਸ ਘਟਨਾ ਸਬੰਧੀ ਗ੍ਰਾਮ ਪੰਚਾਇਤ ਤੇ ਸਬੰਧਤ ਥਾਣਾ ਠੁੱਲੀਵਾਲ ਦੀ ਪੁਲਸ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ।

ਬੀ ਕੇ ਯੂ ਉਗਰਾਹਾਂ ਵੱਲੋਂ ਐੱਸ ਡੀ ਐੱਮ ਦਫਤਰ ਅੱਗੇ ਧਰਨਾ

ਬੁੱਢਲਾਡਾ (ਅਸ਼ੋਕ ਲਾਕੜਾ)-ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਵੱਲੋਂ ਬੁਢਲਾਡਾ ਵਿਖੇ ਐੱਸ ਡੀ ਐੱਮ ਦਫਤਰ ਦੇ ਬਾਹਰ ਧਰਨਾ ਲਗਾ ਕੇ ਸਰਕਾਰ ਖਿਲਾਫ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ ਨੇ ਮੰਗ ਕੀਤੀ ਹੈ ਕਿ ਬੀਤੇ ਸਮੇਂ ਵਿੱਚ ਹੋਈ ਗੜੇਮਾਰੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਮੁਆਵਜ਼ਾ ਜਲਦ ਦਿੱਤਾ ਜਾਵੇ ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਕਿਸਾਨ ਆਗੂਆਂ ਨੇ ਦੱਸਿਆ ਕਿ ਅੱ

24-May-PAGE-11-Majha-23.qxd 5/23/2023 10:51 PM Page 1

ਮਹਿਲਾ ਪਹਿਲਵਾਨਾਂ ਦੇ ਹੱਕ 'ਚ ਸੀਨੀਅਰ ਸਿਟੀਜ਼ਨ ਫੋਰਮ ਵੱਲੋਂ ਜ਼ੋਰਦਾਰ ਪ੍ਰਦਰਸ਼ਨ

ਮਜੀਠਾ (ਸੋਇਮ ਆਨੰਦ)-ਸੀਨੀਅਰ ਸਿਟੀਜ਼ਨ ਫੋਰਮ ਵਲੋਂ ਦੇਸ਼ ਦੀਆਂ ਪਹਿਲਵਾਨ ਖਿਡਾਰਨਾਂ ਵਲੋਂ ਜੰਤਰ ਮੰਤਰ ਉੱਪਰ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ ਵਿੱਚ ਭੰਡਾਰੀ ਪੁਲ ਅਮ੍ਰਿਤਸਰ ਵਿਖੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਰੋਸ ਮੁਜ਼ਾਹਰੇ ਨੂੰ ਪ੍ਰੋਫੈਸਰ ਪਰਮਿੰਦਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੀ ਹਾਕਮ ਪਾਰਟੀ ਮੋਦੀ ਸਰਕਾਰ ਵਲੋਂ ਪਿਛਲੇ ਚੌਵੀ ਦਿਨਾਂ ਤੋਂ ਇਨਸਾਫ ਲੈਣ ਵਾਸਤੇ ਰੋਸ ਕਰ ਰਹੀਆਂ ਪਹਿਲਵਾਨ ਖਿਡਾਰਨਾਂ ਵੱਲ ਧਿਆਨ ਹੀ ਨਹੀਂ ਦਿੱਤਾ ਜਾ ਰਿਹਾ ਜਿਸ ਤੋਂ ਸਾਬਿਤ ਹੁੰਦਾ ਹੈ ਕਿ ਸਰਕਾਰਾਂ ਲੋਕਾਂ ਨੂੰ ਮੂਰਖ ਬਨਾਉਣ ਵਾਸਤੇ ਹੀ ਨਾਅਰੇ ਲਾਉਂਦੀਆਂ ਹਨ। ਇਸ ਮੌਕੇ ਪ੍ਰੋਫੈਸਰ ਜਗਰੂਪ ਸਿੰਘ ਸੇਖੋਂ ਨੇ ਕਿਹਾ ਕਿ ਮੋਦੀ ਸਰਕਾਰ ਬਿਲਕੁਲ ਦੋਸ਼ੀਆਂ ਦਾ ਪੱਖ ਪੂਰ ਕੇ ਦੋਸ਼ੀ ਨੂੰ ਬਚਾਉਣ ਦੀ ਗਲਤ ਨੀਤੀ ਅਪਣਾ ਰਹੀ ਹੈ ਜਿਸ ਕਾਰਨ ਦੇਸ਼ ਵਿੱਚ ਅਰਾਜਕਤਾ ਫੈਲਣ ਦਾ ਮਹੌਲ ਸਿਰਜਿਆ ਜਾ ਰਿਹਾ ਹੈ। ਇਸ ਮੌਕੇ ਪ੍ਰੋਫੈਸਰ ਅਮਰਜੀਤ ਸਿੰਘ ਨੇ ਕਿਹਾ ਕਿ ਬ੍ਰਿਜ ਭੂਸ਼ਨ ਸ਼ਰਨ ਸਿੰਘ ਨੂੰ ਆਪਣੇ ਅਹੁਦੇ ਤੋਂ ਅਸਤੀਫਾ ਦੇ ਕੇ ਕਾਨੂੰਨ ਦਾ ਸਾਹਮਣਾ ਕਰਨਾ ਚਾਹੀਦਾ ਹੈ ਤਾਂ ਜੋ ਦੇਸ਼ ਦੀ ਸ਼ਾਨ ਪਹਿਲਵਾਨ ਖਿਡਾਰਨਾਂ ਨੂੰ ਇਨਸਾਫ ਮਿਲ ਸਕੇ। ਇਸ ਮੌਕੇ ਧੰਨਵੰਤ ਸਿੰਘ ਖਤਰਾਏ ਕਲਾਂ, ਭੈਣ ਕੰਵਲਜੀਤ ਕੌਰ, ਲਖਬੀਰ ਸਿੰਘ ਨਿਜ਼ਾਮਪੁਰਾ, ਰਤਨ ਸਿੰਘ ਰੰਧਾਵਾ, ਬਲਬੀਰ ਸਿੰਘ ਮੂਧਲ ਨੇ ਵੀ ਸੰਬੋਧਨ ਕੀਤਾ । ਸਾਰੇ ਬੁਲਾਰਿਆਂ ਨੇ ਕੇਂਦਰ ਦੀ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਦੇਸ਼ ਦੀਆਂ ਪਹਿਲਵਾਨ ਧੀਆਂ ਨੂੰ ਛੇਤੀ ਤੋਂ ਛੇਤੀ ਇਨਸਾਫ ਦਿਵਾਉਣ ਵਾਸਤੇ ਇੱਕ ਵੱਡਾ ਕਾਫਲਾ ਜੰਤਰ ਮੰਤਰ ਧਰਨੇ ਵਿੱਚ ਸ਼ਾਮਿਲ ਹੋਵੇਗਾ। ਇਸ ਮੌਕੇ ਰਜਿੰਦਰ ਪਾਲ ਕੌਰ, ਸੋਨੀਆ ਅਤੇ ਨਵਜੀਤ ਸਿੰਘ ਵਕੀਲ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਅਖੀਰ ਵਿੱਚ ਮੋਮਬੱਤੀਆਂ ਜਗਾ ਕੇ ਹਾਲ ਗੇਟ ਤੱਕ ਜੋਸ਼ ਭਰਪੂਰ ਮਾਰਚ ਕੀਤਾ ਗਿਆ, ਜਿਸ ਵਿੱਚ ਕਿਸਾਨ ਜਥੇਬੰਦੀਆਂ ਦੇ ਆਗੂ, ਰੇਲਵੇ ਮੁਲਾਜ਼ਮ, ਅਵਾਮੀ ਜਥੇਬੰਦੀਆਂ ਦੇ ਆਗੂਆਂ ਨੇ ਹਿੱਸਾ ਲਿਆ। ਹੱਥਾਂ ਵਿੱਚ ਬ੍ਰਿਜ ਭੂਸ਼ਨ ਸ਼ਰਨ ਸਿੰਘ ਨੂੰ ਗ੍ਰਿਫ਼ਤਾਰ ਕਰੋ ਅਤੇ ਨਵਸ਼ਰਨ ਕੌਰ ਨੂੰ ਤੰਗ-ਪ੍ਰੇਸ਼ਾਨ ਕਰਨਾ ਬੰਦ ਕਰੋ ਦੀਆਂ ਤਖਤੀਆਂ ਫੜੀਆਂ ਹੋਈਆਂ ਸਨ। ਹਾਲ ਗੇਟ ਸੁੱਚਾ ਸਿੰਘ ਅਜਨਾਲਾ ਨੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ।

ਬੇਬੀ ਐਂਡ ਮੋਮ ਬ੍ਰਾਂਡ ਦੀ ਧੜੱਲੇਦਾਰ ਮੌਜੂਦਗੀ ਦੇ ਤਿੰਨ ਸਾਲ ਪੂਰੇ

ਜਲੰਧਰ-ਮਿਰਕਸ 45 ਸਾਲਾਂ ਦੀ ਕਾਰੋਬਾਰੀ ਵਿਰਾਸਤ ਵਾਲੀ ਬੇਬੀ ਐਂਡ ਮੋਮ ਐਪਰਲ ਕੰਪਨੀ, ਅਗਸਤ 2023 ਵਿੱਚ ਇੱਕ ਪ੍ਰਮੁੱਖ ਬੇਬੀ ਐਂਡ ਮੋਮ ਬ੍ਰਾਂਡ ਵਜੋਂ 3 ਸਾਲ ਪੂਰੇ ਕਰੇਗੀ। ਮਿਰਕਸ ਕੋਲ ਵਰਤਮਾਨ ਵਿੱਚ 24 ਸਟੋਰਾਂ ਦੀ ਪ੍ਰਚੂਨ ਮੌਜੂਦਗੀ ਹੈ ਅਤੇ 11 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸਾਂ ਵਿੱਚ ਮਿਰਕਸ ਵਿਸੇਸ ਸਟੋਰਾਂ ਦੀ ਕੁੱਲ ਸੰਖਿਆ ਨੂੰ 42 ਆਊਟਲੈਟਾਂ ਤੱਕ ਲੈ ਕੇ ਆਪਣੀ ਤੀਜੀ ਵਰ੍ਹੇਗੰਢ ਦੀ ਸ਼ੁਰੂਆਤ ਨੂੰ ਦਰਸਾਉਣ ਲਈ 18 ਵਾਧੂ ਸਟੋਰ ਖੋਲ੍ਹਣ ਦਾ ਇਰਾਦਾ ਰੱਖਦਾ ਹੈ। ਮਿਰਕਸ ਦੀ ਸਥਾਪਨਾ ਵਿਸਤ੍ਰਿਤ ਭਾਈਚਾਰੇ ਨੂੰ ਇਕੱਠਾ ਕਰਨ ਲਈ ਕੀਤੀ ਗਈ ਸੀ ਜਿਸ ਵਿੱਚ ਮਾਪੇ ਅਤੇ ਹੋਰ ਪਰਿਵਾਰ ਅਤੇ ਬੱਚੇ/ਬੱਚੇ ਦੇ ਦੋਸਤ ਸ਼ਾਮਲ ਹੁੰਦੇ ਹਨ। ਇਸ ਲਈ ਉਨ੍ਹਾਂ ਦਾ ਧਿਆਨ ਸਿਰਫ ਕੱਪੜਿਆਂ ਤੋਂ ਪਰੇ ਕਈ ਤਰ੍ਹਾਂ ਦੇ ਉਤਪਾਦਾਂ ਵੱਲ ਵਧਿਆ ਹੈ ਜਿਸ ਵਿੱਚ ਨਰਮ ਖਿਡੌਣੇ ਅਤੇ ਤੋਹਫੇ ਵਾਲੀਆਂ ਚੀਜ਼ਾਂ ਸ਼ਾਮਲ ਹਨ। ਗਿਆਨ ਸਿੰਘ, ਸਹਿ-ਸੰਸਥਾਪਕ, ਮਿਰਕਸ ਨੇ ਕਿਹਾ ਕਿ ਮਿਰਕਸ ਦਾ ਮੁੱਖ ਦਫਤਰ ਲੁਧਿਆਣਾ ਵਿੱਚ ਹੈ ਅਤੇ ਸਟੋਰਾਂ ਰਾਹੀਂ ਪੂਰੇ ਭਾਰਤ ਵਿੱਚ ਮੌਜੂਦ ਹੈ। ਗਿਆਨ ਸਿੰਘ, ਸਹਿ-ਸੰਸਥਾਪਕ ਅਤੇ ਮੈਨੇਜਿੰਗ ਡਾਇਰੈਕਟਰ, ਮਿਰਕਸ ਨੇ ਆਪਣੀ ਔਫਲਾਈਨ ਮੌਜੂਦਗੀ ਦਾ ਵਿਸਤਾਰ ਕਰਨ ਅਤੇ ਵਾਧੂ, ਮਿਰਕਸ ਸਟੋਰ ਖੋਲ੍ਹ ਕੇ ਅਤੇ ਮਿਰਕਸ ਉਤਪਾਦਾਂ ਨੂੰ ਐਮਾਜ਼ਾਨ ਅਤੇ ਫਲਿੱਪਕਾਰਟ ਵਰਗੇ ਬਾਜ਼ਾਰਾਂ ਰਾਹੀਂ ਵੰਡਣ ਦੇ ਯੋਗ ਹੋ ਕੇ ਆਪਣੀ ਔਨਲਾਈਨ ਪਹੁੰਚ ਨੂੰ ਮਜ਼ਬੂਤ ਕਰਨ ਦੀ ਯੋਜਨਾ ਵੀ ਸਾਂਝੀ ਕੀਤੀ।

ਚੀਫ਼ ਖ਼ਾਲਸਾ ਦੀਵਾਨ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਬਹੁਤ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਸਿੱਖ ਪੰਥ ਦੀ ਸਿਰਮੌਰ ਸੰਸਥਾ ਚੀਫ਼ ਖ਼ਾਲਸਾ ਦੀਵਾਨ ਵੱਲੋਂ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਸ਼ਹੀਦਾਂ ਦੇ ਸਿਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਵਸ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਪ੍ਰਭੂ ਦੇ ਭਾਣੇ ਨੂੰ ਮਿੱਠਾ ਕਰ ਕੇ ਮੰਨਣ ਵਾਲੇ, ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਜੀ ਦੇ ਪਾਵਨ ਸ਼ਹੀਦੀ ਪੁਰਬ ਦੀ ਸ਼ੁਰੂਆਤ ਸ੍ਰੀ ਸਹਿਜ ਪਾਠ ਦੇ ਭੋਗ ਨਾਲ ਕੀਤੀ ਗਈ। ਉਪਰੰਤ ਸੈਂਟਰਲ ਖਾਲਸਾ ਯਤੀਮਖਾਨਾ ਅਤੇ ਵੱਖ-ਵੱਖ ਸੀਕੇਡੀ ਸਕੂਲਾਂ ਦੇ ਕੀਰਤਨੀ ਜਥਿਆਂ ਨੇ ਰੱਬੀ ਬਾਣੀ ਵਿੱਚ ਕੀਰਤਨ ਦੀ ਛਹਿਬਰ ਲਗਾਉਂਦਿਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਡਾ: ਇੰਦਰਬੀਰ ਸਿੰਘ ਨਿੱਜਰ ਵਲੋਂ ਭੇਜੇ ਗਏ ਸੰਦੇਸ਼ ਨੂੰ ਜਾਇੰਟ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ ਵਲੋਂ ਪੜ੍ਹਿਆ ਗਿਆ ਜਿਸ ਤਹਿਤ ਡਾ: ਨਿੱਜਰ ਨੇ ਗੁਰੂ ਸਾਹਿਬ ਦੀ ਸ਼ਹਾਦਤ, ਗੁਰਪੁਰਬ ਮੌਕੇ ਠੰਡੇ-ਮਿੱਠੇ ਜਲ ਦੀਆਂ ਲਗਾਈਆਂ ਜਾਂਦੀਆਂ ਛਬੀਲਾਂ ਦੇ ਮਹੱਤਵ ਨੂੰ ਉਜਾਗਰ ਕਰਦਿਆਂ ਸੰਗਤਾਂ ਨੂੰ ਸੱਚ ਅਤੇ ਧਰਮ ਦਾ ਉਪਦੇਸ਼ ਦੇਣ ਵਾਲੇ ਅਤੇ ਨਿਮਰਤਾ ਦੇ ਭੰਡਾਰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਆਦਰਸ਼ਾਂ ਅਨੁਸਾਰ ਹਮੇਸ਼ਾ ਸਹਿਣਸ਼ੀਲਤਾ, ਬੋਲਚਾਲ ਵਿਚ ਮਿਠਾਸ ਦੇ ਗੁਣਾਂ ਦਾ ਧਾਰਨੀ ਬਣਨ, ਰੱਬ ਦੀ ਰਜ਼ਾ ਵਿੱਚ ਰਹਿਣ ਅਤੇ ਸਿੱਖੀ ਰਹੁ-ਰੀਤਾਂ ਨਾਲ ਜੀਵਨ ਜਿਊਣ ਦੀ ਪ੍ਰੇਰਣਾ ਦਿੱਤੀ। ਉਪਰੰਤ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਸਥਾਨਕ ਪ੍ਰਧਾਨ ਸੰਤੋਖ ਸਿੰਘ ਸੇਠੀ, ਪ੍ਰੋ: ਸੂਬਾ ਸਿੰਘ ਨੇ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਨਮੁਖ ਨਤਮਸਤਕ ਹੁੰਦਿਆਂ ਗੁਰੂ ਸਾਹਿਬ ਦੇ ਸੱਚੇ ਸੁੱਚੇ ਜੀਵਨ ਅਤੇ ਆਦਰਸ਼ਾਂ ਬਾਰੇ ਚਾਨਣਾ ਪਾਇਆ। ਉਨਾਂ ਕਿਹਾ ਕਿ ਸਿੱਖ ਇਤਿਹਾਸ ਸ਼ਹਾਦਤਾਂ ਭਰਿਆ ਹੈ ਜਿਸ ਨੇ ਕੌਮ ਦੀਆ ਨੀਹਾਂ ਨੂੰ ਮਜਬੂਤ ਕਰਨ ਦੇ ਨਾਲ ਨਾਲ ਸੱਚ ਲਈ ਸੰਘਰਸ਼ਸ਼ੀਲ ਰਹਿਣ, ਸੰਤੋਖ ਅਤੇ ਦ੍ਰਿੜਤਾ ਨਾਲ ਹੱਕਾਂ ਦੀ ਰਾਖੀ ਕਰਨ, ਪਰਉਪਕਾਰ ਅਤੇ ਆਪਣੇ ਧਰਮ ਵਿਚ ਪਰਿਪੱਕ ਰਹਿਣ ਦੀ ਸਿੱਖਿਆ ਦਿੱਤੀ ਹੈ। ਅੰਤ ਪ੍ਰਿੰ: ਮਨਦੀਪ ਸਿੰਘ ਵਲੋਂ ਵੀ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ ਗਿਆ। ਮੰਚ ਸੰਚਾਲਨ ਧਾਰਮਿਕ ਅਧਿਆਪਕਾ ਮੈਡਮ ਸੁਖਜੀਤ ਕੌਰ ਵਲੋਂ ਕੀਤਾ ਗਿਆ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਿਆ ਅਤੇ ਸਾਰਾ ਦਿਨ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਇਸ ਮੌਕੇ ਆਨਰੇਰੀ ਸੱਕਤਰ ਸਵਿੰਦਰ ਸਿੰਘ ਕੱਥੂਨੰਗਲ, ਸਥਾਨਕ ਪ੍ਰਧਾਨ ਸੰਤੋਖ ਸਿੰਘ ਸੇਠੀ, ਜਾਇੰਟ ਸਕੱਤਰ ਸੁਖਜਿੰਦਰ ਸਿੰਘ ਪ੍ਰਿੰਸ, ਐਡੀਸ਼ਨਲ ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਪ੍ਰੋ: ਸੂਬਾ ਸਿੰਘ, ਮਨਮੋਹਨ ਸਿੰਘ, ਸ: ਗੁਰਪ੍ਰੀਤ ਸਿੰਘ ਸੇਠੀ, ਡਾ: ਆਤਮਜੀਤ ਸਿੰਘ ਬਸਰਾ, ਸ: ਸ: ਇੰਦਰਜੀਤ ਸਿੰਘ, ਲਖਵਿੰਦਰ ਸਿੰਘ ਢਿੱਲੋਂ, ਨਵਤੇਜ ਸਿੰਘ ਨਾਰੰਗ, ਪ੍ਰਦੀਪ ਸਿੰਘ ਵਾਲੀਆ, ਮੋਹਨਜੀਤ ਸਿੰਘ ਭੱਲਾ, ਅਮਰਦੀਪ ਸਿੰਘ ਮਰਵਾਹਾ, ਨਵਤੇਜ ਸਿੰਘ ਨਾਰੰਗ, ਸ: ਏ ਪੀ ਐਸ ਮਾਨ, ਰਮਣੀਕ ਸਿੰਘ, ਇਕਬਾਲ ਸਿੰਘ, ਹਰਵਿੰਦਰਪਾਲ ਸਿੰਘ ਚੁੱਗ, ਸਰਜੋਤ ਸਿੰਘ ਸਾਹਨੀ, ਵਰਿੰਦਰਪਾਲ ਸਿੰਘ ਕੋਚਰ, ਡਾਇਰੈਕਟਰ ਉਪਰੇਸ਼ਨਜ਼ ਡਾ: ਏ ਪੀ ਐਸ ਚਾਵਲਾ, ਪ੍ਰਿੰ ਮਨਦੀਪ ਸਿੰਘ, ਸੀ ਕੇ ਡੀ ਪ੍ਰਿੰਸੀਪਲ ਸਾਹਿਬਾਨ, ਸਮੂਹ ਸਟਾਫ ਅਤੇ ਵਿਦਿਆਰਥੀਆਂ ਸਮੇਤ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।

ਸਰਾਏ ਅਮਾਨਤ ਖਾਂ ਦਾਣਾ ਮੰਡੀ ਰੱਬ ਆਸਰੇ, ਆੜ੍ਹਤੀਆਂ ਦਾ ਬੁਰਾ ਹਾਲ !

ਤਰਨ ਤਾਰਨ (ਸਾਗਰਦੀਪ ਸਿੰਘ ਅਰੋੜਾ)-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵਲੋਂ ਪੰਜਾਬ ਵਿੱਚ ਸੱਤਾ ਸੰਭਾਲਣ ਤੋਂ ਪਹਿਲਾਂ ਕਈ ਤਰਾਂ ਦੇ ਵਾਅਦੇ ਕੀਤੇ ਗਏ ਸੀ ਜਿਨ੍ਹਾਂ ਵਿੱਚੋਂ ਇੱਕ ਵਾਅਦਾ ਕਿਸਾਨਾਂ ਨਾਲ ਵੀ ਕੀਤਾ ਸੀ ਕਿ ਕਿਸਾਨਾਂ ਅਤੇ ਆੜ੍ਹਤੀਆਂ ਦੀ ਫਸਲ ਤੁਰੰਤ ਮੰਡੀ ਵਿੱਚੋਂ ਚੁੱਕਵਾਈ ਅਤੇ ਭਰਵਾਈ ਜਾਵੇਗੀ ਜੋ ਕਿ ਪੰਜਾਬ ਸਰਕਾਰ ਵਲੋਂ ਇਨ੍ਹਾਂ ਵਾਅਦਿਆਂ ਨੂੰ ਪੂਰਾ ਕਰਨ ਲਈ ਅਧਿਕਾਰੀਆਂ ਨੂੰ ਹਦਾਇਤਾਂ ਵੀ ਦੇ ਦਿੱਤੀਆਂ ਗਈਆਂ ਹਨ ਪਰ ਵਿਧਾਨ ਸਭਾ ਜ਼ਿਲ੍ਹਾ ਤਰਨ ਤਾਰਨ ਵਿੱਚ ਇਸਦੇ ਉੱਲਟ ਹੀ ਵੇਖਣ ਨੂੰ ਮਿਲਿਆ। ਅੱਜ ਵੀ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਰੁਲ ਰਹੀ ਹੈ ਅਤੇ ਖਰਾਬ ਹੋ ਰਹੀ ਹੈ। ਆੜ੍ਹਤੀਏ ਕਾਫੀ ਪਰੇਸ਼ਾਨ ਮਿਲ ਰਹੇ ਹਨ। ਲਗਾਤਾਰ ਸ਼ਿਕਾਇਤਾਂ ਮਿਲਣ 'ਤੇ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਸਰਾਏ ਅਮਾਨਤ ਖਾਂ ਮੰਡੀ ਦਾ ਦੌਰਾ ਕੀਤਾ ਤੇ ਦੇਖਿਆ ਕਿ ਆੜ੍ਹਤੀਆਂ ਦੀ ਫਸਲ ਮੰਡੀ ਵਿੱਚ ਰੁਲ ਰਹੀ ਹੈ ਤੇ ਠੇਕੇਦਾਰ ਵਲੋਂ ਇਸਦੀ ਲਿਫਟਿੰਗ ਨਹੀਂ ਕੀਤੀ ਗਈ ਜਿਸ ਕਾਰਨ ਆੜ੍ਹਤੀਆਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ।

ਆੜ੍ਹਤੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੰਡੀ ਵਿੱਚੋਂ ਤਕਰੀਬਨ 3 ਲੱਖ ਦੇ ਕਰੀਬ ਗੱਟਾ ਤੁੱਲਦਾ ਹੈ ਪਰ ਅਜੇ ਵੀ ਠੇਕੇਦਾਰ ਵਲੋਂ ਉਨਾਂ ਦੀ ਫਸਲ ਦੀ ਲਿਫਟਿੰਗ ਨਹੀਂ ਕੀਤੀ ਗਈ ਜਿਸ ਕਾਰਨ ਫਸਲ ਮੰਡੀਆਂ ਵਿੱਚ ਖਰਾਬ ਹੋ ਰਹੀ ਹੈ। ਉਨਾਂ ਕਿਹਾ ਕਿ ਇਸ ਸੰਬੰਧ ਵਿੱਚ ਤਰਨ ਤਾਰਨ ਦੇ ਡੀ ਸੀ ਨੂੰ ਸ਼ਿਕਾਇਤ ਕੀਤੀ ਪਰ ਕੋਈ ਕਾਰਵਾਈ ਨਹੀਂ ਹੋ ਰਹੀ ਜਦਕਿ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਕਿਹਾ ਕਿ ਸਰਕਾਰ ਵਲੋਂ ਕਣਕਾਂ ਦੀ ਭਰਾਈ ਅਤੇ ਲਿਫਟਿੰਗ ਕਰਨ ਦੇ ਉਦੇਸ਼ ਅਧਿਕਾਰੀਆਂ ਨੂੰ ਦੇ ਦਿੱਤੇ ਗਏ ਹਨ ਪਰ ਤਰਨ ਤਾਰਨ ਦੀ ਡੀਐੱਫਐੱਸਸੀ ਵੱਲੋਂ ਸਰਕਾਰ ਦੇ ਹੁਕਮਾਂ ਦੀ ਪਾਲਣਾ ਨਾ ਕਰਕੇ ਸਰਕਾਰ ਦੇ ਅਕਸ ਨੂੰ ਖਰਾਬ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਸਰਕਾਰ ਨੂੰ ਡੀਐੱਫਐੱਸਸੀ ਦੇ ਖਿਲਾਫ ਵੀ ਲਿਖ ਕੇ ਯੋਗ ਕਾਰਵਾਈ ਕਰਨ ਲਈ ਕਹਿਣਗੇ। ਉਨਾਂ ਕਿਹਾ ਕਿ ਹਲਕੇ ਦੇ ਕਿਸੇ ਵੀ ਵਿਅਕਤੀ ਨੂੰ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।

ਪਾਣੀਆਂ ਦੇ ਮੋਰਚੇ ਲਈ ਪਿੰਡ ਪੱਧਰੀ ਤਿਆਰੀਆਂ ਸਬੰਧੀ ਮੀਟਿੰਗ ਆਯੋਜਿਤ

ਮਜੀਠਾ (ਸੋਇਮ ਆਨੰਦ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰਬਾਲਾ ਅਤੇ ਮਜੀਠਾ ਜੋਨ ਇਕਾਈ ਦੇ ਪ੍ਰਧਾਨ ਮੁਖਤਾਰ ਸਿੰਘ ਭੰਗਵਾਂ ਦੀ ਅਗਵਾਈ ਵਿਚ ਜਥੇਬੰਦੀ ਦੀ ਜ਼ੋਨ ਮਜੀਠਾ ਦੀ ਇਕੱਤਰਤਾ ਪਿੰਡ ਹਮਜਾ ਵਿਖੇ ਹੋਈ ਜਿਸ ਵਿੱਚ ਸਥੇਬੰਦੀ ਦੇ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ, ਸੂਬਾ ਆਗੂ ਗੁਰਬਚਨ ਸਿੰਘ ਚੱਬਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਆਗੂਆਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 29, 30, 31 ਮਈ ਨੂੰ ਪਾਣੀਆਂ ਦੇ ਮਸਲੇ ਨੂੰ ਲੈ ਕੇ ਸੂਬਾ ਪੱਧਰੀ ਐਲਾਨ ਦੇ ਚਲਦਿਆਂ ਜਥੇਬੰਦੀ ਵੱਲੋਂ ਨਹਿਰੀ ਵਿਭਾਗ ਅੰਮ੍ਰਿਤਸਰ ਦੇ ਦਫਤਰ ਵਿਖੇ ਤਿੰਨ ਦਿਨਾ ਰੋਸ ਧਰਨਾ ਦਿੱਤਾ ਜਾਵੇਗਾ ਜਿਸ ਸਬੰਧੀ ਵਿਚਾਰ ਚਰਚਾ ਕਰਨ ਅਤੇ ਵਿਉਂਤਬੰਦੀ ਲਈ ਜੋਨ ਪੱਧਰੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਕੱਠ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਨਹਿਰੀ ਪਾਣੀ ਖੇਤੀ ਅਤੇ ਜ਼ਮੀਨ ਹੇਠਲੇ ਪਾਣੀ ਦੀ ਮੁੜ ਭਰਪਾਈ ਲਈ ਵਰਤਿਆ ਜਾਵੇ, ਜਲ ਪ੍ਰਦੂਸ਼ਣ ਬੰਦ ਹੋਵੇ, ਪਾਣੀ ਬਚਾਉਣ ਲਈ ਘੱਟ ਪਾਣੀ ਲੈਣ ਵਾਲੀਆਂ ਫਸਲਾਂ ਲਈ ਐਮਐਸਪੀ ਤੇ ਖਰੀਦ ਦੀ ਗਾਰੰਟੀ, ਬਰਸਾਤਾਂ ਦੇ ਪਾਣੀ ਨੂੰ ਧਰਤੀ ਦੇ ਹੇਠਾਂ ਭੇਜਣ ਦਾ ਪ੍ਰਬੰਧ ਅਤੇ ਹੋਰ ਅਜਿਹੀਆਂ ਮੁਸ਼ਕਲਾਂ ਨੂੰ ਲੈਕੇ ਧਰਨੇ ਦੇਣ ਜਾ ਰਹੇ ਹਾਂ ਜਿਸ ਨਾਲ ਸਬੰਧਤ ਮੰਗ ਪੱਤਰ ਅੱਜ ਨਹਿਰੀ ਵਿਭਾਗ ਨੂੰ ਦਿੱਤੇ ਜਾਣੇ ਹਨ। ਉਨ੍ਹਾਂ ਕਿਹਾ ਕਿ ਅਗਰ ਪ੍ਰਸ਼ਾਸਨ ਗੱਲਬਾਤ ਰਾਹੀਂ ਮੰਗਾਂ ਮਸਲਿਆਂ ਤੇ ਚਰਚਾ ਨਹੀ ਕਰਦਾ ਤਾਂ ਤੀਸਰੇ ਦਿਨ ਦਫਤਰ ਘੇਰੇ ਜਾਣਗੇ।

ਉਨ੍ਹਾਂ ਕਿਹਾ ਕਿ ਸਰਕਾਰਾਂ ਦੇ ਰਵੱਈਏ ਨੂੰ ਦੇਖਦੇ ਹੋਏ ਸਾਫ ਹੈ ਕਿ ਆਉਣ ਵਾਲੇ ਦਿਨਾਂ ਵਿਚ ਵੱਡੇ ਤੇ ਲੰਬੇ ਸੰਘਰਸ਼ ਦੀ ਲੋੜ ਹੈ।ਇਸ ਮੌਕੇ ਮੁਖਤਾਰ ਸਿੰਘ ਭੰਗਵਾਂ, ਗੁਰਲਾਲ ਸਿੰਘ ਮਾਨ, ਕਿਰਪਾਲ ਸਿੰਘ ਕਲੇਰ, ਪ੍ਰਤਾਪ ਸਿੰਘ ਹਮਜਾ, ਗੁਰਦੀਪ ਸਿੰਘ ਹਮਜਾ, ਪ੍ਰਤ

24-May-PAGE- 12.qxd 5/23/2023 10:52 PM Page 1

ਅਧਿਆਪਕਾਂ ਦੇ ਮਸਲੇ ਹੱਲ ਨਹੀਂ ਹੋ ਰਹੇ-ਕਰਨੈਲ ਫਿਲੌਰ

ਜਲੰਧਰ (ਸ਼ੈਲੀ ਐਲਬਰਟ)

ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕਰਨੈਲ ਫਿਲੌਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਨੂੰ ਸੂਬਾਈ ਆਗੂ ਕੁਲਦੀਪ ਸਿੰਘ ਦੌੜਕਾ ਨੇ ਖਾਸ ਤੌਰ 'ਤੇ ਸੰਬੋਧਨ ਕੀਤਾ ਅਤੇ ਸੂਬਾਈ ਜਨਰਲ ਕੌਂਸਲ ਦੇ ਫੈਸਲਿਆਂ ਅਤੇ ਅਗਲੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ । ਇਸ ਸਮੇਂ ਸੂਬਾਈ ਆਗੂ ਕਰਨੈਲ ਫਿਲੌਰ ਨੇ ਕਿਹਾ ਕਿ ਆਪ ਸਰਕਾਰ ਲਾਰੇ ਲੱਪੇ ਲਗਾ ਕੇ ਕੰਮ ਸਾਰ ਰਹੀ ਹੈ ਤੇ ਜਮੀਨੀ ਪੱਧਰ 'ਤੇ ਅਧਿਆਪਕਾਂ ਦੇ ਕੋਈ ਮਸਲੇ ਹੱਲ ਨਹੀਂ ਹੋ ਰਹੇ। ਉਨ੍ਹਾਂ ਕਿਹਾ ਕਿ ਫੋਕੀ ਇਸਤਿਹਾਰਬਾਜ਼ੀ ਕਰਨ ਵਾਲੀ ਸਰਕਾਰ ਵਿਰੁੱਧ ਡਾਟ ਕੇ ਲੜਿਆ ਜਾਵੇਗਾ। ਜ਼ਿਲ੍ਹਾ ਜਲੰਧਰ ਦੇ ਕਾਰਜਕਾਰੀ ਸਕੱਤਰ ਸੁਖਵਿੰਦਰ ਸਿੰਘ ਮੱਕੜ ਤੇ ਬਲਜੀਤ ਸਿੰਘ ਕੁਲਾਰ ਆਦਿ ਆਗੂਆਂ ਨੇ ਦੋਸ਼ ਲਗਾਇਆ ਕਿ ਸਰਕਾਰ ਸਾਰੇ ਮੁੱਦਿਆਂ ਨੂੰ ਹੱਲ ਕਰਨ ਤੋਂ ਟਾਲਾ ਵੱਟ ਰਹੀ ਹੈ। ਮੀਟਿੰਗ ਦੌਰਾਨ ਅਨੇਕ ਮੁੱਦਿਆਂ 'ਤੇ ਗੰਭੀਰ ਚਰਚਾ ਕੀਤੀ ਗਈ। ਜਥੇਬੰਦੀ ਵਿੱਤ ਸਕੱਤਰ ਹਰਮਨਜੋਤ ਸਿੰਘ ਵਾਲੀਆ ਅਤੇ ਜਾਇੰਟ ਸਕੱਤਰ ਕੁਲਦੀਪ ਵਾਲੀਆ ਨੇ ਕਿਹਾ ਜੇਕਰ ਪੰਜਾਬ ਸਰਕਾਰ ਵੱਲੋਂ ਮੁੱਦਿਆਂ ਉਤੇ ਕੋਈ ਨਿਸ਼ਚਤ ਸਮੇਂ ਵਿਚ ਠੋਸ ਕਾਰਵਾਈ ਨਾ ਕੀਤੀ ਜਥੇਬੰਦੀ ਵੱਲੋਂ ਜਲਦ ਹੀ ਸਾਂਝੇ ਅਧਿਆਪਕ ਮੋਰਚੇ ਦੇ ਬੈਨਰ ਹੇਠ ਜ਼ਿਲ੍ਹਾ ਪੱਧਰੀ ਅਤੇ ਸੂਬਾ ਪੱਧਰੀ ਸੰਘਰਸ਼ ਉਲੀਕਿਆ ਜਾਵੇਗਾ। ਪਸਸਫ ਦੇ ਸੂਬਾਈ ਆਗੂ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਭਵਿੱਖ ਵਿੱਚ ਅਧਿਆਪਕ ਵਰਗ ਦੀ ਲਾਮਬੰਦੀ ਕਰਕੇ ਮੈਂਬਰਸ਼ਿਪ ਕੀਤੀ ਜਾਵੇਗੀ ਅਤੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਲਈ ਠੋਸ ਸੰਘਰਸ਼ ਕੀਤਾ ਜਾਵੇਗਾ।

ਇਸ ਸਮੇਂ ਰਘੂਜੀਤ ਸਿੰਘ ,ਪਰੇਮ ਖਲਵਾੜਾ,ਮੋਹਣ ਲਾਲ ਵੇਦ ਰਾਜ,ਲੇਖ ਰਾਜ ਪੰਜਾਬੀ, ਗੁਰਿੰਦਰ ਸਿੰਘ, ਪੰਕਜ ਕੁਮਾਰ, ਕਸਤੂਰੀ ਲਾਲ, ਧਰਮ ਪਾਲ, ਸੰਦੀਪ ਸਿੰਘ, ਬੂਟਾ ਰਾਮ, ਕੁਲਦੀਪ ਕੌੜਾ,ਵਿਨੋਦ ਭੱਟੀ, ਕੁਲਵੰਤ ਰਾਮ, ਸੁਸ਼ੀਲ ਕੁਮਾਰ, ਰਣਜੀਤ ਸਿੰਘ, ਸੰਦੀਪ ਸ਼ਰਮਾ, ਵਰਿੰਦਰ ਸਿੰਘ,ਰਾਮ ਰੂਪ, ਧਰਮਿੰਦਰਜੀਤ, ਰਕੇਸ਼ ਕੁਮਾਰ, ਬਖਸ਼ੀ ਰਾਮ, ਕੁਲਵੰਤ ਰੁੜਕਾ, ਦੀਪਕ ਕੁਮਾਰ, ਜਤਿੰਦਰ ਸਿੰਘ, ਵੇਦ ਰਾਜ, ਪਰਦੀਪ ਕੁਮਾਰ, ਰਜਿੰਦਰ ਸਿੰਘ, ਭੁਪਿੰਦਰ ਸਿੰਘ, ਪੰਕਜ, ਧਰਮਪਾਲ, ਸੰਦੀਪ ਸਿੰਘ, ਦੀਪਕ ਕੁਮਾਰ, ਕਮਲਦੇਵ, ਰੁਘੂਜੀਤ ਸਿੰਘ, ਕਮਲਦੀਪ ਸ਼ਰਮਾ, ਰਕੇਸ਼ ਕੁਮਾਰ, ਸੁਖਵਿੰਦਰ ਰਾਮ, ਰਣਜੀਤ ਠਾਕੁਰ, ਜਸਵੀਰ ਰਾਮ, ਸੂਰਤੀ ਲਾਲ, ਮਨਦੀਪ ਸਿੰਘ ਆਦਿ ਹਾਜਰ ਸਨ।

ਵਧਦੀ ਗਰਮੀ ਤੇ ਲੂ ਦੇ ਮੱਦੇਨਜ਼ਰ ਵਿਦਿਆਰਥੀਆਂ ਦੇ ਸਾਇੰਸ ਸਿਟੀ ਦੇ ਟੂਰ ਅੱਗੇ ਪਾਏ ਜਾਣ : ਡੀ ਟੀ ਐੱਫ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ (ਡੀ.ਟੀ.ਐੱਫ.) ਵੱਲੋਂ ਵਧਦੀ ਗਰਮੀ ਅਤੇ ਲੂ ਦੇ ਮੱਦੇਨਜ਼ਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸਾਇੰਸ ਸਿਟੀ ਕਪੂਰਥਲਾ ਦੇ ਟੂਰ ਪ੍ਰੋਗਰਾਮ ਅੱਗੇ ਪਾਏ ਜਾਣ ਦੀ ਮੰਗ ਕੀਤੀ ਗਈ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮੁਕੇਸ਼ ਕੁਮਾਰ, ਵਿੱਤ ਸਕੱਤਰ ਅਸ਼ਵਨੀ ਅਵਸਥੀ, ਜਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਇੰਦਰ ਸੁਖਦੀਪ ਸਿੰਘ ਓਡਰਾ, ਮਨਜੀਤ ਸਿੰਘ ਦਸੂਹਾ ਅਤੇ ਅਸ਼ਨੀ ਕੁਮਾਰ ਆਦਿ ਆਗੂਆਂ ਨੇ ਕਿਹਾ ਕਿ ਵੱਖ ਵੱਖ ਸਕੂਲਾਂ ਦੇ ਅਧਿਆਪਕਾਂ ਵੱਲੋਂ ਜਥੇਬੰਦੀ ਨਾਲ ਸੰਪਰਕ ਕਰਕੇ ਭਿਆਨਕ ਗਰਮੀ ਦੇ ਮੱਦੇਨਜ਼ਰ ਸਾਇੰਸ ਸਿਟੀ ਕਪੂਰਥਲਾ ਦੇ ਟੂਰ ਪ੍ਰੋਗਰਾਮ ਅੱਗੇ ਪਾਏ ਜਾਣ ਦੀ ਮੰਗ ਕਰਨ ਦੀ ਗੁਹਾਰ ਲਗਾਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਾਰਾ 45 ਡਿਗਰੀ ਤੋਂ ਉੱਪਰ ਪਹੁੰਚ ਗਿਆ ਹੈ, ਅਜਿਹੀ ਸਥਿਤੀ ਵਿਚ ਸਕੂਲਾਂ ਦੇ ਵਿਦਿਆਰਥੀਆਂ ਨੂੰ ਬੱਸਾਂ ਵਿੱਚ ਭਰ ਕੇ ਸਾਇੰਸ ਸਿਟੀ ਵਿਖੇ ਲੈ ਕੇ ਜਾਣਾ ਅਤੇ ਉੱਥੇ ਵੱਡੀ ਗਿਣਤੀ ਸਕੂਲੀ ਵਿਦਿਆਰਥੀਆਂ ਦੇ ਪਹੁੰਚਣ ਨਾਲ ਸਥਿਤੀ ਹੋਰ ਗੰਭੀਰ ਬਣ ਰਹੀ ਹੈ। ਵਿਦਿਆਰਥੀਆਂ ਨੂੰ ਗਰਮੀ ਕਾਰਣ ਲੂ ਲੱਗਣ ਅਤੇ ਬਿਮਾਰ ਹੋਣ ਦਾ ਖਦਸ਼ਾ ਬਹੁਤ ਵਧ ਗਿਆ ਹੈ। ਡੀ.ਟੀ.ਐੱਫ. ਆਗੂਆਂ ਨੇ ਇਸ ਸਥਿਤੀ ਨੂੰ ਮੱਦੇਨਜ਼ਰ ਰੱਖਦਿਆਂ ਸਿੱਖਿਆ ਵਿਭਾਗ ਪੰਜਾਬ ਪਾਸੋਂ ਇਨ੍ਹਾਂ ਵਿਦਿਅਕ ਟੂਰ ਪ੍ਰੋਗਰਾਮਾਂ ਨੂੰ ਸਤੰਬਰ ਦੀਆਂ ਟਰਮ ਪ੍ਰੀਖਿਆਵਾਂ ਤੋਂ ਬਾਅਦ ਕੀਤੇ ਜਾਣ ਦੀ ਮੰਗ ਕੀਤੀ ਹੈ ਅਤੇ ਨਾਲ ਹੀ ਮੰਗ ਕੀਤੀ ਹੈ ਕਿ ਜਦੋਂ ਵੀ ਵਿਦਿਆਰਥੀਆਂ ਦੇ ਇਹ ਟੂਰ ਲਗਾਏ ਜਾਣ ਤਾਂ ਏਅਰ ਕੰਡੀਸ਼ਨਡ (ਏ.ਸੀ.) ਬੱਸਾਂ ਵਿੱਚ ਹੀ ਲਗਾਏ ਜਾਣ ਅਤੇ ਵਿਦਿਆਰਥੀਆਂ ਨੂੰ ਭੋਜਨ ਅਤੇ ਪਾਣੀ ਵੀ ਮੁਹੱਈਆ ਕਰਵਾਇਆ ਜਾਵੇ।

ਵਾਈ ਐੱਫ ਸੀ ਕੰਪਿਊਟਰ ਸੈਂਟਰ ਰੁੜਕਾ ਕਲਾਂ ਦੀ ਮਦਦ

ਗੁਰਾਇਆ (ਬਿੰਦਰ ਸੁੰਮਨ): ਵਾਈ ਐਫ ਸੀ ਰੁੜਕਾ ਕਲਾਂ ਪਿਛਲੇ 22 ਸਾਲਾਂ ਤੋਂ ਬੱਚਿਆਂ ਅਤੇ ਨੌਜਵਾਨ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਯਤਨ ਕਰ ਰਹੀ ਹੈ। ਕਲੱਬ ਵੱਲੋਂ ਫੁੱਟਬਾਲ, ਰੈਸਲਿੰਗ, ਕ੍ਰਿਕਟ ਅਤੇ ਕਬੱਡੀ ਦੀ ਮੁਫਤ ਟਰੇਨਿੰਗ ਅਤੇ ਖੇਡ ਕਿੱਟਾਂ ਵੀ ਦਿੱਤੀਆਂ ਜਾਂਦੀਆਂ ਹਨ, ਇਸ ਦੇ ਨਾਲ ਹੀ ਬਾਬਾ ਭਾਈ ਸਾਧੂ ਜੀ ਇੰਸਟੀਚਿਊਟ ਆਫ ਕੰਪਿਊਟਰ ਐਂਡ ਵੋਕੇਸ਼ਨਲ ਐਜੂਕੇਸ਼ਨ ਸੈਂਟਰ ਚਲਾਇਆ ਜਾ ਰਿਹਾ ਹੈ, ਜਿੱਥੇ ਗਰੀਬ ਬੱਚਿਆਂ ਨੂੰ ਮੁਫਤ ਕਪਿੰਊਟਰ ਐਜੂਕੇਸ਼ਨ ਦਿੱਤੀ ਜਾਂਦੀ ਹੈ। ਕੰਪਿਊਟਰ ਸੈਂਟਰ ਦੇ ਹੈੱਡ ਕਿਰਨ ਕੁਮਾਰੀ ਨੇ ਦੱਸਿਆ ਕਿ ਇਸ ਤਹਿਤ ਕੰਪਿਊਟਰ ਸੈਂਟਰ ਨੂੰ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ (ਪੰਜਾਬ) ਵੱਲੋਂ ਪ੍ਰੋਜੈਕਟ ਹੋਪ ਦੇ ਅਧੀਨ ਗ੍ਰਾਂਟ ਦਿੱਤੀ ਗਈ ਹੈ। ਜਿਸ ਤਹਿਤ ਸੈਂਟਰ ਵਿੱਚ ਬੇਸਿਕ ਡਿਪਲੋਮਾ, ਪੀ.ਜੀ.ਡੀ.ਸੀ.ਏ, ਡੀ.ਆਈ.ਟੀ ਆਦਿ ਨਵੇਂ ਕੋਰਸ ਕਰਵਾਏ ਜਾਣਗੇ । ਪੀ.ਜੀ.ਡੀ.ਸੀ.ਏ ਦਾ ਇੱਕ ਸਾਲ ਦਾ ਕੋਰਸ ਕਰਵਾਇਆ ਜਾਂਦਾ ਹੈ ਜਿਸ ਵਿੱਚ ਬੱਚਿਆਂ ਨੂੰ ਕੰਪਿਊਟਰ ਐਪਲੀਕੇਸ਼ਨ ਜਿਵੇਂ ਵੈੱਬ ਡਿਜ਼ਾਈਨਿੰਗ, ਸੀ ਪਲਸ ਪਲਸ ਆਦਿ ਬਾਰੇ ਦੱਸਿਆ ਜਾਂਦਾ ਹੈ ਅਤੇ ਉਨ੍ਹਾਂ ਨੂੰ ਕੰਪਿਊਟਰ ਤੇ ਪ੍ਰੈਕਟੀਕਲ ਵੀ ਕਰਵਾਇਆ ਜਾਂਦਾ ਹੈ। ਜਿਸ ਵਿੱਚ 50 ਦੇ ਕਰੀਬ ਬੱਚੇ ਸਿੱਖਿਆ ਹਾਸਲ ਕਰ ਰਹੇ ਹਨ। ਇਸੇ ਤਰ੍ਹਾਂ ਤਿੰਨ ਮਹੀਨਿਆਂ ਦਾ ਕੰਪਿਊਟਰ ਦਾ ਬੇਸਿਕ ਕੋਰਸ ਅਤੇ ਇੱਕ ਸਾਲ ਦਾ ਡਿਪਲੋਮਾ ਆਫ ਇਨਫਰਮੇਸ਼ਨ ਟੈਕਨੋਲੋਜੀ ਕਰਵਾਇਆ ਜਾਂਦਾ ਹੈ।

ਇਹ ਸਾਰੇ ਕੋਰਸ ਲੜਕੇ ਅਤੇ ਲੜਕੀਆਂ ਨੂੰ ਮੁਫਤ ਕਰਵਾਏ ਜਾਂਦੇ ਹਨ।

ਬਿਜਲੀ ਘਰ ਕਲੋਨੀ 'ਚ ਗਲੀ ਦੀ ਉਸਾਰੀ ਦਾ ਕੰਮ ਸ਼ੁਰੂ

ਟਾਂਡਾ ਉੜਮੁੜ,(ਜਸਵਿੰਦਰ ਸੰਧੂ, ਉਂਕਾਰ ਸਿੰਘ)-ਨਗਰ ਕੌਂਸਲ ਟਾਂਡਾ ਉੜਮੁੜ ਦੀ ਵਾਰਡ ਨੰ: 5 ਬਿਜਲੀ ਘਰ ਕਲੋਨੀ ਵਿੱਚ 6 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਗਲੀ ਦੀ ਉਸਾਰੀ ਦਾ ਕੰਮ ਕੌਂਸਲਰ ਮੰਜੂ ਖੰਨਾ ਨੇ ਸ਼ੁਰੂ ਕਰਵਾਇਆ। ਇਸ ਮੌਕੇ ਮੈਡਮ ਖੰਨਾ ਨੇ ਉਸਾਰੀ ਦਾ ਕੰਮ ਕਰ ਰਹੇ ਠੇਕੇਦਾਰ ਨੂੰ ਉੱਚ ਪੱਧਰੀ ਉਸਾਰੀ ਦਾ ਕੰਮ ਕਰਨ ਲਈ ਕਿਹਾ। ਇਸ ਦੇ ਨਾਲ ਹੀ ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਚੱਲ ਰਹੇ ਨਿਰਮਾਣ ਕਾਰਜਾਂ ਦੀ ਨਿਗਰਾਨੀ ਕਰਨ ਦੀ ਅਪੀਲ ਵੀ ਕੀਤੀ ਤਾਂ ਜੋ ਉਸਾਰੀ ਦਾ ਸਹੀ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਵਾਰਡ ਦੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਲਗਾਤਾਰ ਕੀਤੇ ਜਾ ਰਹੇ ਹਨ।ਇਸ ਮੌਕੇ ਸਮਾਜ ਸੇਵੀ ਸੋਨੂੰ ਖੰਨਾ, ਜੱਸੀ, ਹਰਜੀਤ, ਰਮੇਸ, ਦੇਵਤਾ, ਬੌਬੀ, ਮਲਕੀਤ ਅਤੇ ਰਿੱਕੀ ਆਦਿ ਹਾਜਰ ਸਨ।

ਲਾਇਨਜ਼ ਕਲੱਬ ਵੱਲੋਂ ਹੱਡੀਆਂ ਦੀ ਘਣਤਾ ਜਾਂਚ ਕੈਂਪ

ਬਿਲਗਾ (ਵਿਜੇ ਕੁਮਾਰ)

ਲਾਇਨਜ ਕਲੱਬ ਬਿਲਗਾ ਆਸਥਾ ਵੱਲੋਂ ਗਾਰਡੀਅਨ ਹਸਪਤਾਲ ਜਲੰਧਰ ਦੇ ਸਹਿਯੋਗ ਨਾਲ ਐਸ.ਆਰ ਤਾਂਗੜੀ ਡੀ.ਏ.ਵੀ ਪਬਲਿਕ ਸਕੂਲ ਬਿਲਗਾ ਵਿਖੇ ਹੱਡੀਆਂ ਦੀ ਘਣਤਾ ਜਾਂਚ ਕੈਂਪ ਲਗਾਇਆ ਗਿਆ। 200 ਦੇ ਕਰੀਬ ਲੋਕਾਂ ਨੇ ਇਸ ਕੈਂਪ ਦਾ ਲਾਭ ਉਠਾਇਆ। ਚੈਕਅੱਪ ਦੇ ਨਾਲ ਮਰੀਜਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਕੈਂਪ ਦਾ ਉਦਘਾਟਨ ਲਾਇਨ ਡਾ.ਐਸ.ਕੇ.ਵਰਮਾ, ਡਾ: ਸੰਜੀਵ ਗੋਇਲ ਅਤੇ ਲਾਇਨ ਪ੍ਰਿੰਸੀਪਲ ਰਵੀ ਸ਼ਰਮਾਂ ਨੇ ਸਾਂਝੇ ਤੌਰ 'ਤੇ ਕੀਤਾ। ਡਾ: ਐਸ.ਕੇ.ਵਰਮਾ ਲਾਇਨਜ ਕਲੱਬ ਬਿਲਗਾ ਦੇ ਸੰਸਥਾਪਕ ਮੈਂਬਰ ਮੁੱਖ ਮਹਿਮਾਨ ਵਜੋਂ ਪਹੁੰਚੇ ਅਤੇ ਕਿਹਾ ਕਿ ਅੱਜ ਕੱਲ੍ਹ ਜ਼ਿਆਦਾਤਰ ਲੋਕ ਗੋਡਿਆਂ ਅਤੇ ਸਰਵਾਈਕਲ ਦੇ ਦਰਦ ਤੋਂ ਪੀੜਤ ਹਨ। ਇਸ ਮੌਕੇ ਜ਼ਿਲ੍ਹਾ ਚੇਅਰਮੈਨ ਲਾਇਨ ਵਿਜੇ ਕੁਮਾਰ, ਕੈਸ਼ੀਅਰ ਲਾਇਨ ਕਮਲਜੀਤ ਕਾਲੀਆ, ਕਲੱਬ ਪ੍ਰਧਾਨ ਲਾਇਨ ਪੁਸ਼ਕਰ ਅਰੋੜਾ, ਇਲੈਕਟ ਰਿਜਨ ਚੇਅਰਮੈਨ ਲਾਇਨ ਤੀਰਥ ਰਾਮ , ਇਲੈਕਟ ਪ੍ਰਧਾਨ ਲਾਇਨ ਸੁਖਰਾਮ, ਪੀ.ਆਰ.ਓ ਲਾਇਨ ਬਹਾਦਰ ਸਿੰਘ, ਇਲੈਕਟ ਸੈਕਟਰੀ ਲਾਇਨ ਭੁਪਿੰਦਰ ਕੁਮਾਰ ਕੈਂਥ, ਲਾਇਨ ਮੱਖਣ ਲਾਲ, ਲਾਇਨ ਕਸ਼ਮੀਰੀ ਲਾਲ, ਲਾਇਨ ਵਿਨੋਦ ਕੁਮਾਰ ਬੱਤਰਾ, ਲਾਇਨ ਮੂਲਰਾਜ, ਲਾਇਨ ਕਮਲਜੀਤ ਗਿੱਲ, ਲਾਇਨ ਦਲਬੀਰ ਸਿੰਘ, ਤਰਸੇਮ ਲਾਲ ਗੁਪਤਾ ਅਤੇ ਡਾ: ਜਸਵਿੰਦਰ ਸਿੰਘ ਆਦਿ ਹਾਜਰ ਸਨ ।

ਕੁੱਲ ਹਿੰਦ ਕਿਸਾਨ ਸਭਾ ਦਾ ਡੈਲੀਗੇਟ ਇਜਲਾਸ

ਮੋਹਾਲੀ - ਕੁੱਲ ਹਿੰਦ ਕਿਸਾਨ ਸਭਾ (1936) ਦੀ ਤਹਿਸੀਲ ਮੋਹਾਲੀ ਦਾ ਡੈਲੀਗੇਟ ਇਜਲਾਸ ਕੁਲਵੀਰ ਸਿੰਘ ਕਰਾਲਾ ਅਤੇ ਭਾਗਾ ਸਿੰਘ ਗੀਗੇ ਮਾਜਰਾ ਦੀ ਪ੍ਰਧਾਨਗੀ ਹੇਠ ਪਿੰਡ ਕਰਾਲਾ ਤਹਿ: ਤੇ ਜ਼ਿਲ੍ਹਾ ਮੋਹਾਲੀ ਵਿਖੇ ਹੋਇਆ। ਤਹਿਸੀਲ ਭਰ ਵਿੱਚੋਂ 50 ਡੈਲੀਗੇਟ ਹਾਜ਼ਰ ਹੋਏ । ਤਹਿਸੀਲ ਕਮੇਟੀ ਦਾ ਇਜਲਾਸ ਜਸਪਾਲ ਸਿੰਘ ਦੱਪਰ ਵਕੀਲ ਜ਼ਿਲ੍ਹਾ ਪ੍ਰਧਾਨ ਕੁੱਲ ਹਿੰਦ ਕਿਸਾਨ ਸਭਾ ਮੋਹਾਲੀ ਦੀ ਦੇਖ ਰੇਖ ਵਿੱਚ ਹੋਇਆ, ਜਿਸ ਵਿੱਚ ਜਸਪਾਲ ਸਿੰਘ ਦੱਪਰ ਨੇ ਪ੍ਰਧਾਨਗੀ ਭਾਸ਼ਨ ਦਿੱਤਾ। ਕਿਸਾਨੀ ਮਸਲਿਆਂ ਉਤੇ ਵਿਚਾਰ ਕੀਤੀ ਗਈ। ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦੀ ਨਿਖੇਧੀ ਕੀਤੀ ਗਈ । ਇਹ ਫੈਸਲਾ ਕੀਤਾ ਗਿਆ ਕਿ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਦੇਸ਼ ਦੀਆਂ ਧੀਆਂ (ਪਹਿਲਵਾਨ ਕੁੜੀਆਂ) ਵੱਲੋਂ ਜੰਤਰ ਮੰਤਰ ਦਿੱਲੀ ਵਿਖੇ ਦਿੱਤੇ ਜਾ ਰਹੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਸਰਬ ਸੰਮਤੀ ਨਾਲ 11 ਮੈਂਬਰੀ ਤਹਿਸੀਲ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਸਤਵਿੰਦਰ ਸਿੰਘ ਨੰਬਰਦਾਰ ਕਰਾਲਾ ਪ੍ਰਧਾਨ, ਜਸ਼ਨਪ੍ਰੀਤ ਸਿੰਘ, ਕੁਲਵਿੰਦਰ ਸਿੰਘ ਖਾਸਪੁਰ ਮੀਤ ਪ੍ਰਧਾਨ, ਦਵਿੰਦਰ ਸਿੰਘ ਰਾਜੇਮਾਜਰਾ ਸਕੱਤਰ, ਗੁਰਦੀਪ ਸਿੰਘ ਸਰਪੰਚ, ਜਗਤਾਰ ਸਿੰਘ ਮੋਟੇਮਾਜਰਾ ਜਨਰਲ ਸਕੱਤਰ, ਕੁਲਵਿੰਦਰ ਸਿੰਘ ਢਿੱਲੋਂ ਤੇ ਕੁਲਵੀਰ ਕਰਾਲਾ ਖਜ਼ਾਨਚੀ ਚੁਣੇ ਗਏ। ਇਜਲਾਸ ਸੁਰਿੰਦਰ ਜੜੌਤ ਵੱਲੋਂ ਸਭ ਸਾਥੀਆਂ ਦੇ ਧੰਨਵਾਦ ਨਾਲ ਸੰਪੰਨ ਹੋਇਆ ।

ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ

ਆਦਮਪੁਰ (ਪਰਮਜੀਤ ਸਿੰਘ):- ਗੁਰਦੁਆਰਾ ਸ਼ਹੀਦ ਗੰਜ ਸਾਹਿਬ ਪਿੰਡ ਸਲਾਲਾ ਵਿਖੇ ਸਿੱਖ ਪੰਥ ਦੇ ਪਹਿਲੇ ਮਹਾਨ ਸ਼ਹੀਦ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਬਹੁਤ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਤੋਂ ਉਪਰੰਤ ਕੀਰਤਨ ਭਾਈ ਪਰਮਿੰਦਰ ਸਿੰਘ ਖੋਜਕੀਪੁਰ ਵਾਲਿਆਂ ਦੇ ਜਥੇ ਵਲੋਂ ਕੀਤਾ ਗਿਆ ਅਤੇ ਸਾਰੀ ਸੰਗਤ ਦੇ ਸਹਿਯੋਗ ਨਾਲ ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ, ਛੋਲੇ ਅਤੇ ਹਲਵੇ ਦਾ ਲੰਗਰ ਵੀ ਵਰਤਾਇਆ ਗਿਆ। ਪ੍ਰਬੰਧਕ ਕਮੇਟੀ ਮੈਂਬਰਾਂ ਜਰਨੈਲ ਸਿੰਘ, ਕੁਲਦੀਪ ਸਿੰਘ, ਸਰਬਜੀਤ ਸਿੰਘ, ਦਲਵੀਰ ਸਿੰਘ, ਦਵਿੰਦਰ ਸਿੰਘ, ਰਵਿੰਦਰ ਸਿੰਘ, ਸਤਨਾਮ ਸਿੰਘ, ਦੌਲਤ ਸਿੰਘ, ਬਲਵੀਰ ਸਿੰਘ,ਸੋਹਣ ਸਿੰਘ ਅਤੇ ਸਮੁੱਚੀ ਨੌਜਵਾਨ ਸਭਾ ਵਲੋਂ ਬੜੀ ਸਰਧਾ ਨਾਲ ਸੇਵਾ ਕੀਤੀ ਗਈ ਅਤੇ ਰਾਜਿੰਦਰ ਸਿੰਘ ਮੰਗੀ, ਅਵਤਾਰ ਸਿੰਘ ਨੰਬਰਦਾਰ, ਕਮਲਜੀਤ ਸਿੰਘ, ਬਿੰਦਾ, ਜੱਗੀ , ਮਿੰਦਰ ,ਵਿੱਕੀ, ਚੋਪੜਾ, ਰਾਜਨ, ਕਰਨ, ਸੋਨੂੰ,ਅਮਨਾ ਗੱਗੀ,ਰਵੀ ,ਮਨਜੀਤ ਸਿੰਘ, ਅਤੇ ਹੋਰ ਬਹੁਤ ਸਾਰੇ ਸੇਵਾਦਾਰਾਂ ਨੇ ਸ਼ਾਮ ਤੱਕ ਛਬੀਲ ਤੇ ਲੰਗਰ ਦੀ ਸੇਵਾ ਕੀਤੀ । ਅੰਤ ਵਿਚ ਪ੍ਰਬੰਧਕ ਕਮੇਟੀ ਪ੍ਰਧਾਨ ਅਮਨਦੀਪ ਸਿੰਘ ਢਿੱਲੋਂ ਸਲਾਲਾ ਅਤੇ ਰਾਕੇਸ਼ ਕੁਮਾਰ ਦਵਿੰਦਰ ਸਿੰਘ ਨੇ ਸੰਗਤ ਦਾ ਧੰਨਵਾਦ ਕੀਤਾ।

ਬ੍ਰਹਮਲੀਨ ਸੰਤ ਪਰਮਾਨੰਦ ਦੀ ਯਾਦ 'ਚ ਸਾਲਾਨਾ ਸਮਾਗਮ

ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ) ਮਹਾਨ ਤਪੱਸਵੀ ਬ੍ਰਹਮਲੀਨ 108 ਸੰਤ ਪਰਮਾਨੰਦ ਦੀ ਯਾਦ ਵਿਚ